


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA | ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 84 Chief Editor : Chowdhary Prabhjit Singh, Editor : Chhatarpal Singh 98146-32807, Tuesday 15 September 2026 Price : 2 Rs. Page : 6

## ਅਮਰੀਕਾ-ਇਜ਼ਰਾਈਲ ਦੇ ਦਬਾਅ ਅੱਗੇ ਨਹੀਂ ਝੁਕੇਗਾ ਈਰਾਨ: ਪੇਜਾਸ਼ਕੀਆਂਨ

### ਭਾਰਤ ਪਹੁੰਚੇ ਈਰਾਨੀ ਰਾਸ਼ਟਰਪਤੀ ਦਾ ਸਖ਼ਤ ਸੰਦੇਸ਼; ਕਿਹਾ ਰਾਸ਼ਟਰੀ ਖੁਦਮੁਖਤਿਆਰੀ ਅਤੇ ਸੁਰੱਖਿਆ ਨਾਲ ਸਮਝੌਤਾ ਨਹੀਂ

**ਨਵੀਂ ਦਿੱਲੀ, 14 ਸਤੰਬਰ (ਗੁਰਮੀਤ ਸਿੰਘ ਤੁੰਗ)** : ਪਿਛਲੇ ਦਿਨੀ ਸ਼ਨੀਵਾਰ ਨੂੰ ਬ੍ਰਿਕਸ ਸੰਮੇਲਨ ਦੌਰਾਨ ਹਿੱਸਾ ਲੈਣ ਲਈ ਭਾਰਤ ਪਹੁੰਚੇ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜਾਸ਼ਕੀਆਂਨ ਨੇ ਕਿਹਾ ਹੈ ਕਿ ਈਰਾਨ ਅਮਰੀਕਾ ਅਤੇ ਇਜ਼ਰਾਈਲ ਦੇ ਦਬਾਅ ਜਾਂ ਧਮਕੀਆਂ ਅੱਗੇ ਝੁਕਣ ਵਾਲਾ ਨਹੀਂ। ਨਵੀਂ ਦਿੱਲੀ ਵਿੱਚ ਧਾਰਮਿਕ ਆਗੂਆਂ, ਬੁੱਧੀਜੀਵੀਆਂ, ਅਕਾਦਮਿਕ ਹਸਤੀਆਂ ਅਤੇ ਕਾਰੋਬਾਰੀ ਪ੍ਰਤੀਨਿਧੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਈਰਾਨ ਆਪਣੀ ਕੌਮੀ ਖੁਦਮੁਖਤਿਆਰੀ, ਸੁਰੱਖਿਆ ਅਤੇ ਰਾਸ਼ਟਰੀ ਹਿੱਤਾਂ ਦੀ ਰੱਖਿਆ ਲਈ ਡਟਿਆ ਰਹੇਗਾ। ਪੇਜਾਸ਼ਕੀਆਂਨ ਨੇ ਅਮਰੀਕਾ ਅਤੇ ਇਜ਼ਰਾਈਲ 'ਤੇ ਈਰਾਨ ਨੂੰ ਦਬਾਉਣ ਅਤੇ ਖੇਤਰੀ ਤਣਾਅ ਵਧਾਉਣ ਦੇ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਈਰਾਨ ਨੂੰ ਧਮਕਾਉਣ ਦੀ ਕੋਸ਼ਿਸ਼ ਸਫਲ ਨਹੀਂ ਹੋਵੇਗੀ ਅਤੇ ਕਿਸੇ ਵੀ ਹਮਲੇ ਦਾ ਜਵਾਬ ਦੇਣ ਦੀ ਸਮਰੱਥਾ ਉਸ ਕੋਲ ਹੈ। ਹਾਲਾਂਕਿ, ਹਮਲਿਆਂ ਅਤੇ ਨੁਕਸਾਨ ਸਬੰਧੀ ਕੁਝ ਦਾਅਵਿਆਂ ਦੀ ਸੁਤੰਤਰ ਪੁਸ਼ਟੀ ਹਰ ਮਾਮਲੇ ਵਿੱਚ ਉਪਲਬਧ ਨਹੀਂ ਹੈ। ਮੋਦੀ ਨਾਲ ਮੁਲਾਕਾਤ, ਖੇਤਰੀ ਸਥਿਤੀ 'ਤੇ ਚਰਚਾ: ਭਾਰਤ ਦੌਰੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੇਜਾਸ਼ਕੀਆਂਨ ਨਾਲ ਮੁਲਾਕਾਤ ਕੀਤੀ। ਦੋਵਾਂ ਆਗੂਆਂ ਨੇ ਪੱਛਮੀ ਏਸ਼ੀਆ ਦੀ ਸਥਿਤੀ, ਖੇਤਰੀ ਸਥਿਰਤਾ, ਸਮੁੰਦਰੀ ਸੁਰੱਖਿਆ ਅਤੇ ਭਾਰਤ-ਈਰਾਨ ਸੰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਦਾ ਰੁਖ ਦੁਹਰਾਇਆ ਕਿ ਖੇਤਰੀ ਵਿਵਾਦਾਂ ਦਾ ਹੱਲ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਸਮੁੰਦਰੀ ਮਾਰਗਾਂ ਦੀ ਆਜ਼ਾਦੀ, ਵਪਾਰਕ ਜਹਾਜ਼ਾਂ ਦੀ ਸੁਰੱਖਿਆ ਅਤੇ ਸਮੁੰਦਰੀ ਕਰਮਚਾਰੀਆਂ ਦੀ ਰੱਖਿਆ 'ਤੇ ਵੀ ਜ਼ੋਰ ਦਿੱਤਾ। ਹੋਰਮੁਜ਼ ਦੀ ਖਾੜੀ 'ਤੇ ਦੁਨੀਆ ਦੀ ਨਜ਼ਰ: ਪੱਛਮੀ ਏਸ਼ੀਆ ਦੇ ਤਣਾਅ ਵਿੱਚ ਹੋਰਮੁਜ਼ ਦੀ ਖਾੜੀ ਸਭ ਤੋਂ ਅਹਿਮ ਮਸਲਾ ਬਣੀ ਹੋਈ ਹੈ। ਇਹ ਮਾਰਗ ਵਿਸ਼ਵ ਊਰਜਾ ਵਪਾਰ ਲਈ ਬਹੁਤ ਮਹੱਤਵਪੂਰਨ ਹੈ। ਇੱਥੇ ਜਹਾਜ਼ਰਾਨੀ ਪ੍ਰਭਾਵਿਤ ਹੋਣ ਨਾਲ ਕੱਚੇ ਤੇਲ ਦੀਆਂ ਕੀਮਤਾਂ, ਬੀਮਾ ਖਰਚੇ ਅਤੇ ਵਿਸ਼ਵ ਸਪਲਾਈ ਲੜੀ 'ਤੇ ਅਸਰ ਪੈ ਸਕਦਾ ਹੈ। ਈਰਾਨ ਦਾ ਦਾਅਵਾ ਹੈ ਕਿ ਉਹ ਆਪਣੀ ਰੱਖਿਆ ਕਰ ਰਿਹਾ ਹੈ ਅਤੇ ਸੰਘਰਸ਼ ਦੀ ਸ਼ੁਰੂਆਤ ਕਰਨ ਵਾਲਾ ਪੱਖ ਨਹੀਂ। ਦੂਜੇ ਪਾਸੇ, ਅਮਰੀਕਾ ਅਤੇ ਇਜ਼ਰਾਈਲ ਈਰਾਨ ਦੀਆਂ ਸੈਨਿਕ ਅਤੇ ਖੇਤਰੀ ਗਤੀਵਿਧੀਆਂ ਨੂੰ ਆਪਣੇ ਲਈ ਖ਼ਤਰਾ ਦੱਸਦੇ ਹਨ।

ਬ੍ਰਿਕਸ ਰਾਹੀਂ ਵਿਕਲਪਕ ਸਹਿਯੋਗ ਦੀ ਕੋਸ਼ਿਸ਼: ਅਮਰੀਕੀ ਪਾਬੰਦੀਆਂ ਦਾ ਸਾਹਮਣਾ ਕਰ ਰਹੇ ਈਰਾਨ ਲਈ ਬ੍ਰਿਕਸ ਆਰਥਿਕ ਅਤੇ ਕੂਟਨੀਤਕ ਸਹਿਯੋਗ ਦਾ ਮਹੱਤਵਪੂਰਨ ਮੰਚ ਹੈ। ਸਥਾਨਕ ਮੁਦਰਾਵਾਂ ਵਿੱਚ ਵਪਾਰ ਅਤੇ ਵਿਕਲਪਕ ਭੁਗਤਾਨ ਪ੍ਰਣਾਲੀਆਂ ਰਾਹੀਂ ਈਰਾਨ ਪੱਛਮੀ ਵਿੱਤੀ ਪ੍ਰਣਾਲੀ 'ਤੇ ਆਪਣੀ ਨਿਰਭਰਤਾ ਘਟਾਉਣਾ ਚਾਹੁੰਦਾ ਹੈ। ਭਾਰਤ ਲਈ ਈਰਾਨ ਨਾਲ ਸੰਬੰਧ ਰਣਨੀਤਕ ਤੌਰ 'ਤੇ ਮਹੱਤਵਪੂਰਨ ਹਨ। ਚਾਬਹਾਰ ਬੰਦਰਗਾਹ ਭਾਰਤ ਨੂੰ ਮੱਧ ਏਸ਼ੀਆ ਅਤੇ ਅਫ਼ਗਾਨਿਸਤਾਨ ਤੱਕ ਪਹੁੰਚ ਦਾ ਰਸਤਾ ਦਿੰਦੀ ਹੈ। ਇਸ ਦੇ ਨਾਲ ਹੀ ਭਾਰਤ ਦੇ ਅਮਰੀਕਾ, ਇਜ਼ਰਾਈਲ ਅਤੇ ਖਾੜੀ ਦੇਸ਼ਾਂ ਨਾਲ ਵੀ ਮਹੱਤਵਪੂਰਨ ਸੰਬੰਧ ਹਨ। ਇਸ ਲਈ ਨਵੀਂ ਦਿੱਲੀ ਨੂੰ ਕੂਟਨੀਤਕ ਸੰਤੁਲਨ ਬਣਾਈ ਰੱਖਣਾ ਪਵੇਗਾ। ਪੇਜਾਸ਼ਕੀਆਂਨ ਦਾ ਭਾਰਤ ਤੋਂ ਦਿੱਤਾ ਗਿਆ ਬਿਆਨ ਈਰਾਨ ਦੀ ਸਖ਼ਤ ਨੀਤੀ ਦਾ ਸੰਕੇਤ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਈਰਾਨ ਦਬਾਅ ਅੱਗੇ ਸਮਰਪਣ ਨਹੀਂ ਕਰੇਗਾ। ਹੁਣ ਦੁਨੀਆ ਦੀ ਨਜ਼ਰ ਇਸ ਗੱਲ 'ਤੇ ਹੈ ਕਿ ਇਹ ਟਕਰਾਅ ਹੋਰ ਵਧਦਾ ਹੈ ਜਾਂ ਭਾਰਤ ਵਰਗੇ ਦੇਸ਼ਾਂ ਦੀ ਕੂਟਨੀਤਕ ਕੋਸ਼ਿਸ਼ਾਂ ਰਾਹੀਂ ਗੱਲਬਾਤ ਦਾ ਰਸਤਾ ਖੁੱਲ੍ਹਦਾ ਹੈ।

## ਜ਼ਿਆਦਾਤਰ ਨਸ਼ਾ ਗੁਜਰਾਤ ਤੋਂ ਆਉਂਦਾ ਪਰ ਕੇਂਦਰ ਵੱਲੋਂ ਪੰਜਾਬ ਨੂੰ ਬਦਨਾਮ ਕੀਤਾ ਜਾਂਦਾ : ਭਗਵੰਤ ਮਾਨ

**ਚੰਡੀਗੜ੍ਹ 14 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀਜੀਪੀ ਗੌਰਵ ਯਾਦਵ ਨੇ ਚੰਡੀਗੜ੍ਹ ਵਿਖੇ ਇੱਕ ਅਹਿਮ ਪ੍ਰੈੱਸ ਕਾਨਫਰੰਸ ਦੌਰਾਨ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ, ਗੈਂਗਸਟਰਾਂ ਅਤੇ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੇ ਅੰਕੜੇ ਸਾਂਝੇ ਕੀਤੇ। ਵਿਰੋਧੀ ਧਿਰਾਂ ਦੇ ਦੋਸ਼ਾਂ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਸਰਹੱਦ ਪਾਰ ਤੋਂ ਪੰਜਾਬ ਦੇ ਅਮਨ-ਚੈਨ ਨੂੰ ਭੰਗ ਕਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਹੁੰਦੀਆਂ ਹਨ, ਪਰ ਪੰਜਾਬ ਪੁਲਿਸ ਐਂਟੀ-ਡ੍ਰੋਨ ਅਤੇ ਜੀਪੀਐੱਸ ਵਰਗੇ ਆਧੁਨਿਕ ਸਿਸਟਮਾਂ ਨਾਲ ਮੁਸਤੈਦ ਹੈ।



ਮੁੱਖ ਮੰਤਰੀ ਭਗਵੰਤ ਮਾਨ ਨੇ ਦੱਸਿਆ ਕਿ ਪੁਲਿਸ ਨੇ ਵਿਦੇਸ਼ਾਂ ਵਿੱਚ ਬੈਠੇ ਅਪਰਾਧੀਆਂ ਨੂੰ ਵਾਪਸ ਲਿਆਉਣ ਲਈ ਰੈੱਡ ਕਾਰਨਰ ਨੋਟਿਸ ਜਾਰੀ ਕੀਤੇ ਹਨ। ਹਾਲ ਹੀ ਵਿੱਚ ਅੰਮ੍ਰਿਤ ਡੱਲਮ ਨੂੰ ਵਿਦੇਸ਼ ਤੋਂ ਵਾਪਸ ਲਿਆ ਕੇ ਇੱਕ ਵੱਡੀ ਵਾਰਦਾਤ ਨੂੰ ਨਿਸ਼ਾਨਾ ਬਣਾਉਣ ਤੋਂ ਪਹਿਲਾਂ ਹੀ ਨਾਕਾਮ ਕੀਤਾ ਗਿਆ, ਜਿਸ ਦੌਰਾਨ ਹੋਏ ਐਨਕਾਊਂਟਰ 'ਚ ਉਹ ਮਾਰਿਆ ਗਿਆ। ਨਸ਼ਿਆਂ ਦੇ ਮੁੱਦੇ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਜ਼ਿਆਦਾਤਰ ਨਸ਼ਾ ਗੁਜਰਾਤ ਪੋਰਟ ਅਤੇ ਸਰਹੱਦ ਪਾਰ ਤੋਂ ਆਉਂਦਾ ਹੈ, ਪਰ ਕੇਂਦਰ ਵੱਲੋਂ ਪੰਜਾਬ ਨੂੰ ਬਦਨਾਮ ਕੀਤਾ ਜਾਂਦਾ ਹੈ। ਦੇਸ਼ ਵਿੱਚ NDPS ਮਾਮਲਿਆਂ ਦੀ 66% ਰਿਕਵਰੀ ਇਕੱਲੇ ਪੰਜਾਬ ਵਿੱਚ ਹੁੰਦੀ ਹੈ। ਉਨ੍ਹਾਂ ਬਿਜਲੀ ਸੰਕਟ ਬਾਰੇ ਆਖਿਆ ਕਿ ਝਾਰਖੰਡ ਤੋਂ ਕੋਲੇ ਦੀ ਮਨਜ਼ੂਰੀ ਮਿਲਣ ਨਾਲ ਬੰਦ ਪਏ ਥਰਮਲ ਯੂਨਿਟ ਸ਼ੁਰੂ ਹੋ ਜਾਣਗੇ ਅਤੇ ਬਿਜਲੀ ਦੀ ਸਮੱਸਿਆ ਜਲਦ ਹੱਲ ਹੋ ਜਾਵੇਗੀ ਗੈਂਗਸਟਰਾਂ ਵਿਰੁੱਧ ਕਾਰਵਾਈ: ਮਾਰਚ 2022 ਤੋਂ ਹੁਣ ਤੱਕ 3,171 ਗੈਂਗਸਟਰ ਗ੍ਰਿਫ਼ਤਾਰ ਕੀਤੇ ਗਏ, 1,134 ਗੈਂਗਾਂ ਦਾ ਪਰਦਾਫਾਸ਼ ਕੀਤਾ ਗਿਆ ਅਤੇ 719 ਵਾਹਨ ਜ਼ਬਤ ਕੀਤੇ ਗਏ। ਇਨਾਮੀ 28 ਗੈਂਗਸਟਰਾਂ ਸਮੇਤ 18 ਅਪਰਾਧੀਆਂ ਨੂੰ ਵਿਦੇਸ਼ਾਂ ਤੋਂ ਵਾਪਸ ਲਿਆਂਦਾ ਗਿਆ ਹੈ। ਦਹਿਸ਼ਤਗਰਦੀ ਵਿਰੁੱਧ ਸਫ਼ਲਤਾ: 53 ਟੈਰਰ ਮੋਡਿਊਲ ਭੰਗ ਕੀਤੇ ਗਏ, 92 ਅੱਤਵਾਦੀ ਮੋਡਿਊਲ ਨਾਲ ਜੁੜੇ 686 ਵਿਅਕਤੀ ਗ੍ਰਿਫ਼ਤਾਰ ਕੀਤੇ ਗਏ। ਇਸ ਦੌਰਾਨ 54 AK-47, 600 ਪਿਸਤੌਲ, 38 IEDs ਅਤੇ 952 ਡਰੋਨ ਬਰਾਮਦ ਕੀਤੇ ਗਏ।

ਨਸ਼ਾ ਵਿਰੋਧੀ ਅਭਿਆਨ (ANTF): ਮਾਰਚ 2025 ਤੋਂ ਸ਼ੁਰੂ ਪ੍ਰੋਗਰਾਮ ਤਹਿਤ 60,EH 569Rs ਦਰਜ ਕਰਕੇ 80,000 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਵਿੱਚ 708 ਵੱਡੇ ਤਸਕਰ ਸ਼ਾਮਲ ਹਨ।

ਨਸ਼ਿਆਂ ਦੀ ਬਰਾਮਦਗੀ: 3,803 ਕਿੱਲੋ ਹੈਰੋਇਨ, 976 ਕਿੱਲੋ ਅਫ਼ੀਮ ਅਤੇ 78 ਲੱਖ ਨਸ਼ੀਲੇ ਕੈਪਸੂਲ ਬਰਾਮਦ ਕੀਤੇ ਗਏ। ਜਾਇਦਾਦ ਜ਼ਬਤੀ ਅਤੇ ਸਜ਼ਾ ਦਰ: 914 ਤਸਕਰਾਂ ਦੀ 366 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ। ਪੰਜਾਬ ਵਿੱਚ ਨਸ਼ਾ ਤਸਕਰਾਂ ਨੂੰ ਸਜ਼ਾ ਦਿਵਾਉਣ ਦੀ ਦਰ (Conviction Rate) 89% ਤੱਕ ਪਹੁੰਚ ਗਈ ਹੈ।

## ਮਹਿਲਾ ਏਸ਼ੀਆ ਕੱਪ ਜਿੱਤਣ 'ਤੇ ਟੀਮ ਇੰਡੀਆ ਨੂੰ ਵਧਾਈਆਂ, ਮੋਦੀ ਤੇ ਰਾਸ਼ਟਰਪਤੀ ਮੁਰਮੂ ਨੇ ਕਿਹਾ 'ਭਾਰਤੀ ਕ੍ਰਿਕਟ ਲਈ ਮਾਣ ਵਾਲਾ ਪਲ'



**ਨਵੀਂ ਦਿੱਲੀ, 14 ਸਤੰਬਰ**
**-ਗੁਰਮੀਤ ਸਿੰਘ ਤੁੰਗ-**

: ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਸ਼੍ਰੀਲੰਕਾ ਨੂੰ 72 ਦੌੜਾਂ ਨਾਲ ਹਰਾ ਕੇ ਮਹਿਲਾ "20 ਏਸ਼ੀਆ ਕੱਪ 2026 ਦਾ ਖਿਤਾਬ ਜਿੱਤ ਲਿਆ। ਇਸ ਨਾਲ ਹਰਮਨਪ੍ਰੀਤ ਕੌਰ ਦੀ ਅਗਵਾਈ ਵਾਲੀ ਟੀਮ ਨੇ ਰਿਕਾਰਡ 8ਵੀਂ ਵਾਰ ਏਸ਼ੀਆ ਕੱਪ ਆਪਣੇ ਨਾਮ ਕੀਤਾ। ਭਾਰਤ ਪੂਰੇ ਟੂਰਨਾਮੈਂਟ ਦੌਰਾਨ ਅਜੇਤੂ ਰਿਹਾ। ਫਾਈਨਲ ਵਿੱਚ ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 183/5 ਦਾ ਮਜ਼ਬੂਤ ਸਕੋਰ ਬਣਾਇਆ। ਸਮ੍ਰਿਤੀ ਮੰਧਾਨਾ ਅਤੇ ਸ਼ਫਾਲੀ ਵਰਮਾ ਸਮੇਤ ਬੱਲੇਬਾਜ਼ਾਂ ਨੇ ਮਹੱਤਵਪੂਰਨ ਯੋਗਦਾਨ ਦਿੱਤਾ। ਜਵਾਬ ਵਿੱਚ ਸ਼੍ਰੀਲੰਕਾ ਦੀ ਟੀਮ 111 ਦੌੜਾਂ 'ਤੇ ਸਿਮਟ ਗਈ ਅਤੇ ਭਾਰਤ ਨੇ 72 ਦੌੜਾਂ ਨਾਲ ਸ਼ਾਨਦਾਰ ਜਿੱਤ ਦਰਜ ਕੀਤੀ।

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ— ਭਾਰਤੀ ਕ੍ਰਿਕਟ ਲਈ ਮਾਣ ਵਾਲਾ ਪਲ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟੀਮ ਨੂੰ ਵਧਾਈ ਦਿੰਦਿਆਂ ਇਸ ਜਿੱਤ ਨੂੰ ਭਾਰਤੀ ਕ੍ਰਿਕਟ ਲਈ ਮਾਣ ਵਾਲਾ ਪਲ ਦੱਸਿਆ।

ਉਨ੍ਹਾਂ ਕਿਹਾ ਕਿ ਟੀਮ ਦੇ ਆਤਮਵਿਸ਼ਵਾਸ, ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਅਤੇ ਜਜ਼ਬੇ ਨੇ ਪੂਰੇ ਟੂਰਨਾਮੈਂਟ ਦੌਰਾਨ ਆਪਣੀ ਛਾਪ ਛੱਡੀ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਜਿੱਤ ਦੇਸ਼ ਦੇ ਲੱਖਾਂ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਅਤੇ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕਰੇਗੀ।

ਰਾਸ਼ਟਰਪਤੀ ਮੁਰਮੂ ਨੇ ਵੀ ਦਿੱਤੀ ਵਧਾਈ: ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਵੀ ਟੀਮ ਇੰਡੀਆ ਦੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਭਾਰਤੀ ਟੀਮ ਨੇ ਪੂਰੇ ਟੂਰਨਾਮੈਂਟ ਵਿੱਚ ਇੱਕਜੁੱਟ ਟੀਮ ਵਜੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਸਾਰੇ ਮੈਚ ਜਿੱਤੇ। ਉਨ੍ਹਾਂ ਖਿਡਾਰਨਾਂ ਨੂੰ ਦੇਸ਼ ਲਈ ਮਾਣ ਦਾ ਸਰੋਤ ਦੱਸਦਿਆਂ ਖਾਸ ਤੌਰ 'ਤੇ ਦੇਸ਼ ਦੀਆਂ ਧੀਆਂ ਅਤੇ ਨੌਜਵਾਨਾਂ ਲਈ ਪ੍ਰੇਰਣਾ ਕਰਾਰ ਦਿੱਤਾ।

ਮਹਿਲਾ ਕ੍ਰਿਕਟ ਲਈ ਵੱਡਾ ਪ੍ਰਭਾਵ: ਇਹ ਜਿੱਤ ਸਿਰਫ਼ ਇੱਕ ਹੋਰ ਏਸ਼ੀਆ ਕੱਪ ਖਿਤਾਬ ਨਹੀਂ, ਸਗੋਂ ਭਾਰਤ ਵਿੱਚ ਮਹਿਲਾ ਕ੍ਰਿਕਟ ਦੀ ਵਧਦੀ ਤਾਕਤ ਅਤੇ ਲੋਕਪ੍ਰਿਯਤਾ ਦਾ ਪ੍ਰਤੀਕ ਵੀ ਹੈ। ਅਜੇਤੂ ਰਹਿ ਕੇ ਖਿਤਾਬ ਜਿੱਤਣ ਨਾਲ ਟੀਮ ਦੇ ਆਤਮਵਿਸ਼ਵਾਸ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਦੇਸ਼ ਦੀਆਂ ਨੌਜਵਾਨ ਲੜਕੀਆਂ ਨੂੰ ਕ੍ਰਿਕਟ ਸਮੇਤ ਹੋਰ ਖੇਡਾਂ ਵਿੱਚ ਅੱਗੇ ਆਉਣ ਲਈ ਪ੍ਰੇਰਣਾ ਮਿਲੇਗੀ। ਭਾਰਤ ਦੀ ਇਹ 8ਵੀਂ ਏਸ਼ੀਆ ਕੱਪ ਜਿੱਤ ਮਹਿਲਾ ਕ੍ਰਿਕਟ ਦੇ ਇਤਿਹਾਸ ਵਿੱਚ ਇੱਕ ਹੋਰ ਸੁਨਹਿਰਾ ਅਧਿਆਇ ਜੋੜਦੀ ਹੈ।

## ਅੱਜ ਤੋਂ ਪੰਜਾਬ 'ਚ ਨਹੀਂ ਲੱਗਣਗੇ ਲੰਬੇ ਬਿਜਲੀ ਕੱਟ: ਸੌਂਦ

**ਲੁਧਿਆਣਾ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਲੁਧਿਆਣਾ ਵਿਖੇ ਬਿਜਲੀ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਦਾਅਵਾ ਕੀਤਾ ਹੈ ਕਿ ਪੰਜਾਬ ਵਿੱਚ ਹੁਣ ਬਿਜਲੀ ਦੇ ਲੰਬੇ ਕੱਟ ਨਹੀਂ ਲੱਗਣਗੇ ਅਤੇ ਅੱਜ 15 ਸਤੰਬਰ ਤੋਂ ਕੱਟ ਲੱਗਣੇ ਬੰਦ ਹੋ ਜਾਣਗੇ।



ਉਨ੍ਹਾਂ ਦੱਸਿਆ ਕਿ ਸਰਕਾਰ ਨੇ ਪ੍ਰਾਈਵੇਟ ਬਿਜਲੀ ਪਲਾਂਟ ਵੀ ਠੀਕ ਕਰਵਾ ਲਏ ਹਨ, ਜਿਸ ਲਈ ਕਰੀਬ 200 ਸਰਕਾਰੀ ਮੁਲਾਜ਼ਮਾਂ ਦੀ ਡਿਊਟੀ ਲਗਾਈ ਗਈ ਸੀ।

ਮੰਤਰੀ ਨੇ ਆਖਿਆ ਕਿ ਕਿਸਾਨਾਂ ਨੂੰ ਪਹਿਲਾਂ ਦੇ ਮੁਕਾਬਲੇ ਵਧੇਰੇ ਬਿਜਲੀ ਦਿੱਤੀ ਜਾ ਰਹੀ ਹੈ ਅਤੇ ਹੁਣ 8 ਘੰਟੇ ਦੀ ਬਜਾਏ 10 ਘੰਟੇ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਬਿਜਲੀ ਦੀ ਮੰਗ ਵਿੱਚ 3,500 ਮੈਗਾਵਾਟ ਦਾ ਵਾਧਾ ਦਰਜ ਕੀਤਾ ਗਿਆ ਹੈ। ਦੂਜੇ ਪਾਸੇ, ਸੂਬੇ ਵਿੱਚ ਬਿਜਲੀ ਦੀ ਮੰਗ ਲਗਾਤਾਰ 16 ਹਜ਼ਾਰ ਮੈਗਾਵਾਟ ਤੋਂ ਪਾਰ ਬਣੀ ਹੋਈ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪਾਵਰਕੌਮ) ਇਸ ਸਮੇਂ ਵੱਖ-ਵੱਖ ਸਰੋਤਾਂ ਤੋਂ ਬਿਜਲੀ ਉਤਪਾਦਨ ਕਰਵਾ ਰਿਹਾ ਹੈ। ਕੋਲੇ ਦੀ ਘਾਟ ਕਾਰਨ ਕੁੱਲ ਉਤਪਾਦਨ 5,743 ਮੈਗਾਵਾਟ ਤੱਕ ਹੀ ਪਹੁੰਚ ਸਕਿਆ ਹੈ। ਮੰਗ ਪੂਰੀ ਕਰਨ ਲਈ ਪੀ.ਐੱਸ.ਪੀ.ਸੀ.ਐੱਲ. ਨੂੰ ਕੇਂਦਰੀ ਪੂਲ ਉੱਤੇ ਨਿਰਭਰ ਰਹਿਣਾ ਪੈ ਰਿਹਾ ਹੈ।

## ਭਾਰਤ ਦੀ ਤਰੱਕੀ ਦੇ ਪਿੱਛੇ ਇੰਜੀਨੀਅਰਾਂ ਦਾ ਵਡਮੁੱਲਾ ਯੋਗਦਾਨ: ਕਾਲਕਾ

**ਨਵੀਂ ਦਿੱਲੀ, 14 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਇਕ ਸੰਦੇਸ਼ ਵਿੱਚ ਕੌਮੀ ਇੰਜੀਨੀਅਰਜ਼ ਦਿਵਸ ਮੌਕੇ ਦੇਸ਼ ਦੇ ਸਮੂਹ ਇੰਜੀਨੀਅਰਾਂ ਨੂੰ ਤਹਿ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ । ਉਨ੍ਹਾਂ ਨੇ ਸਮਾਜ ਤੇ ਦੇਸ਼ ਦੇ ਨਿਰਮਾਣ ਵਿੱਚ ਇੰਜੀਨੀਅਰਾਂ ਦੇ ਵਡਮੁੱਲੇ ਯੋਗਦਾਨ ਦੀ ਸ਼ਲਾਘਾ ਕੀਤੀ। ਆਪਣੇ ਸੰਦੇਸ਼ ਵਿੱਚ ਸਰਦਾਰ ਕਾਲਕਾ ਨੇ ਕਿਹਾ ਕਿ ਇੰਜੀਨੀਅਰ ਕਿਸੇ ਵੀ ਸਮਾਜ ਦੇ ਵਿਕਾਸ ਅਤੇ ਤਰੱਕੀ ਦੇ



ਸਿਰਜਣਹਾਰ ਹੁੰਦੇ ਹਨ। ਉਨ੍ਹਾਂ ਦੀ ਸੋਚ, ਤਕਨੀਕੀ ਮੁਹਾਰਤ, ਨਵੀਨਤਾ ਅਤੇ ਮਿਹਨਤ ਆਧੁਨਿਕ ਸਮਾਜ ਦੀ ਨੀਂਹ ਨੂੰ ਮਜ਼ਬੂਤ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਇੰਜੀਨੀਅਰ ਦਾ ਸੜਕਾਂ, ਪੁਲਾਂ, ਇਮਾਰਤਾਂ ਅਤੇ ਬਿਜਲੀ ਪ੍ਰਣਾਲੀਆਂ, ਦੂਰਸੰਚਾਰ , ਸੂਚਨਾ ਤਕਨਾਲੋਜੀ,ਤੋਂ ਲੈ ਕੇ ਡਿਜ਼ੀਟਲ ਤਕਨਾਲੋਜੀ ਆਦਿ ਰੋਜ਼ਾਨਾ ਮਨੁੱਖੀ ਜੀਵਨ ਦੇ ਹਰ ਖੇਤਰ ਵਿੱਚ ਉਨ੍ਹਾਂ ਦਾ ਯੋਗਦਾਨ ਨਜ਼ਰ ਆਉਂਦਾ ਹੈ। ਉਨ੍ਹਾਂ ਕਿਹਾ ਕਿ ਇੰਜੀਨੀਅਰ ਸਿਰਫ਼ ਤਕਨੀਕੀ ਪ੍ਰੋਜੈਕਟਾਂ ਨੂੰ ਸਾਕਾਰ ਕਰਨ ਵਾਲੇ ਮਾਹਿਰ ਹੀ ਨਹੀਂ, ਸਗੋਂ ਮਨੁੱਖੀ ਜੀਵਨ ਨੂੰ ਹੋਰ ਸੁਖਮਈ, ਸੁਰੱਖਿਅਤ ਅਤੇ ਆਸਾਨ ਬਣਾਉਣ ਦੇ ਬਹੁਤ ਮਹੱਤਵਪੂਰਨ ਸਹਿਯੋਗੀ ਵੀ ਹਨ।

## ਮਾਨਸਾ ਦੇ ਬਰੇਟਾ 'ਚ ਪੀ.ਆਰ.ਟੀ.ਸੀ. ਬੱਸ ਅਤੇ ਸਕੂਲ ਵੈਨ ਦੀ ਭਿਆਨਕ ਟੱਕਰ, ਕਈ ਬੱਚੇ ਜ਼ਖ਼ਮੀ

### ਮੋਟਰਸਾਈਕਲ ਸਵਾਰ ਨੂੰ ਬਚਾਉਂਦਿਆਂ ਵਾਪਰਿਆ ਹਾਦਸਾ; ਵੈਨ ਡਰਾਈਵਰ ਦੀਆਂ ਦੋਵੇਂ ਲੱਤਾਂ ਟੁੱਟੀਆਂ, ਬਿਨਾਂ ਪਾਸਿੰਗ ਚੱਲ ਰਹੀ ਖ਼ਸਤਾਹਾਲ ਵੈਨ 'ਤੇ ਉੱਠੇ ਸਵਾਲ



**ਮਾਨਸਾ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਨਸਾ ਜ਼ਿਲ੍ਹੇ ਦੇ ਕਸਬਾ ਬਰੇਟਾ ਵਿੱਚ ਅੱਜ ਇੱਕ ਪੀ.ਆਰ.ਟੀ.ਸੀ. ਬੱਸ ਅਤੇ ਸਕੂਲ ਵੈਨ ਵਿਚਕਾਰ ਹੋਈ ਜ਼ੋਰਦਾਰ ਟੱਕਰ ਕਾਰਨ ਕਰੀਬ ਇੱਕ ਦਰਜਨ ਸਕੂਲੀ ਬੱਚੇ ਜ਼ਖ਼ਮੀ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਕੁਝ ਬੱਚਿਆਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ, ਜਦਕਿ ਕਰੀਬ ਅੱਧੀ ਦਰਜਨ ਬੱਚਿਆਂ ਨੂੰ ਗੰਭੀਰ ਸੱਟਾਂ ਲੱਗਣ ਕਾਰਨ ਇਲਾਜ ਲਈ ਵੱਖ-ਵੱਖ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਹਾਦਸੇ ਤੋਂ ਬਾਅਦ ਸਕੂਲ ਵੈਨ ਦੀ ਹਾਲਤ ਨੂੰ ਲੈ ਕੇ ਵੀ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਲੋਕਾਂ ਦਾ ਕਹਿਣਾ ਹੈ ਕਿ ਸਕੂਲ ਵੈਨ ਕਾਫ਼ੀ ਖ਼ਸਤਾ ਹਾਲਤ ਵਿੱਚ ਸੀ ਅਤੇ ਇਸ ਦੀ ਪਾਸਿੰਗ ਵੀ ਨਹੀਂ ਸੀ।

ਸਥਾਨਕ ਲੋਕਾਂ ਨੇ ਮੰਗ ਕੀਤੀ ਹੈ ਕਿ ਸਕੂਲੀ ਵਾਹਨਾਂ ਦੀ ਸਮੇਂ-ਸਮੇਂ 'ਤੇ ਜਾਂਚ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਿਆ ਜਾ ਸਕੇ।

ਜਾਣਕਾਰੀ ਅਨੁਸਾਰ ਉਕਤ ਸਕੂਲ ਦੀ ਵੈਨ ਸਵੇਰੇ ਬੱਚਿਆਂ ਨੂੰ ਲੈ ਕੇ ਸਕੂਲ ਵੱਲ ਜਾ ਰਹੀ ਸੀ। ਇਸ ਦੌਰਾਨ ਬਰੇਟਾ ਅਤੇ ਦਿਆਲਪੁਰਾ ਵਿਚਕਾਰ ਵੈਨ ਦੇ ਅੱਗੇ ਜਾ ਰਹੀ ਬੱਸ ਨੇ ਬ੍ਰੇਕ ਲਗਾ ਦਿੱਤੇ ਅਤੇ ਸਕੂਲ ਵੈਨ ਉਸ ਵਿੱਚ ਜਾ ਵੱਜੀ, ਜਿਸ ਵਿੱਚ ਇੱਕ ਬੱਚੇ ਦਾ ਹੱਥ ਟੁੱਟ ਗਿਆ ਅਤੇ ਹੋਰਨਾਂ ਬੱਚਿਆਂ ਦੇ ਸੱਟਾਂ ਲੱਗੀਆਂ।

ਸਕੂਲ ਪ੍ਰਿੰਸੀਪਲ ਕਰਮਜੀਤ ਸਿੰਘ ਨੇ ਦੱਸਿਆ ਕਿ ਬੱਸ ਚਾਲਕ ਡਰਾਈਵਰੀ ਕਰਦੇ ਵੇਲੇ ਛੋਲੇ ਖਾ ਕੇ ਪਾਣੀ ਪੀਣ ਲਈ ਥੱਲਿਓਂ ਗਲਾਸ ਚੁੱਕਣ ਲੱਗਿਆ ਅਤੇ ਅਚਾਨਕ ਉਸ ਨੇ ਬੱਸ ਦੇ ਬ੍ਰੇਕ ਲਗਾ ਦਿੱਤੇ, ਜਿਸ ਕਰਕੇ ਪਿੱਛਿਓਂ ਆ ਰਹੀ ਉਨ੍ਹਾਂ ਦੇ ਸਕੂਲ ਦੀ ਵੈਨ ਬੱਸ ਵਿੱਚ ਜਾ ਵੱਜੀ। ਜਿਸ ਵਿੱਚ ਬੱਚਿਆਂ ਦੇ ਸੱਟਾਂ ਲੱਗੀਆਂ। ਉਨ੍ਹਾਂ ਦੱਸਿਆ ਕਿ ਜ਼ਖ਼ਮੀ ਬੱਚਿਆਂ ਨੂੰ ਬਰੇਟਾ ਹਸਪਤਾਲ ਤੋਂ ਬਾਅਦ ਮਾਨਸਾ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ ਤੇ ਪੁਲੀਸ ਵੱਲੋਂ ਹਾਦਸੇ ਦੀ ਜਾਂਚ ਕੀਤੀ ਜਾ ਰਹੀ ਹੈ।

## ਪੰਜਾਬ ਵਿੱਚ ਹੋਵੇਗੀ ਏਸ਼ੀਅਨ ਚੈਂਪੀਅਨਜ਼ ਹਾਕੀ ਟਰਾਫੀ ਦੀ ਮੇਜ਼ਬਾਨੀ; ਦਰਸ਼ਕਾਂ ਲਈ ਦਾਖਲਾ ਮੁਫ਼ਤ : ਭਗਵੰਤ ਮਾਨ

### ਪੰਜਾਬ ਦਿਵਸ ਮੌਕੇ 1 ਨਵੰਬਰ ਨੂੰ ਜਲੰਧਰ ਵਿੱਚ ਹੋਵੇਗਾ ਭਾਰਤ-ਪਾਕਿਸਤਾਨ ਮੈਚ

**ਮੁਹਾਲੀ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੁਹਾਲੀ ਦੇ ਫੇਜ਼-9 ਸਥਿਤ ਓਲੰਪੀਅਨ ਬਲਬੀਰ ਸਿੰਘ ਹਾਕੀ ਸਟੇਡੀਅਮ ਵਿਖੇ ਪੁਰਸ਼ ਏਸ਼ੀਅਨ ਚੈਂਪੀਅਨਜ਼ ਟਰਾਫੀ 2026 ਦੇ ਪ੍ਰੋਗਰਾਮ ਦਾ ਐਲਾਨ ਕੀਤਾ। ਮੈਚ ਮੁਹਾਲੀ ਅਤੇ ਜਲੰਧਰ ਵਿੱਚ ਖੇਡੇ ਜਾਣਗੇ।




ਹਾਕੀ ਇੰਡੀਆ ਨੇ ਪੁਸ਼ਟੀ ਕੀਤੀ ਹੈ ਕਿ ਪਾਕਿਸਤਾਨੀ ਹਾਕੀ ਟੀਮ ਆਗਾਮੀ 2026 ਪੁਰਸ਼ ਏਸ਼ੀਅਨ ਚੈਂਪੀਅਨਜ਼ ਟਰਾਫੀ ਵਿੱਚ ਹਿੱਸਾ ਲਵੇਗੀ, ਜਿਸ ਦੀ ਮੇਜ਼ਬਾਨੀ 27 ਅਕਤੂਬਰ ਤੋਂ 5 ਨਵੰਬਰ ਤੱਕ ਪੰਜਾਬ ਵੱਲੋਂ ਕੀਤੀ ਜਾਵੇਗੀ। ਹਾਕੀ ਇੰਡੀਆ ਦੇ ਅਧਿਕਾਰੀਆਂ ਨੇ ਫੇਜ਼ 9 ਵਿਖੇ ਬਲਬੀਰ ਸਿੰਘ (ਸੀਨੀਅਰ) ਹਾਕੀ ਸਟੇਡੀਅਮ ਦਾ ਦੌਰਾ ਕੀਤਾ ਅਤੇ ਇਸ ਅੰਤਰਰਾਸ਼ਟਰੀ ਮੁਕਾਬਲੇ ਦੇ ਸਮਾਂ-ਸਾਰਣੀ ਦਾ ਐਲਾਨ ਕੀਤਾ।

ਇਸ ਟੂਰਨਾਮੈਂਟ ਦਾ ਉਦਘਾਟਨ 27 ਅਕਤੂਬਰ ਨੂੰ (ਦੁਪਹਿਰ 2:30 ਵਜੇ) ਜਲੰਧਰ ਵਿੱਚ ਹੋਵੇਗਾ, ਜਦੋਂ ਕਿ ਮੁਹਾਲੀ ਦਾ ਸਟੇਡੀਅਮ 5 ਨਵੰਬਰ ਨੂੰ ਸੈਮੀਫਾਈਨਲ, ਫ਼ਾਈਨਲ ਅਤੇ ਸਮਾਪਤੀ ਸਮਾਗਮ ਦੀ ਮੇਜ਼ਬਾਨੀ ਕਰੇਗਾ। ਟੂਰਨਾਮੈਂਟ ਦਾ ਸਭ ਤੋਂ ਉਤਸੁਕਤਾ ਨਾਲ ਉਡੀਕਿਆ ਜਾਣ ਵਾਲਾ ਮੈਚ ਭਾਰਤ ਅਤੇ ਪਾਕਿਸਤਾਨ ਵਿਚਕਾਰ 1 ਨਵੰਬਰ ਨੂੰ ਪੰਜਾਬ ਦਿਵਸ ਦੇ ਜਸ਼ਨਾਂ ਮੌਕੇ ਜਲੰਧਰ ਵਿੱਚ ਖੇਡਿਆ ਜਾਵੇਗਾ।

ਹਾਕੀ ਇੰਡੀਆ ਦੇ ਜਨਰਲ ਸਕੱਤਰ ਭੋਲਾ ਨਾਥ ਨੇ ਹੋਰ ਅਧਿਕਾਰੀਆਂ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਇਸ ਕੰਪਲੈਕਸ ਦਾ ਦੌਰਾ ਕੀਤਾ। ਮੁੱਖ ਮੰਤਰੀ ਨੇ ਹਾਕੀ ਇੰਡੀਆ ਦੇ ਅਧਿਕਾਰੀਆਂ ਨੂੰ ਭਰੋਸਾ ਦਿਵਾਇਆ ਕਿ ਟੀਮਾਂ ਨੂੰ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੁਸ਼ਟੀ ਕਰਦਿਆਂ ਕਿਹਾ, ਪਾਕਿਸਤਾਨ ਨੇ ਆਪਣੀ ਹਿੱਸੇਦਾਰੀ ਦੀ ਪੁਸ਼ਟੀ ਕਰ ਦਿੱਤੀ ਹੈ ਅਤੇ ਹਾਕੀ ਇੰਡੀਆ ਦੇ ਅਧਿਕਾਰੀਆਂ ਨੇ ਸਾਨੂੰ ਪਹਿਲਾਂ ਹੀ ਹਰੀ ਝੰਡੀ ਦੇ ਦਿੱਤੀ ਹੈ। ਸਰਕਾਰ ਨੇ ਉਨ੍ਹਾਂ ਦੀ ਯਾਤਰਾ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ, ਕਿਉਂਕਿ ਇਹ ਕੋਈ ਦੋਪੱਖੀ ਲੜੀ ਨਹੀਂ ਸਗੋਂ ਇੱਕ ਟੂਰਨਾਮੈਂਟ ਹੈ।

ਨਾਥ ਨੇ ਅੱਗੇ ਕਿਹਾ, ਰਾਸ਼ਟਰੀ ਹਾਕੀ ਫੈਡਰੇਸ਼ਨਾਂ ਅਤੇ ਭਾਰਤ ਵਿਚਕਾਰ ਬਹੁਤ ਚੰਗੇ ਸਬੰਧ ਹਨ। ਸਾਰੇ ਖਿਡਾਰੀ ਆਪਸ ਵਿੱਚ ਵਧੀਆ ਸਾਂਝ ਰੱਖਦੇ ਹਨ, ਇਸ ਲਈ ਪਾਕਿਸਤਾਨੀ ਟੀਮ ਨੂੰ ਇੱਥੇ ਖੇਡਣ ਲਈ ਮਨਾਉਣ ਵਿੱਚ ਕੋਈ ਵੱਡੀ ਸਮੱਸਿਆ ਨਹੀਂ ਆਈ। ਇਸ ਦੌਰਾਨ ਲੀਗ ਮੈਚ ਜਲੰਧਰ ਵਿੱਚ ਖੇਡੇ ਜਾਣਗੇ, ਜਦੋਂ ਕਿ ਨਾਕਆਉਟ (ਦਰਜਾਬੰਦੀ) ਮੈਚ ਮੁਹਾਲੀ ਵਿੱਚ ਹੋਣਗੇ। ਐਲਾਨੇ ਗਏ ਪ੍ਰੋਗਰਾਮ ਮੁਤਾਬਕ ਇਸ ਮੁਕਾਬਲੇ ਵਿੱਚ ਛੇ ਟੀਮਾਂ ਦੇ ਹਿੱਸਾ ਲੈਣ ਦੀ ਉਮੀਦ ਹੈ, ਜਿਨ੍ਹਾਂ ਵਿੱਚ ਭਾਰਤ, ਪਾਕਿਸਤਾਨ, ਜਪਾਨ, ਮਲੇਸ਼ੀਆ, ਚੀਨ ਅਤੇ ਕੋਰਿਆ ਸ਼ਾਮਲ ਹਨ। ਓਮਾਨ ਅਤੇ ਬੰਗਲਾਦੇਸ਼ ਨੂੰ ਰਿਜ਼ਰਵ ਟੀਮਾਂ ਵਜੋਂ ਰੱਖਿਆ ਗਿਆ ਹੈ।

ਪਹਿਲਾ ਮੈਚ ਜਪਾਨ ਅਤੇ ਮਲੇਸ਼ੀਆ ਵਿਚਕਾਰ ਖੇਡਿਆ ਜਾਵੇਗਾ। ਮਾਨ ਨੇ ਕਿਹਾ, ਪੰਜਾਬੀ ਮਹਿਮਾਨਾਂ ਦਾ ਸ਼ਾਨਦਾਰ ਤਰੀਕੇ ਨਾਲ ਸਵਾਗਤ ਕਰਨ ਲਈ ਜਾਣੇ ਜਾਂਦੇ ਹਨ ਅਤੇ ਅਸੀਂ ਇਸ ਈਵੈਂਟ ਨੂੰ ਲੈ ਕੇ ਉਤਸ਼ਾਹਿਤ ਹਾਂ। ਅਸੀਂ ਖਿਡਾਰੀਆਂ ਨੂੰ ਸਾਰੀਆਂ ਸਹੂਲਤਾਂ ਮਿਲਣ ਨੂੰ ਯਕੀਨੀ ਬਣਾਵਾਂਗੇ, ਤਾਂ ਜੋ ਹਰ ਕੋਈ ਪੰਜਾਬ ਵਿੱਚ ਖੇਡਣ ਦਾ ਅਭੁੱਲ ਤਜ਼ਰਬਾ ਆਪਣੇ ਨਾਲ ਲੈ ਕੇ ਜਾਵੇ।

ਇਸ ਅੰਤਰਰਾਸ਼ਟਰੀ ਮੁਕਾਬਲੇ ਦੇ ਮੈਚ ਮੁਹਾਲੀ ਅਤੇ ਜਲੰਧਰ ਵਿੱਚ ਹੋਣੇ ਤਫ਼ਸੀਲ ਹਨ। ਨਾਥ ਨੇ ਕਿਹਾ, ਮੈਨੂੰ ਇਹ ਐਲਾਨ ਕਰਦਿਆਂ ਖ਼ੁਸ਼ੀ ਹੋ ਰਹੀ ਹੈ ਕਿ ਇਸ ਟੂਰਨਾਮੈਂਟ ਦੀ ਮੇਜ਼ਬਾਨੀ ਲਈ ਪੰਜਾਬ ਨੂੰ ਚੁਣਿਆ ਗਿਆ ਹੈ। ਹਰ ਟੀਮ ਪੰਜਾਬ ਵਿੱਚ ਈਵੈਂਟ ਦੀ ਮੇਜ਼ਬਾਨੀ ਤੋਂ ਖ਼ੁਸ਼ ਹੈ ਅਤੇ ਇੱਥੇ ਆਉਣ ਲਈ ਬੇਤਾਬ ਹੈ। ਪਾਕਿਸਤਾਨ ਹਾਕੀ ਫੈਡਰੇਸ਼ਨ ਨੇ ਵੀ ਪੰਜਾਬ ਵਿੱਚ ਟੂਰਨਾਮੈਂਟ ਖੇਡਣ ਵਿੱਚ ਡੂੰਘੀ ਦਿਲਚਸਪੀ ਦਿਖਾਈ ਹੈ।

ਅਧਿਕਾਰੀਆਂ ਨੇ ਸਾਬਕਾ ਭਾਰਤੀ ਕਪਤਾਨ ਅਤੇ ਮੌਜੂਦਾ ਖਿਡਾਰੀ ਮਨਪ੍ਰੀਤ ਸਿੰਘ ਦੀ ਤਸਵੀਰ ਵਾਲੇ ਇਸ ਟੂਰਨਾਮੈਂਟ ਦੇ ਲੋਗੋ ਤੋਂ ਵੀ ਪਰਦਾ ਹਟਾਇਆ। ਅਧਿਕਾਰੀਆਂ ਨੇ ਇਹ ਵੀ ਐਲਾਨ ਕੀਤਾ ਕਿ ਦੋਵਾਂ ਥਾਵਾਂ ਉੱਤੇ ਦਰਸ਼ਕਾਂ ਲਈ ਕੋਈ ਦਾਖ਼ਲਾ ਫ਼ੀਸ ਨਹੀਂ ਹੋਵੇਗੀ। ਮਾਨ ਨੇ ਅੱਗੇ ਜੋੜਿਆ, ਸਟੇਡੀਅਮਾਂ ਦਾ ਕੰਮ ਅਜੇ ਅਪਗ੍ਰੇਡ (ਉੱਨਤ) ਕੀਤਾ ਜਾ ਰਿਹਾ ਹੈ ਅਤੇ ਕੰਮ ਜਲਦੀ ਪੂਰਾ ਹੋ ਜਾਵੇਗਾ। ਦੋਵਾਂ ਸਟੇਡੀਅਮ ਵਿੱਚ ਵੱਡੀਆਂ ਸਕ੍ਰੀਨਾਂ, ਅੰਤਰਰਾਸ਼ਟਰੀ ਮਿਆਰ ਮੁਤਾਬਿਕ ਬੈਠਣ ਦੀ ਸਮਰੱਥਾ ਅਤੇ ਹੋਰ ਸਾਰੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਵੇਗਾ।




## 'ਗੋਆ ਫਰਸਟ' ਨਾਲ ਆਪ ਤੇ ਗੋਆ ਫਾਰਵਰਡ ਪਾਰਟੀ ਇਕੱਠੇ, 2027 ਚੋਣਾਂ 'ਚ ਬੀਜੇਪੀ -ਕਾਂਗਰਸ ਨੂੰ ਦੇਣਗੇ ਟੱਕਰ

**ਪਣਜੀ, 14 ਸਤੰਬਰ,**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਅਤੇ ਗੋਆ ਫਾਰਵਰਡ ਪਾਰਟੀ (ਜੀਐਮਪੀ ) ਨੇ 2027 ਦੀਆਂ ਗੋਆ ਵਿਧਾਨ ਸਭਾ ਚੋਣਾਂ ਲਈ ਪ੍ਰੀ-ਪੋਲ ਗਠਜੋੜ ਦਾ ਐਲਾਨ ਕੀਤਾ ਹੈ। ਇਸ ਗਠਜੋੜ ਦਾ ਨਾਮ ਗੋਆ ਫਰਸਟ' ਰੱਖਿਆ ਗਿਆ ਹੈ। ਦੋਵੇਂ ਪਾਰਟੀਆਂ ਨੇ ਇਸ ਨੂੰ ਬੀਜੇਪੀ ਅਤੇ ਕਾਂਗਰਸ ਤੋਂ ਇਲਾਵਾ ਵੋਟਰਾਂ ਲਈ ਇੱਕ ਨਵੇਂ ਸਿਆਸੀ ਵਿਕਲਪ ਵਜੋਂ ਪੇਸ਼ ਕੀਤਾ ਹੈ। ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪਣਜੀ ਵਿੱਚ ਗਠਜੋੜ ਦਾ ਐਲਾਨ ਕਰਦਿਆਂ ਕਿਹਾ ਕਿ 'ਗੋਆ ਫਰਸਟ' ਆਉਣ ਵਾਲੀ ਚੋਣ ਵਿੱਚ ਜਿੱਤ ਹਾਸਲ ਕਰਕੇ ਸਰਕਾਰ ਬਣਾਉਣ ਦਾ ਟੀਚਾ ਰੱਖਦਾ ਹੈ। ਉਨ੍ਹਾਂ ਬੀਜੇਪੀ ਅਤੇ ਕਾਂਗਰਸ ਦੋਵਾਂ 'ਤੇ ਸਿਆਸੀ ਮੌਕਾਪ੍ਰਸਤੀ ਦੇ ਦੋਸ਼ ਲਗਾਉਂਦਿਆਂ ਵੋਟਰਾਂ ਨੂੰ ਨਵਾਂ ਵਿਕਲਪ ਦੇਣ ਦੀ ਗੱਲ ਕੀਤੀ। ਜੀਐੱਫਪੀ ਨਾਲ ਗਠਜੋੜ ਕਿਉਂ ਅਹਿਮ: ਗੋਆ ਫਾਰਵਰਡ ਪਾਰਟੀ ਦੀ ਅਗਵਾਈ ਵਿਜੈ ਸਰਦੇਸਾਈ ਕਰ ਰਹੇ ਹਨ ਅਤੇ ਪਾਰਟੀ ਦੀ ਗੋਆ ਵਿੱਚ ਖੇਤਰੀ ਪਕੜ ਹੈ। 2022 ਦੀਆਂ ਚੋਣਾਂ ਵਿੱਚ ਜੀਐਫਪੀ ਨੇ ਇੱਕ ਸੀਟ ਜਿੱਤੀ ਸੀ, ਜਦਕਿ ਆਪ ਨੇ ਦੋ ਸੀਟਾਂ ਹਾਸਲ ਕੀਤੀਆਂ ਸਨ। ਇਸ ਲਈ ਦੋਵਾਂ ਪਾਰਟੀਆਂ ਲਈ ਇਕੱਠੇ ਹੋਣਾ ਆਪਣੇ ਵੋਟ ਆਧਾਰ ਨੂੰ ਜੋੜਨ ਦੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ। ਕਾਂਗਰਸ ਲਈ ਝਟਕਾ: ਇਸ ਗਠਜੋੜ ਦਾ ਸਭ ਤੋਂ ਵੱਡਾ ਸਿਆਸੀ ਪ੍ਰਭਾਵ ਕਾਂਗਰਸ 'ਤੇ ਪੈ ਸਕਦਾ ਹੈ। ਜੀਐਫਪੀ ਪਹਿਲਾਂ ਕਾਂਗਰਸ ਨਾਲ ਗਠਜੋੜ ਵਿੱਚ ਰਹਿ ਚੁੱਕੀ ਹੈ, ਪਰ ਹੁਣ ਇਸ ਨੇ ਆਪ ਨਾਲ ਜਾਣ ਦਾ ਫੈਸਲਾ ਕੀਤਾ ਹੈ। ਇਸ ਨਾਲ ਗੋਆ ਵਿੱਚ ਬੀਜੇਪੀ ਵਿਰੋਧੀ ਵੋਟਾਂ ਨੂੰ ਇਕੱਠਾ ਕਰਨ ਦੀ ਕਾਂਗਰਸ ਦੀ ਰਣਨੀਤੀ ਨੂੰ ਚੁਣੌਤੀ ਮਿਲ ਸਕਦੀ ਹੈ। ਇਸ ਦੇ ਨਾਲ ਹੀ ਕਾਂਗਰਸ ਨੇ ਰੈਵੋਲਿਊਸ਼ਨਰੀ ਗੋਨਸ ਪਾਰਟੀ ਨਾਲ 2027 ਚੋਣਾਂ ਲਈ ਸਿਧਾਂਤਕ ਤੌਰ 'ਤੇ ਸਮਝੌਤਾ ਕੀਤਾ ਹੈ। ਇਸ ਕਾਰਨ ਗੋਆ ਦੀ ਸਿਆਸਤ ਵਿੱਚ ਵਿਰੋਧੀ ਧਿਰ ਦੇ ਅੰਦਰ ਵੀ ਨਵੇਂ ਗਠਜੋੜਾਂ ਦੀ ਦੌੜ ਤੇਜ਼ ਹੋ ਗਈ ਹੈ।

ਬੀਜੇਪੀ ਲਈ ਨਵੀਂ ਚੁਣੌਤੀ: 2022 ਦੀਆਂ ਚੋਣਾਂ ਵਿੱਚ BJP ਨੇ 40 ਵਿੱਚੋਂ 20 ਸੀਟਾਂ ਜਿੱਤੀਆਂ ਸਨ ਅਤੇ ਬਾਅਦ ਵਿੱਚ ਕਾਂਗਰਸ ਦੇ ਅੱਠ ਵਿਧਾਇਕ ਬੀਜੇਪੀ ਵਿੱਚ ਸ਼ਾਮਲ ਹੋ ਗਏ ਸਨ। ਹੁਣ ਆਪ -ਜੀਐੱਫਪੀ ਗਠਜੋੜ ਦਾ ਉਦੇਸ਼ ਗੈਰ-BJP ਵੋਟਾਂ ਨੂੰ ਆਪਣੇ ਪੱਖ ਵਿੱਚ ਲਿਆਉਣਾ ਅਤੇ ਬੀਜੇਪੀ ਨੂੰ ਸਿੱਧੀ ਚੁਣੌਤੀ ਦੇਣਾ ਹੈ। ਕੀ ਹੋਵੇਗਾ ਅਸਰ ?: 'ਗੋਆ ਫਰਸਟ' ਗਠਜੋੜ ਗੋਆ ਦੀ ਬਹੁਕੋਣੀ ਚੋਣੀ ਲੜਾਈ ਨੂੰ ਹੋਰ ਦਿਲਚਸਪਬਣਾ ਸਕਦਾ ਹੈ। ਆਪ ਆਪਣੀ ਰਾਸ਼ਟਰੀ ਸਿਆਸੀ ਪਹੁੰਚ ਅਤੇ ਜੀਐੱਫਪੀ ਆਪਣੀ ਖੇਤਰੀ ਪਕੜ ਨੂੰ ਜੋੜਨ ਦੀ ਕੋਸ਼ਿਸ਼ ਕਰੇਗੀ। ਹਾਲਾਂਕਿ ਸੀਟਾਂ ਦੀ ਵੰਡ ਅਤੇ ਦੋਵਾਂ ਪਾਰਟੀਆਂ ਦੀ ਜ਼ਮੀਨੀ ਰਣਨੀਤੀ ਬਾਰੇ ਹੋਰ ਵੇਰਵੇ ਆਉਣੇ ਬਾਕੀ ਹਨ। 2027 ਦੀਆਂ ਗੋਆ ਚੋਣਾਂ ਵਿੱਚ ਹੁਣ ਮੁੱਖ ਮੁਕਾਬਲਾ ਬੀਜੇਪੀ , ਕਾਂਗਰਸ ਅਤੇ ਆਪ -ਜੀਐਫਪੀ ਦੇ 'ਗੋਆ ਫਰਸਟ' ਗਠਜੋੜ ਵਿਚਕਾਰ ਹੋਰ ਤਿੱਖਾ ਹੋਣ ਦੇ ਆਸਾਰ ਹਨ।

## ਓਮਾਨ ਤੱਟ ਨੇੜੇ ਵਪਾਰਕ ਜਹਾਜ਼ 'ਤੇ ਹਮਲਾ, 14 ਵਿੱਚੋਂ 13 ਭਾਰਤੀ ਨਾਵਿਕ ਬਚਾਏ ਗਏ; ਭਾਰਤ ਨੇ ਕੀਤੀ ਸਖ਼ਤ ਨਿੰਦਾ

**ਨਵੀਂ ਦਿੱਲੀ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

(ਸ਼ਹੀਦ-ਏ-ਆਜ਼ਮ ਬਿਊਰੋ): ਓਮਾਨ ਦੇ ਤੱਟ ਨੇੜੇ ਵਪਾਰਕ ਜਹਾਜ਼ ਐਮਟੀ ਈ ਐਲ ਏ ਆਈ ਏ 'ਤੇ ਹਮਲੇ ਦੀ ਘਟਨਾ ਸਾਹਮਣੇ ਆਈ ਹੈ। ਜਹਾਜ਼ 'ਤੇ ਸਵਾਰ 14 ਭਾਰਤੀ ਕਰੂ ਮੈਂਬਰਾਂ ਵਿੱਚੋਂ 13 ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ, ਜਦਕਿ ਇੱਕ ਭਾਰਤੀ ਨਾਵਿਕ ਦੀ ਭਾਲ ਲਈ ਸਰਚ ਐਂਡ ਰੈਸਕਿਊ ਆਪਰੇਸ਼ਨ ਜਾਰੀ ਹੈ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ।

ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਵਪਾਰਕ ਜਹਾਜ਼ਾਂ, ਨਾਵਿਕਾਂ, ਆਮ ਨਾਗਰਿਕਾਂ ਅਤੇ ਨਾਗਰਿਕ ਢਾਂਚੇ ਨੂੰ ਨਿਸ਼ਾਨਾ ਬਣਾਉਣਾ ਅਸਵੀਕਾਰਯੋਗ ਹੈ। ਭਾਰਤ ਨੇ ਖੇਤਰ ਵਿੱਚ ਤਣਾਅ ਤੁਰੰਤ ਘਟਾਉਣ ਅਤੇ ਗੱਲਬਾਤ ਤੇ ਕੂਟਨੀਤੀ ਰਾਹੀਂ ਸ਼ਾਂਤੀ ਬਹਾਲ ਕਰਨ ਦੀ ਅਪੀਲ ਕੀਤੀ ਹੈ।

ਭਾਰਤੀ ਦੂਤਾਵਾਸ ਓਮਾਨ ਦੇ ਅਧਿਕਾਰੀਆਂ ਨਾਲ ਲਗਾਤਾਰ ਸੰਪਰਕ ਵਿੱਚ ਹੈ ਅਤੇ ਸਥਿਤੀ 'ਤੇ ਨਜ਼ਰ ਰੱਖ ਰਿਹਾ ਹੈ। ਲਾਪਤਾ ਭਾਰਤੀ ਨਾਵਿਕ ਦੀ ਭਾਲ ਜਾਰੀ ਹੈ ਅਤੇ ਬਚਾਏ ਗਏ ਕਰੂ ਮੈਂਬਰਾਂ ਦੀ ਸੁਰੱਖਿਆ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਇਹ ਘਟਨਾ ਅਜਿਹੇ ਸਮੇਂ ਵਾਪਰੀ ਹੈ ਜਦੋਂ ਹੋਰਮੁਜ਼ ਦੀ ਖਾੜੀ ਅਤੇ ਪੱਛਮੀ ਏਸ਼ੀਆ ਦੇ ਸਮੁੰਦਰੀ ਰਸਤੇ ਵਿੱਚ ਤਣਾਅ ਵਧਿਆ ਹੋਇਆ ਹੈ। ਖੇਤਰ ਵਿੱਚ ਵਪਾਰਕ ਜਹਾਜ਼ਾਂ ਨੂੰ ਨਿਸ਼ਾਨਾ ਬਣਾਏ ਜਾਣ ਦੀਆਂ ਘਟਨਾਵਾਂ ਨੇ ਅੰਤਰਰਾਸ਼ਟਰੀ ਸਮੁੰਦਰੀ ਆਵਾਜਾਈ ਅਤੇ ਊਰਜਾ ਸਪਲਾਈ ਦੀ ਸੁਰੱਖਿਆ ਬਾਰੇ ਚਿੰਤਾਵਾਂ ਵਧਾ ਦਿੱਤੀਆਂ ਹਨ।

ਭਾਰਤ ਨੇ ਸਪੱਸ਼ਟ ਕੀਤਾ ਹੈ ਕਿ ਅੰਤਰਰਾਸ਼ਟਰੀ ਜਲ ਮਾਰਗਾਂ ਵਿੱਚ ਆਜ਼ਾਦ ਅਤੇ ਸੁਰੱਖਿਅਤ ਆਵਾਜਾਈ ਤੇ ਵਪਾਰਕ ਗਤੀਵਿਧੀਆਂ ਜਲਦ ਤੋਂ ਜਲਦ ਬਹਾਲ ਹੋਣੀਆਂ ਚਾਹੀਦੀਆਂ ਹਨ। ਇਸ ਹਮਲੇ ਨਾਲ ਖੇਤਰ ਵਿੱਚ ਸਮੁੰਦਰੀ ਸੁਰੱਖਿਆ ਅਤੇ ਭਾਰਤੀ ਨਾਵਿਕਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਹੋਰ ਗੰਭੀਰ ਹੋਈ ਹੈ।

# ਸੰਪਾਦਕੀ

## ਭਾਰਤ-ਰੂਸ ਇਕ ਠੋਸ ਬਰੋਸਾ, ਤਰਤੀਬੀ ਰਣਨੀਤੀ ਦਾ ਬਾ-ਕਮਾਲ ਤੋਹਫ਼ਾ

ਭਾਰਤ ਅਤੇ ਰੂਸ ਦੇ ਰਿਸ਼ਤੇ ਅੱਜ ਉਸ ਮੋੜ ’ਤੇ ਹਨ ਜਿੱਥੇ ਪੁਰਾਣੀ ਦੋਸਤੀ ਹੁਣ ਸਿਰਫ਼ ਭਾਵਨਾਤਮਕ ਨਾਤਾ ਨਹੀਂ ਰਹੀ, ਸਗੋਂ ਦੋਵੇਂ ਦੇਸ਼ ਇਸਨੂੰ ਰਣਨੀਤਕ ਪ੍ਰਭਾਵ, ਆਰਥਿਕ ਲਾਭ ਅਤੇ ਰਾਸ਼ਟਰੀ ਹਿੱਤਾਂ ਦੀ ਪੂਰਤੀ ਦੇ ਸਾਧਨ ਵਜੋਂ ਵਿਕਸਤ ਕਰ ਰਹੇ ਹਨ। 11 ਸਤੰਬਰ ਨੂੰ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੀ ਮੁਲਾਕਾਤ ਨੇ ਇਸ ਬਦਲਾਅ ਨੂੰ ਹੋਰ ਸਪਸ਼ਟ ਕੀਤਾ। ਦੋਵੇਂ ਨੇਤਾਵਾਂ ਨੇ ਵਪਾਰ, ਰੱਖਿਆ, ਊਰਜਾ ਅਤੇ ਖੇਤਰੀ ਸੁਰੱਖਿਆ ਸਮੇਤ ਕਈ ਮੁੱਦਿਆਂ ’ਤੇ ਚਰਚਾ ਕੀਤੀ। ਤੇਲ ਤੋਂ ਅੱਗੇ ਵਧਣ ਦੀ ਲੋੜ: ਯੂਕਰੇਨ ਜੰਗ ਤੋਂ ਬਾਅਦ ਰੂਸੀ ਕੱਚੇ ਤੇਲ ਦੀ ਖਰੀਦ ਭਾਰਤ-ਰੂਸ ਆਰਥਿਕ ਸਬੰਧਾਂ ਦਾ ਸਭ ਤੋਂ ਵੱਡਾ ਪੱਖ ਬਣੀ। ਪੱਛਮੀ ਪਾਬੰਦੀਆਂ ਦੇ ਬਾਵਜੂਦ ਭਾਰਤ ਨੇ ਆਪਣੀ ਊਰਜਾ ਸੁਰੱਖਿਆ ਅਤੇ ਕਰੋੜਾਂ ਖਪਤਕਾਰਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਰੂਸੀ ਤੇਲ ਦੀ ਖਰੀਦ ਜਾਰੀ ਰੱਖੀ। ਪਰ ਹੁਣ ਸਥਿਤੀ ਬਦਲ ਰਹੀ ਹੈ। ਅਗਸਤ ਵਿੱਚ ਭਾਰਤ ਦੇ ਤੇਲ ਆਯਾਤ ਵਿੱਚ ਰੂਸ ਦੀ ਹਿੱਸੇਦਾਰੀ ਲਗਭਗ 45 ਫੀਸਦੀ ਰਹੀ, ਜੋ ਜੁਲਾਈ ਦੇ ਕਰੀਬ 51 ਫੀਸਦੀ ਤੋਂ ਘੱਟ ਸੀ। ਰੂਸੀ ਯੂਰਲਸ ਤੇਲ ’ਤੇ ਛੂਟ ਘਟਣ ਨਾਲ ਇਸਦੀ ਕੀਮਤੀ ਵਾਧਾ ਵੀ ਘਟਿਆ ਹੈ। ਇਸ ਲਈ ਦੋਵੇਂ ਦੇਸ਼ਾਂ ਲਈ ਚੁਣੌਤੀ ਇਹ ਹੈ ਕਿ ਰਿਸ਼ਤੇ ਸਿਰਫ਼ ਤੇਲ ਖਰੀਦਣ ਅਤੇ ਵੇਚਣ ਤੱਕ ਸੀਮਤ ਨਾ ਰਹਿਣ। ਉਦਯੋਗ, ਤਕਨਾਲੋਜੀ, ਖੇਤੀਬਾੜੀ, ਖਾਦ, ਪਰਮਾਣੂ ਊਰਜਾ, ਆਵਾਜਾਈ, ਅੰਤ੍ਰਿਕਸ ਅਤੇ ਮਹੱਤਵਪੂਰਨ ਖਣਿਜਾਂ ਵਰਗੇ ਖੇਤਰ ਭਵਿੱਖ ਦੇ ਸਹਿਯੋਗ ਦਾ ਆਧਾਰ ਬਣ ਸਕਦੇ ਹਨ। 100 ਅਰਬ ਡਾਲਰ ਦਾ ਵਪਾਰਕ ਟੀਚਾ: ਭਾਰਤ ਅਤੇ ਰੂਸ ਨੇ 2030 ਤੱਕ ਦੁਵੱਲੇ ਵਪਾਰ ਨੂੰ ਲਗਭਗ 100 ਅਰਬ ਡਾਲਰ ਤੱਕ ਲਿਜਾਣ ਦਾ ਟੀਚਾ ਰੱਖਿਆ ਹੈ। ਮਾਲੀ ਸਾਲ 2025 ਵਿੱਚ ਵਪਾਰ ਲਗਭਗ 68.7 ਅਰਬ ਡਾਲਰ ਤੱਕ ਪਹੁੰਚਿਆ ਸੀ, ਪਰ ਮਾਲੀ ਸਾਲ 2026 ਵਿੱਚ ਇਹ ਘਟ ਕੇ ਲਗਭਗ 59.9 ਅਰਬ ਡਾਲਰ ਰਹਿ ਗਿਆ। ਇਸ ਵਪਾਰ ਵਿੱਚ ਰੂਸ ਦੇ ਹੱਕ ਵਿੱਚ ਵੱਡਾ ਅਸੰਤੁਲਨ ਵੀ ਹੈ, ਕਿਉਂਕਿ ਭਾਰਤ ਰੂਸ ਤੋਂ ਵੱਡੀ ਮਾਤਰਾ ਵਿੱਚ ਊਰਜਾ ਅਤੇ ਹੋਰ ਵਸਤਾਂ ਖਰੀਦਦਾ ਹੈ, ਜਦਕਿ ਭਾਰਤ ਦੀ ਰੂਸ ਨੂੰ ਨਿਰਯਾਤ ਸਮਰੱਥਾ ਉਸੇ ਅਨੁਪਾਤ ਵਿੱਚ ਨਹੀਂ ਵਧੀ। ਇਸ ਪਾੜੇ ਨੂੰ ਘਟਾਉਣਾ ਭਾਰਤ ਲਈ ਅਗਲੀ ਵੱਡੀ ਤਰਜੀਹ ਹੋਣੀ ਚਾਹੀਦੀ ਹੈ। ਭਾਰਤੀ ਦਵਾਈਆਂ, ਖੇਤੀਬਾੜੀ ਉਤਪਾਦ, ਮਸ਼ੀਨਰੀ, ਇਲੈਕਟ੍ਰਾਨਿਕਸ ਅਤੇ ਉਦਯੋਗਿਕ ਵਸਤਾਂ ਰੂਸੀ ਬਾਜ਼ਾਰ ਵਿੱਚ ਆਪਣੀ ਪਹੁੰਚ ਵਧਾ ਸਕਦੀਆਂ ਹਨ। ਰੱਖਿਆ ਸਾਂਝ ਦਾ ਨਵਾਂ ਪੜਾਅ: ਰੱਖਿਆ ਖੇਤਰ ਭਾਰਤ-ਰੂਸ ਸਬੰਧਾਂ ਦੀ ਰੀੜ੍ਹ ਦੀ ਹੱਡੀ ਰਿਹਾ ਹੈ। ਪਰ ਹੁਣ ਭਾਰਤ ਦੀ ਲੋੜ ਸਿਰਫ਼ ਤਿਆਰ ਹਥਿਆਰ ਖਰੀਦਣ ਦੀ ਨਹੀਂ, ਸਗੋਂ ਸਾਂਝੇ ਵਿਕਾਸ, ਤਕਨਾਲੋਜੀ ਹਸਤਾਂਤਰਨ ਅਤੇ ਭਾਰਤ ਵਿੱਚ ਉਤਪਾਦਨ ਦੀ ਹੈ। ਬ੍ਰਹਿਮੋਸ ਵਰਗੇ ਸਾਂਝੇ ਪ੍ਰੋਗਰਾਮ ਇਸ ਮਾਡਲ ਦੀ ਸੰਭਾਵਨਾ ਦਿਖਾਉਂਦੇ ਹਨ। ਇਸ ਦੇ ਨਾਲ ਭਾਰਤ ਆਪਣੇ ਰੱਖਿਆ ਸਪਲਾਈ ਸਰੋਤਾਂ ਵਿੱਚ ਵਿਭਿੰਨਤਾ ਵੀ ਲਿਆ ਰਿਹਾ ਹੈ। ਇਸ ਲਈ ਰੂਸ ਨੂੰ ਭਾਰਤ ਨਾਲ ਆਪਣੇ ਰੱਖਿਆ ਸਬੰਧਾਂ ਨੂੰ ਨਵੀਂ ਤਕਨਾਲੋਜੀ, ਸਾਂਝੇ ਉਤਪਾਦਨ ਅਤੇ ਲੰਬੇ ਸਮੇਂ ਦੀ ਸਪਲਾਈ ਭਰੋਸੇਯੋਗਤਾ ਨਾਲ ਜੋੜਨਾ ਹੋਵੇਗਾ। ਯੂਕਰੇਨ ਜੰਗ ਅਤੇ ਭਾਰਤ ਦੀ ਰਣਨੀਤਕ ਖੁਦਮੁਖਤਿਆਰੀ: ਯੂਕਰੇਨ ਜੰਗ ਨੇ ਭਾਰਤ ਦੀ ਵਿਦੇਸ਼ ਨੀਤੀ ਲਈ ਮੁਸ਼ਕਲ ਸੰਤੁਲਨ ਪੈਦਾ ਕੀਤਾ ਹੈ। ਭਾਰਤ ਰੂਸ ਨਾਲ ਆਪਣੇ ਇਤਿਹਾਸਕ ਸਬੰਧ ਕਾਇਮ ਰੱਖਦਿਆਂ ਯੂਕਰੇਨ ਸੰਕਟ ਦਾ ਹੱਲ ਗੱਲਬਾਤ ਅਤੇ ਕੂਟਨੀਤੀ ਰਾਹੀਂ ਕਰਨ ਦੀ ਵਕਾਲਤ ਕਰਦਾ ਹੈ। ਮੋਦੀ-ਪੁਤਿਨ ਗੱਲਬਾਤ ਵਿੱਚ ਵੀ ਯੂਕਰੇਨ ਅਤੇ ਪੱਛਮੀ ਏਸ਼ੀਆ ਦੀ ਸਥਿਤੀ ਸਮੇਤ ਖੇਤਰੀ ਮੁੱਦੇ ਚਰਚਾ ਵਿੱਚ ਰਹੇ। ਇੱਥੇ ਭਾਰਤ ਦੀ ਸਭ ਤੋਂ ਵੱਡੀ ਤਾਕਤ ਉਸਦੀ ਰਣਨੀਤਕ ਸੁਤੰਤਰਤਾ ਹੈ। ਨਵੀਂ ਦਿੱਲੀ ਨਾ ਤਾਂ ਮਾਸਕੋ ਦੇ ਹਰ ਫੈਸਲੇ ਨਾਲ ਆਪਣੇ ਆਪ ਨੂੰ ਜੋੜਦੀ ਹੈ ਅਤੇ ਨਾ ਹੀ ਪੱਛਮੀ ਦਬਾਅ ਅੱਗੇ ਆਪਣੀ ਨੀਤੀ ਛੱਡਦੀ ਹੈ। ਅਮਰੀਕਾ, ਯੂਰਪ, ਰੂਸ, ਜਾਪਾਨ ਅਤੇ ਹੋਰ ਭਾਈਵਾਲਾਂ ਨਾਲ ਸਮਕਾਲੀ ਸਬੰਧ ਬਣਾਈ ਰੱਖਣਾ ਭਾਰਤ ਦੀ ਬਹੁ-ਧ੍ਰੁਵੀ ਵਿਦੇਸ਼ ਨੀਤੀ ਦਾ ਕੇਂਦਰ ਹੈ। ਅਸਲੀ ਤਾਕਤ: ਰਿਸ਼ਤੇ ਨੂੰ ਲਾਭ ਵਿੱਚ ਬਦਲਣਾ: ਭਾਰਤ-ਰੂਸ ਸਬੰਧਾਂ ਦੀ ਅਗਲੀ ਕਸੌਟੀ ਇਹ ਨਹੀਂ ਕਿ ਦੋਵੇਂ ਦੇਸ਼ ਕਿੰਨੀ ਵਾਰ ਵਿਸ਼ੇਸ਼ ਅਤੇ ਰਣਨੀਤਕ ਭਾਈਵਾਲੀ ਦੀ ਪੁਸ਼ਟੀ ਕਰਦੇ ਹਨ। ਅਸਲੀ ਕਸੌਟੀ ਇਹ ਹੋਵੇਗੀ ਕਿ ਇਹ ਭਾਈਵਾਲੀ ਨਿਵੇਸ਼, ਤਕਨਾਲੋਜੀ, ਉਤਪਾਦਨ, ਊਰਜਾ ਸੁਰੱਖਿਆ, ਰੱਖਿਆ ਸਮਰੱਥਾ ਅਤੇ ਵਿਸ਼ਵ ਕੂਟਨੀਤਕ ਪ੍ਰਭਾਵ ਵਿੱਚ ਕਿੰਨਾ ਠੋਸ ਨਤੀਜਾ ਦਿੰਦੀ ਹੈ। ਰੂਸ ਲਈ ਭਾਰਤ ਇੱਕ ਵੱਡਾ ਅਤੇ ਵਧਦਾ ਬਾਜ਼ਾਰ ਹੈ, ਜਦਕਿ ਭਾਰਤ ਲਈ ਰੂਸ ਊਰਜਾ, ਰੱਖਿਆ ਅਤੇ ਰਣਨੀਤਕ ਵਿਕਲਪਾਂ ਦਾ ਮਹੱਤਵਪੂਰਨ ਸਰੋਤ ਹੈ। ਜੇ ਦੋਵੇਂ ਦੇਸ਼ ਵਪਾਰਕ ਅਸੰਤੁਲਨ, ਭੁਗਤਾਨ ਪ੍ਰਣਾਲੀਆਂ, ਤਕਨਾਲੋਜੀ ਸਹਿਯੋਗ ਅਤੇ ਲਾਜਿਸਟਿਕ ਰੁਕਾਵਟਾਂ ਨੂੰ ਦੂਰ ਕਰ ਲੈਂਦੇ ਹਨ ਤਾਂ ਪੁਰਾਣੀ ਦੋਸਤੀ ਇੱਕ ਨਵੇਂ ਕਿਸਮ ਦੇ ਰਣਨੀਤਕ ਲਾਭ ਵਿੱਚ ਬਦਲ ਸਕਦੀ ਹੈ। ਇਹੀ ਭਾਰਤ-ਰੂਸ ਸਬੰਧਾਂ ਦਾ ਅਗਲਾ ਅਧਿਆਇ ਹੈ—ਲਚਕੀਲੇਪਣ ਤੋਂ ਪ੍ਰਭਾਵ ਤੱਕ ਅਤੇ ਭਰੋਸੇ ਤੋਂ ਠੋਸ ਨਤੀਜਿਆਂ ਤੱਕ।

**-ਛੱਤਰਪਾਲ ਸਿੰਘ**

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਕੀ ਬ੍ਰਿਕਸ ਕਰੇਗਾ ਡਾਲਰ ਦੀ ਬਾਦਸ਼ਾਹਤ ਖਤਮ ? ਜਾਂ ਭਾਰਤ ਰੱਖੇਗਾ ਵੱਡੀ ਤਾਕਤਾਂ ਦੇ ਕਦਮਾਂ ਚ ਕਦਮ ?



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਵਿਸ਼ਵ ਰਾਜਨੀਤੀ ਅਤੇ ਅਰਥਵਿਵਸਥਾ ਵਿੱਚ ਇਸ ਸਮੇਂ ਸਭ ਤੋਂ ਵੱਡਾ ਮੁੱਦਾ ਅਮਰੀਕੀ ਡਾਲਰ ਕੱਲ੍ਹ ਖਤਮ ਦਾ ਨਹੀਂ, ਸਗੋਂ ਇਹ ਹੈ ਕਿ ਕੀ ਦੁਨੀਆ ਹੌਲੀ-ਹੌਲੀ ਡਾਲਰ-ਕੇਂਦਰਿਤ ਵਿੱਤੀ ਵਿਵਸਥਾ ਤੋਂ ਬਹੁ-ਮੁਦਰਾ ਅਤੇ ਬਹੁ-ਧੁਰੇ ਵਾਲੀ ਵਿਵਸਥਾ ਵੱਲ ਵਧ ਰਹੀ ਹੈ. ਨਵੀਂ ਦਿੱਲੀ ਵਿੱਚ ਹੋਏ ਬ੍ਰਿਕਸ ਸ਼ਿਖਰ ਸੰਮੇਲਨ ਨੇ ਇਸ ਪੱਖ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ।

ਬ੍ਰਿਕਸ ਦੇਸ਼ਾਂ ਨੇ ਲੋਕਲ ਕਰੰਸੀ ਵਿੱਚ ਵਪਾਰ, ਸਰਹੱਦ-ਪਾਰ ਭੁਗਤਾਨ ਪ੍ਰਣਾਲੀਆਂ ਨੂੰ ਆਪਸ ਵਿੱਚ ਜੋੜਨ ਅਤੇ ਵਿਕਾਸ ਕਰ ਰਹੇ ਦੇਸ਼ਾਂ ਦੀ ਆਰਥਿਕ ਆਵਾਜ਼ ਮਜ਼ਬੂਤ ਕਰਨ ’ਤੇ ਜ਼ੋਰ ਦਿੱਤਾ ਹੈ। ਪਰ ਇਸ ਦਾ ਭਾਵ ਇਹ ਨਹੀਂ ਕਿ ਬ੍ਰਿਕਸ ਨੇ ਕੋਈ ਨਵੀਂ ਸਾਂਝੀ ਕਰੰਸੀ ਜਾਰੀ ਕਰ ਦਿੱਤੀ ਹੈ ਜਾਂ ਡਾਲਰ ਦੀ ਥਾਂ ਤੁਰੰਤ ਕੋਈ ਹੋਰ ਕਰੰਸੀ ਲੈ ਲਈ ਹੈ। ਅਸਲ ਤਸਵੀਰ ਇਸ ਤੋਂ ਕਿਤੇ ਵੱਧ ਗੁੰਜਲਦਾਰ , ਹੌਲੀ ਅਤੇ ਰਣਨੀਤਕ ਹੈ।

ਅਮਰੀਕੀ ਡਾਲਰ ਦੀ ਤਾਕਤ ਸਿਰਫ਼ ਅਮਰੀਕਾ ਦੀ ਸੈਨਿਕ ਜਾਂ ਰਾਜਨੀਤਕ ਸ਼ਕਤੀ ਕਾਰਨ ਨਹੀਂ ਹੈ। ਇਸ ਦੇ ਪਿੱਛੇ ਵਿਸ਼ਵ ਵਪਾਰ, ਵਿੱਤੀ ਬਾਜ਼ਾਰਾਂ ਦੀ ਗਹਿਰਾਈ, ਅਮਰੀਕੀ ਸਰਕਾਰੀ ਕਰਜ਼ਾ-ਬਾਜ਼ਾਰ ਦੀ ਵਿਸ਼ਾਲਤਾ, ਬੈਂਕਿੰਗ ਪ੍ਰਣਾਲੀ, ਭਰੋਸੇਯੋਗ ਭੁਗਤਾਨ ਢਾਂਚਾ ਅਤੇ ਦਹਾਕਿਆਂ ਤੋਂ ਬਣੀ ਅੰਤਰਰਾਸ਼ਟਰੀ ਆਦਤ ਸ਼ਾਮਲ ਹੈ।

ਅੰਤਰਰਾਸ਼ਟਰੀ ਕਰੰਸੀ ਕੋਸ਼ ਦੇ ਅੰਕੜਿਆਂ ਅਨੁਸਾਰ, ਵਿਸ਼ਵ ਦੇ ਸਰਕਾਰੀ ਵਿਦੇਸ਼ੀ ਕਰੰਸੀ ਭੰਡਾਰਾਂ ਵਿੱਚ ਡਾਲਰ ਦੀ ਹਿੱਸੇਦਾਰੀ ਅਜੇ ਵੀ ਲਗਭਗ 57 ਫ਼ੀਸਦੀ ਹੈ। ਇਸੇ ਤਰ੍ਹਾਂ, ਅੰਤਰਰਾਸ਼ਟਰੀ ਵਿਦੇਸ਼ੀ ਕਰੰਸੀ ਵਪਾਰ ਵਿੱਚ ਵੀ ਡਾਲਰ ਸਭ ਤੋਂ ਵੱਧ ਵਰਤੀ ਜਾਣ ਵਾਲੀ ਕਰੰਸੀ ਹੈ। ਬੈਂਕ ਫ਼ਾਰ ਇੰਟਰਨੈਸ਼ਨਲ ਸੈਟਲਮੈਂਟਸ ਤਹਿਤ , ਅਪ੍ਰੈਲ 2025 ਵਿੱਚ ਵਿਸ਼ਵ ਵਿਦੇਸ਼ੀ ਕਰੰਸੀ ਬਾਜ਼ਾਰ ਵਿੱਚ ਰੋਜ਼ਾਨਾ ਲਗਭਗ 9.6 ਟ੍ਰਿਲੀਅਨ ਡਾਲਰ ਦੇ ਲੈਣ-ਦੇਣ ਹੋ ਰਹੇ ਸਨ।

ਇਸ ਲਈ ਡਾਲਰ ਨੂੰ ਹਟਾਉਣਾ ਸਿਰਫ਼ ਕਿਸੇ ਹੋਰ ਕਰੰਸੀ ਨੂੰ ਅੱਗੇ ਲਿਆਉਣ ਦਾ ਮਾਮਲਾ ਨਹੀਂ। ਇਸ ਲਈ ਭਰੋਸਾ, ਤਰਲਤਾ, ਵਿਸ਼ਾਲ ਬਾਜ਼ਾਰ, ਸਥਿਰ ਸੰਸਥਾਵਾਂ ਅਤੇ ਵਿਸ਼ਵ ਪੱਧਰੀ ਭੁਗਤਾਨ ਢਾਂਚੇ ਦੀ ਲੋੜ ਹੈ।

ਬ੍ਰਿਕਸ ਦੀ ਅਸਲ ਯੋਜਨਾ : ਬ੍ਰਿਕਸ ਦੀ ਮੌਜੂਦਾ ਰਣਨੀਤੀ ਨੂੰ ਤਿੰਨ ਪੱਧਰਾਂ ’ਤੇ ਸਮਝਿਆ ਜਾ ਸਕਦਾ ਹੈ।

ਪਹਿਲਾ—ਸਥਾਨਕ ਮੁਦਰਾਵਾਂ ਵਿੱਚ ਵਪਾਰ:

ਜੇ ਭਾਰਤ ਅਤੇ ਰੂਸ ਆਪਸੀ ਵਪਾਰ ਵਿੱਚ ਰੁਪਏ ਅਤੇ ਰੂਬਲ ਦੀ ਵਰਤੋਂ ਵਧਾਉਂਦੇ ਹਨ, ਜਾਂ ਭਾਰਤ ਅਤੇ ਹੋਰ ਬ੍ਰਿਕਸ ਦੇਸ਼ ਲੋਕਲ ਕਰੰਸੀ ਵਿੱਚ ਭੁਗਤਾਨ ਕਰਦੇ ਹਨ, ਤਾਂ ਹਰ ਲੈਣ-ਦੇਣ ਲਈ ਡਾਲਰ ਦੀ ਲੋੜ ਘੱਟ ਹੋ ਸਕਦੀ ਹੈ। ਇਸ ਨਾਲ ਕਰੰਸੀ ਬਦਲਣ ਦੀ ਲਾਗਤ ਘਟ ਸਕਦੀ ਹੈ ਅਤੇ ਅਮਰੀਕੀ ਵਿੱਤੀ ਪ੍ਰਣਾਲੀ ’ਤੇ ਨਿਰਭਰਤਾ ਵੀ ਕੁਝ ਹੱਦ ਤੱਕ ਘਟ ਸਕਦੀ ਹੈ।

ਪਰ ਇੱਥੇ ਇੱਕ ਵੱਡੀ ਸਮੱਸਿਆ ਹੈ—ਜੇ ਭਾਰਤ ਰੂਸ ਤੋਂ ਵੱਧ ਸਮਾਨ ਖਰੀਦਦਾ ਹੈ ਅਤੇ ਰੂਸ ਨੂੰ ਭਾਰਤੀ ਸਮਾਨ ਦੀ ਉਨੀ ਲੋੜ ਨਹੀਂ, ਤਾਂ ਰੂਸ ਕੋਲ ਇਕੱਠੇ ਹੋਏ ਰੁਪਏ ਦਾ ਕੀ ਕੀਤਾ ਜਾਵੇ ? ਇਹੀ ਕਾਰਨ ਹੈ ਕਿ ਸਥਾਨਕ ਕਰੰਸੀ ਵਪਾਰ ਲਈ ਸਿਰਫ਼ ਰਾਜਨੀਤਕ ਸਹਿਮਤੀ ਨਹੀਂ, ਸਗੋਂ ਸੰਤੁਲਿਤ ਵਪਾਰ, ਨਿਵੇਸ਼ ਦੇ ਮੌਕੇ ਅਤੇ ਭੁਗਤਾਨ ਦੀ ਸਪਸ਼ਟ ਪ੍ਰਣਾਲੀ ਵੀ ਜ਼ਰੂਰੀ ਹੈ।

ਦੂਜਾ—ਆਪਸ ਵਿੱਚ ਜੁੜੀਆਂ ਭੁਗਤਾਨ ਪ੍ਰਣਾਲੀਆਂ:

ਭਾਰਤ ਦੀ ਤਾਕਤ ਇਸ ਦਾ ਇਕਸਾਰ ਭੁਗਤਾਨ ਢਾਂਚਾ ਹੈ। ਭਾਰਤ ਦਾ ਇਕਰੂਪ ਭੁਗਤਾਨ ਮੰਚ ਯੂਪੀਆਈ ਦੇਸ਼ ਦੇ ਅੰਦਰ ਤੇਜ਼, ਸਸਤੇ ਅਤੇ ਆਸਾਨ ਡਿਜ਼ੀਟਲ ਭੁਗਤਾਨ ਦੀ ਮਿਸਾਲ ਬਣ ਚੁੱਕਾ ਹੈ। ਬ੍ਰਿਕਸ ਵਿੱਚ ਇਸ ਤਰ੍ਹਾਂ ਦੀਆਂ ਕੌਮੀ ਭੁਗਤਾਨ ਪ੍ਰਣਾਲੀਆਂ ਨੂੰ ਆਪਸ ਵਿੱਚ ਜੋੜਨ ਦੀ ਚਰਚਾ ਹੋ ਰਹੀ ਹੈ।

ਜੇ ਭਾਰਤ, ਬ੍ਰਾਜ਼ੀਲ, ਰੂਸ, ਚੀਨ ਅਤੇ ਹੋਰ ਮੈਂਬਰ ਦੇਸ਼ਾਂ ਦੀਆਂ ਭੁਗਤਾਨ ਪ੍ਰਣਾਲੀਆਂ ਆਪਸ ਵਿੱਚ ਜੁੜ ਜਾਂਦੀਆਂ ਹਨ, ਤਾਂ ਵਪਾਰੀ ਅਤੇ ਯਾਤਰੀ ਬਿਨਾਂ ਹਰ ਵਾਰ ਡਾਲਰ ਵਿੱਚ ਬਦਲਾਅ ਕੀਤੇ ਸਿੱਧੇ ਭੁਗਤਾਨ ਕਰ ਸਕਦੇ ਹਨ। ਪਰ ਵੱਖ-ਵੱਖ ਕਰੰਸੀਆਂ, ਵਿਦੇਸ਼ੀ ਕਰੰਸੀ ਨਿਯੰਤਰਣ, ਡਾਟਾ ਸੁਰੱਖਿਆ, ਬੈਂਕਿੰਗ ਨਿਯਮ ਅਤੇ ਵਪਾਰਕ ਅਸੰਤੁਲਨ ਇਸ ਰਾਹ ਵਿੱਚ ਵੱਡੀਆਂ ਰੁਕਾਵਟਾਂ ਹਨ।

ਤੀਜਾ—ਡਿਜ਼ੀਟਲ ਮੁਦਰਾਵਾਂ ਦਾ ਸੰਭਾਵੀ ਜਾਲ:

ਭਾਰਤੀ ਰਿਜ਼ਰਵ ਬੈਂਕ ਨੇ ਬ੍ਰਿਕਸ ਦੇਸ਼ਾਂ ਦੀਆਂ ਕੇਂਦਰੀ ਬੈਂਕ ਡਿਜ਼ੀਟਲ ਕਰੰਸੀਆਂ ਨੂੰ ਆਪਸ ਵਿੱਚ ਜੋੜਨ ਦਾ ਵਿਚਾਰ ਅੱਗੇ ਰੱਖਿਆ ਹੈ। ਇਸ ਦਾ ਮਤਲਬ ਕੋਈ ਨਵੀਂ ਬ੍ਰਿਕਸ ਕਰੰਸੀ ਬਣਾਉਣਾ ਨਹੀਂ, ਸਗੋਂ ਪਹਿਲਾਂ ਤੋਂ ਮੌਜੂਦ ਕੌਮੀ ਕਰੰਸੀਆਂ ਦੇ ਡਿਜ਼ੀਟਲ ਰੂਪਾਂ ਨੂੰ ਆਪਸੀ ਲੈਣ-ਦੇਣ ਯੋਗ ਬਣਾਉਣਾ ਹੈ।

ਇਹ ਪ੍ਰਬੰਧ ਭਵਿੱਖ ਵਿੱਚ ਸਰਹੱਦ-ਪਾਰ ਵਪਾਰ, ਸੈਰ-ਸਪਾਟੇ ਅਤੇ ਛੋਟੇ ਕਾਰੋਬਾਰਾਂ ਲਈ ਲਾਭਦਾਇਕ ਹੋਵੇਗਾ। ਪਰ ਇਹ ਅਜੇ ਤਕਨੀਕੀ ਅਤੇ ਨੀਤੀਗਤ ਵਿਚਾਰ-ਵਟਾਂਦਰੇ ਦੇ ਪੜਾਅ ਵਿੱਚ ਹੈ। ਇਸ ਨੂੰ ਪੂਰੀ ਤਰ੍ਹਾਂ ਚੱਲਣ ਵਾਲੀ ਵਿਸ਼ਵ ਪੱਧਰੀ ਪ੍ਰਣਾਲੀ ਮੰਨਣਾ ਹਾਲੇ ਜਲਦਬਾਜ਼ੀ ਹੋਵੇਗੀ।

ਇਹ ਸਵਾਲ ਭਾਰਤ ਲਈ ਸਭ ਤੋਂ ਮਹੱਤਵਪੂਰਨ ਹੈ ਕੀ ਕੀ ਚਿਨ ਕੋਈ ਜਾਲ ਬੁਣ ਰਿਹਾ ਹੈ । ਡਾਲਰ ’ਤੇ ਨਿਰਭਰਤਾ ਘਟਾਉਣ ਦੀ ਕੋਸ਼ਿਸ਼ ਆਪਣੇ ਆਪ ਵਿੱਚ ਭਾਰਤ ਦੇ ਹਿੱਤ ਵਿੱਚ ਹੋ ਸਕਦੀ ਹੈ, ਪਰ ਜੇ ਇਸ ਦੀ ਥਾਂ ਚੀਨੀ ਯੁਆਨ ਜਾਂ ਚੀਨ-ਕੇਂਦਰਿਤ ਵਿੱਤੀ ਢਾਂਚਾ ਹਾਵੀ ਹੋ ਜਾਂਦਾ ਹੈ, ਤਾਂ ਭਾਰਤ ਇੱਕ ਨਿਰਭਰਤਾ ਤੋਂ ਨਿਕਲ ਕੇ ਦੂਜੀ ਨਿਰਭਰਤਾ ਵਿੱਚ ਫਸ ਸਕਦਾ ਹੈ।

ਚੀਨ ਦੀ ਅਰਥਵਿਵਸਥਾ ਬ੍ਰਿਕਸ ਵਿੱਚ ਸਭ ਤੋਂ ਵੱਡੀ ਹੈ। ਉਸ ਕੋਲ ਵੱਡੇ ਉਦਯੋਗਿਕ ਪੈਮਾਨੇ, ਵਿਸ਼ਾਲ ਨਿਰਯਾਤ ਸਮਰੱਥਾ, ਤਕਨੀਕੀ ਢਾਂਚਾ ਅਤੇ ਵਿੱਤੀ ਸਰੋਤ ਹਨ। ਇਸ ਲਈ ਬ੍ਰਿਕਸ ਦੇ ਵਪਾਰ ਅਤੇ ਭੁਗਤਾਨ ਢਾਂਚੇ ਵਿੱਚ ਚੀਨ ਦਾ ਪ੍ਰਭਾਵ ਕੁਦਰਤੀ ਤੌਰ ’ਤੇ ਵੱਧ ਹੋ ਸਕਦਾ ਹੈ।

ਪਰ ਭਾਰਤ ਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਬ੍ਰਿਕਸ ਕਿਸੇ ਇੱਕ ਦੇਸ਼ ਦੀ ਅਗਵਾਈ ਹੇਠ ਚੱਲਣ ਵਾਲਾ ਵਿੱਤੀ ਗਠਜੋੜ ਨਾ ਬਣੇ। ਭਾਰਤ ਲਈ ਬ੍ਰਿਕਸ ਦਾ ਅਰਥ ਹੋਣਾ ਚਾਹੀਦਾ ਹੈ—ਬਹੁਪੱਖੀ ਸਹਿਯੋਗ, ਨਾ ਕਿ ਚੀਨ-ਕੇਂਦਰਿਤ ਨਵਾਂ ਵਿੱਤੀ ਸਾਮਰਾਜ।

ਭਾਰਤ ਦੀ ਨੀਤੀਗਤ ਹੋਣਾ ਪਵੇਗਾ:

* ਕਿਸੇ ਇੱਕ ਕਰੰਸੀ ’ਤੇ ਅਤਿਅਧਿਕ ਨਿਰਭਰਤਾ ਨਹੀਂ।
* ਕਿਸੇ ਇੱਕ ਦੇਸ਼ ਦੇ ਭੁਗਤਾਨ ਢਾਂਚੇ ’ਤੇ ਪੂਰਾ ਭਰੋਸਾ ਨਹੀਂ।
* ਸਾਰੇ ਮੈਂਬਰਾਂ ਲਈ ਬਰਾਬਰ ਨਿਯਮ।
* ਡਾਟਾ, ਸੁਰੱਖਿਆ ਅਤੇ ਵਿੱਤੀ ਖੁਦਮੁਖਤਿਆਰੀ ਦੀ ਰੱਖਿਆ।
* ਰੁਪਏ ਦੀ ਅੰਤਰਰਾਸ਼ਟਰੀ ਵਰਤੋਂ ਨੂੰ ਵਧਾਉਣਾ।
* ਵਪਾਰਕ ਸੰਤੁਲਨ ਅਤੇ ਨਿਵੇਸ਼ ਦੇ ਮੌਕਿਆਂ ਨੂੰ ਮਜ਼ਬੂਤ ਕਰਨਾ।

ਭਾਰਤ ਬ੍ਰਿਕਸ ਨੂੰ ਸਿਰਫ਼ ਪੱਛਮੀ ਵਿੱਤੀ ਪ੍ਰਣਾਲੀ ਦੇ ਵਿਰੋਧ ਵਜੋਂ ਨਹੀਂ, ਸਗੋਂ ਆਪਣੇ ਆਰਥਿਕ ਹਿੱਤਾਂ ਨੂੰ ਅੱਗੇ ਵਧਾਉਣ ਦੇ ਮੰਚ ਵਜੋਂ ਵਰਤ ਸਕਦਾ ਹੈ। ਭਾਰਤ ਨੂੰ ਇਸ ਇਤਿਹਾਸਕ ਘਟਨਾ ਨੂੰ ਮੌਕਾ ਬਣਾਉਣਾ ਚਾਹੀਦਾ ਹੈ:

ਰੁਪਏ ਦੀ ਅੰਤਰਰਾਸ਼ਟਰੀ ਭੂਮਿਕਾ: ਜੇ ਭਾਰਤੀ ਕੰਪਨੀਆਂ, ਵਿਦੇਸ਼ੀ ਵਪਾਰੀ ਅਤੇ ਬ੍ਰਿਕਸ ਦੇਸ਼ ਰੁਪਏ ਵਿੱਚ ਵਪਾਰ ਵਧਾਉਂਦੇ ਹਨ, ਤਾਂ ਰੁਪਏ ਦੀ ਵਿਸ਼ਵ ਪੱਧਰੀ ਮੰਗ ਵਧ ਸਕਦੀ ਹੈ। ਇਸ ਨਾਲ ਭਾਰਤ ਦੀ ਮੁਦਰਾ ਨੂੰ ਵਧੇਰੇ ਅੰਤਰਰਾਸ਼ਟਰੀ ਸਵੀਕਾਰਤਾ ਮਿਲੇਗੀ।

ਭਾਰਤੀ ਡਿਜ਼ੀਟਲ ਢਾਂਚੇ ਦੀ ਨਿਰਯਾਤ: ਯੂਪੀਆਈ ਵਰਗਾ ਭੁਗਤਾਨ ਢਾਂਚਾ ਭਾਰਤ ਦੀ ਤਕਨੀਕੀ ਤਾਕਤ ਹੈ। ਜੇ ਇਸ ਨੂੰ ਬ੍ਰਿਕਸ ਦੇਸ਼ਾਂ ਵਿੱਚ ਸੁਰੱਖਿਅਤ ਅਤੇ ਨਿਯਮਬੱਧ ਢੰਗ ਨਾਲ ਫੈਲਾਇਆ ਜਾਂਦਾ ਹੈ, ਤਾਂ ਭਾਰਤ ਸਿਰਫ਼ ਵਸਤੂਆਂ ਦਾ ਨਹੀਂ, ਸਗੋਂ ਡਿਜ਼ੀਟਲ ਵਿੱਤੀ ਢਾਂਚੇ ਦਾ ਵੀ ਨਿਰਯਾਤਕ ਬਣ ਸਕਦਾ ਹੈ।

ਛੋਟੇ ਅਤੇ ਦਰਮਿਆਨੇ ਉਦਯੋਗਾਂ ਲਈ ਲਾਭ: ਸਰਹੱਦ-ਪਾਰ ਭੁਗਤਾਨ ਸਸਤੇ ਅਤੇ ਤੇਜ਼ ਹੋਣ ਨਾਲ ਛੋਟੇ ਵਪਾਰੀ, ਨਿਰਯਾਤਕ, ਸੇਵਾ ਦੇਣ ਵਾਲਾ ਅਤੇ ਨਵੇਂ ਉਦਯੋਗ ਵਿਸ਼ਵ ਬਾਜ਼ਾਰ ਨਾਲ ਜੁੜ ਸਕਦੇ ਹਨ।

ਆਰਥਿਕ ਪਾਬੰਦੀਆਂ ਤੋਂ ਬਚਾਅ: ਜਦੋਂ ਕਿਸੇ ਦੇਸ਼ ’ਤੇ ਇਕਤਰਫ਼ਾ ਆਰਥਿਕ ਪਾਬੰਦੀਆਂ ਲੱਗਦੀਆਂ ਹਨ, ਤਾਂ ਉਸ ਦੇ ਵਪਾਰ ਅਤੇ ਭੁਗਤਾਨ ਪ੍ਰਭਾਵਿਤ ਹੁੰਦੇ ਹਨ। ਵਿਕਲਪਕ ਭੁਗਤਾਨ ਮਾਰਗ ਕੁਝ ਹੱਦ ਤੱਕ ਵਪਾਰਕ ਲਚੀਲਾਪਣ ਦੇ ਸਕਦੇ ਹਨ। ਪਰ ਇਸ ਦਾ ਮਤਲਬ ਇਹ ਨਹੀਂ ਕਿ ਪਾਬੰਦੀਆਂ ਆਪਣੇ ਆਪ ਖਤਮ ਹੋ ਜਾਣਗੀਆਂ ਜਾਂ ਹਰ ਕਿਸਮ ਦਾ ਵਿੱਤੀ ਜੋਖ਼ਮ ਦੂਰ ਹੋ ਜਾਵੇਗਾ।

ਬ੍ਰਿਕਸ ਦੇ ਅੰਦਰੂਨੀ ਵਿਰੋਧ ਵੀ ਘੱਟ ਨਹੀਂ: ਬ੍ਰਿਕਸ ਨੂੰ ਇਕਜੁੱਟ ਰਾਜਨੀਤਕ ਜਾਂ ਆਰਥਿਕ ਗਠਜੋੜ ਮੰਨਣਾ ਠੀਕ ਨਹੀਂ ਹੋਵੇਗਾ। ਇਸ ਦੇ ਮੈਂਬਰਾਂ ਦੇ ਹਿੱਤ ਕਈ ਮਾਮਲਿਆਂ ਵਿੱਚ ਵੱਖਰੇ ਹਨ। ਭਾਰਤ ਅਤੇ ਚੀਨ ਵਿਚਕਾਰ ਸਰਹੱਦੀ ਅਤੇ ਰਣਨੀਤਕ ਤਣਾਅ ਹੈ। ਰੂਸ ਦੀਆਂ ਆਪਣੀਆਂ ਸੁਰੱਖਿਆ ਅਤੇ ਪਾਬੰਦੀ-ਸਬੰਧੀ ਚਿੰਤਾਵਾਂ ਹਨ। ਬ੍ਰਾਜ਼ੀਲ ਦੀਆਂ ਤਰਜੀਹਾਂ ਵੱਖਰੀਆਂ ਹਨ। ਮੱਧ-ਪੂਰਬੀ ਮੈਂਬਰਾਂ ਦੇ ਖੇਤਰੀ ਹਿੱਤ ਵੀ ਵੱਖਰੇ ਹਨ। ਕੁਝ ਦੇਸ਼ ਬ੍ਰਿਕਸ ਨੂੰ ਪੱਛਮੀ ਪ੍ਰਭਾਵ ਦੇ ਸੰਤੁਲਨ ਵਜੋਂ ਦੇਖਦੇ ਹਨ, ਜਦਕਿ ਕੁਝ ਇਸ ਨੂੰ ਸਿਰਫ਼ ਆਰਥਿਕ ਸਹਿਯੋਗ ਦਾ ਮੰਚ ਬਣਾਈ ਰੱਖਣਾ ਚਾਹੁੰਦੇ ਹਨ।

ਇਸ ਲਈ ਸਾਂਝੀ ਕਰੰਸੀ ਬਣਾਉਣਾ ਬਹੁਤ ਮੁਸ਼ਕਲ ਹੈ। ਸਾਂਝੀ ਕਰੰਸੀ ਲਈ ਸਾਂਝੀ ਕੇਂਦਰੀ ਬੈਂਕ, ਸਾਂਝੀ ਵਿੱਤੀ ਨੀਤੀ, ਕਰੰਸੀ ਸਥਿਰਤਾ, ਵਪਾਰਕ ਅਨੁਸ਼ਾਸਨ ਅਤੇ ਮੈਂਬਰਾਂ ਵਿਚਕਾਰ ਉੱਚ ਪੱਧਰੀ ਭਰੋਸੇ ਦੀ ਲੋੜ ਹੋਵੇਗੀ। ਬ੍ਰਿਕਸ ਵਿੱਚ ਇਸ ਵੇਲੇ ਇਹ ਸਾਰੀਆਂ ਸ਼ਰਤਾਂ ਮੌਜੂਦ ਨਹੀਂ ਹਨ।

ਕੀ ਡਾਲਰ ਦਾ ਅੰਤ ਨੇੜੇ ਹੈ ?: ਡਾਲਰ ਦੀ ਹਿੱਸੇਦਾਰੀ ਵਿੱਚ ਲੰਬੇ ਸਮੇਂ ਦੌਰਾਨ ਕਮੀ ਆ ਸਕਦੀ ਹੈ। ਕੁਝ ਦੇਸ਼ ਆਪਣਾ ਵਿਦੇਸ਼ੀ ਕਰੰਸੀ ਭੰਡਾਰ ਵੱਖ-ਵੱਖ ਕਰੰਸੀਆਂ ਵਿੱਚ ਰੱਖਣਾ ਚਾਹੁੰਦੇ ਹਨ। ਕੁਝ ਦੇਸ਼ ਡਾਲਰ ਦੀ ਵਰਤੋਂ ਨੂੰ ਰਾਜਨੀਤਕ ਦਬਾਅ ਦੇ ਸਾਧਨ ਵਜੋਂ ਦੇਖਦੇ ਹਨ। ਪਰ ਡਾਲਰ ਦੀ ਥਾਂ ਲੈਣ ਲਈ ਕਿਸੇ ਹੋਰ ਕਰੰਸੀ ਜਾਂ ਗਠਜੋੜ ਕੋਲ ਅਜੇ ਉਹੀ ਪੱਧਰ ਦੀ ਭਰੋਸੇਯੋਗਤਾ , ਨਕਦੀ ਦੀ ਵਿਵਸਥਾ ਅਤੇ ਵਿਸ਼ਵ ਪੱਧਰੀ ਸਵੀਕਾਰਤਾ ਮੌਜੂਦ ਨਹੀਂ ਹੈ।

ਇਸ ਲਈ ਬ੍ਰਿਕਸ ਦੀ ਅਸਲ ਦਿਸ਼ਾ ਡਾਲਰ ਦਾ ਤੁਰੰਤ ਅੰਤ ਨਹੀਂ, ਸਗੋਂ ਡਾਲਰ ’ਤੇ ਇਕੱਠੀ ਨਿਰਭਰਤਾ ਵਿੱਚ ਕਮੀ ਲਿਆਉਣਾ ਹੈ।

ਇਹ ਇੱਕ ਹੌਲੀ-ਹੌਲੀ ਚੱਲਣ ਵਾਲੀ ਪ੍ਰਕਿਰਿਆ ਹੈ —ਜਿਸ ਵਿੱਚ ਸਥਾਨਕ ਕਰੰਸੀਆਂ , ਡਿਜ਼ੀਟਲ ਭੁਗਤਾਨ, ਖੇਤਰੀ ਆਰਥਿਕ ਸੰਸਥਾਵਾਂ ਅਤੇ ਬਹੁ-ਕਰੰਸੀ ਵਪਾਰ ਆਪਣੀ ਭੂਮਿਕਾ ਨਿਭਾਉਣਗੇ।

ਭਾਰਤ ਨੂੰ ਕਿਹੜਾ ਰਸਤਾ ਚੁਣਨਾ ਚਾਹੀਦਾ ਹੈ ?: ਭਾਰਤ ਨੂੰ ਨਾ ਤਾਂ ਡਾਲਰ-ਵਿਰੋਧੀ ਮੁਹਿੰਮ ਦਾ ਅੰਨ੍ਹਾ ਹਿੱਸਾ ਬਣਨਾ ਚਾਹੀਦਾ ਹੈ ਅਤੇ ਨਾ ਹੀ ਚੀਨ-ਕੇਂਦਰਿਤ ਵਿੱਤੀ ਵਿਵਸਥਾ ਦਾ ਸਹਿਯੋਗੀ ਬਣਨਾ ਚਾਹੀਦਾ ਹੈ। ਭਾਰਤ ਦਾ ਰਸਤਾ ਰਣਨੀਤਕ ਖੁਦਮੁਖਤਿਆਰੀ ਦਾ ਹੋਣਾ ਚਾਹੀਦਾ ਹੈ।

ਭਾਰਤ ਨੂੰ ਅਮਰੀਕਾ, ਯੂਰਪ, ਖਾੜੀ ਦੇਸ਼ਾਂ, ਰੂਸ, ਚੀਨ ਅਤੇ ਗਲੋਬਲ ਸਾਊਥ—ਸਭ ਨਾਲ ਵਪਾਰਕ ਅਤੇ ਵਿੱਤੀ ਸੰਬੰਧ ਰੱਖਦੇ ਹੋਏ ਆਪਣੇ ਵਿਕਲਪ ਵਧਾਉਣੇ ਚਾਹੀਦੇ ਹਨ। ਕਿਸੇ ਇੱਕ ਧੁਰੇ ਨਾਲ ਪੂਰੀ ਤਰ੍ਹਾਂ ਜੁੜਨ ਦੀ ਥਾਂ ਭਾਰਤ ਨੂੰ ਕਈ ਵਿੱਤੀ ਅਤੇ ਵਪਾਰਕ ਮਾਰਗ ਖੁੱਲ੍ਹੇ ਰੱਖਣੇ ਚਾਹੀਦੇ ਹਨ।

ਭਾਰਤ ਦੀ ਭੂਮਿਕਾ ਬ੍ਰਿਕਸ ਕਿਸੇ ਦੇਸ਼ ਦੇ ਵਿਰੁੱਧ ਨਹੀਂ, ਸਗੋਂ ਵਧੇਰੇ ਨਿਆਂਪੂਰਨ ਵਿਸ਼ਵ ਵਿਵਸਥਾ ਲਈ ਹੋਵੇ।

ਅਤੇ

ਬ੍ਰਿਕਸ ਕਿਸੇ ਇੱਕ ਕਰੰਸੀ ਦੀ ਥਾਂ ਦੂਜੀ ਮੁਦਰਾ ਦੀ ਬਾਦਸ਼ਾਹਤ ਨਹੀਂ, ਸਗੋਂ ਕਈ ਮੁਦਰਾਵਾਂ ਦੀ ਸੰਤੁਲਿਤ ਭੂਮਿਕਾ ਬਣਾਏ।

ਅਤੇ

ਬ੍ਰਿਕਸ ਵਿੱਤੀ ਨਿਰਭਰਤਾ ਨਹੀਂ, ਸਗੋਂ ਆਰਥਿਕ ਵਿਕਲਪ ਪੈਦਾ ਕਰੇ।

ਬ੍ਰਿਕਸ ਭਾਵੇਂ ਡਾਲਰ ਦੀ ਬਾਦਸ਼ਾਹਤ ਨੂੰ ਇੱਕ ਝਟਕੇ ਵਿੱਚ ਖਤਮ ਨਹੀਂ ਕਰ ਸਕਦਾ ਪਰ, ਇਹ ਡਾਲਰ-ਕੇਂਦਰਿਤ ਵਿਸ਼ਵ ਵਿੱਤੀ ਵਿਵਸਥਾ ਦੇ ਇਕਛੱਤਰੀ ਪ੍ਰਭਾਵ ਨੂੰ ਚੁਣੌਤੀ ਦੇ ਸਕਦਾ ਹੈ। ਇਸ ਦੀ ਤਾਕਤ ਕਿਸੇ ਨਵੀਂ ਸਾਂਝੀ ਕਰੰਸੀ ਵਿੱਚ ਨਹੀਂ, ਸਗੋਂ ਸਥਾਨਕ ਕਰੰਸੀਆਂ , ਆਪਸੀ ਭੁਗਤਾਨ ਪ੍ਰਣਾਲੀਆਂ, ਡਿਜ਼ੀਟਲ ਤਕਨਾਲੋਜੀ ਅਤੇ ਵਿਕਾਸਸ਼ੀਲ ਦੇਸ਼ਾਂ ਦੀ ਸਾਂਝੀ ਆਵਾਜ਼ ਵਿੱਚ ਹੈ।

ਭਾਰਤ ਲਈ ਇਹ ਮੌਕਾ ਵੀ ਹੈ ਅਤੇ ਇਮਤਿਹਾਨ ਵੀ। ਮੌਕਾ ਇਸ ਲਈ ਕਿ ਰੁਪਏ, ਭਾਰਤੀ ਤਕਨਾਲੋਜੀ ਅਤੇ ਭਾਰਤੀ ਵਪਾਰ ਨੂੰ ਵਿਸ਼ਵ ਪੱਧਰ ’ਤੇ ਵਧਾਇਆ ਜਾ ਸਕਦਾ ਹੈ। ਇਮਤਿਹਾਨ ਇਸ ਲਈ ਕਿ ਚੀਨ ਦੇ ਵਧਦੇ ਪ੍ਰਭਾਵ, ਬ੍ਰਿਕਸ ਦੇ ਅੰਦਰੂਨੀ ਵਿਰੋਧਾਂ ਅਤੇ ਆਰਥਿਕ ਮੁਸ਼ਕਿਲਾਂ ਵਿਚਕਾਰ ਭਾਰਤ ਨੂੰ ਆਪਣੀ ਖੁਦਮੁਖਤਿਆਰੀ ਕਾਇਮ ਰੱਖਣੀ ਹੋਵੇਗੀ।

ਅਸਲ ਬਦਲਾਅ ਉਸ ਦਿਨ ਨਹੀਂ ਹੋਵੇਗਾ ਜਦੋਂ ਕੋਈ ਨਵੀਂ ਬ੍ਰਿਕਸ ਕਰੰਸੀ ਜਾਰੀ ਹੋਵੇਗੀ। ਅਸਲ ਬਦਲਾਅ ਉਸ ਵੇਲੇ ਹੋਵੇਗਾ ਜਦੋਂ ਦੁਨੀਆ ਦੇ ਦੇਸ਼ਾਂ ਕੋਲ ਵਪਾਰ ਅਤੇ ਭੁਗਤਾਨ ਲਈ ਇੱਕ ਤੋਂ ਵੱਧ ਭਰੋਸੇਯੋਗ ਰਸਤੇ ਹੋਣਗੇ।

ਹੁਣ ਮੁੱਦਾ ਬ੍ਰਿਕਸ ਵਿੱਚ ਡਾਲਰ ਨੂੰ ਖਤਮ ਕਰਨ ਦਾ ਨਹੀਂ ਸਗੋਂ ਬ੍ਰਿਕਸ ਰਾਹੀਂ ਦੁਨੀਆ ਨੂੰ ਇੱਕ ਨਵਾਂ ਆਰਥਿਕ ਵਿਕਲਪ ਦੇਣਾ ਹੈ ਕੀ ਭਾਰਤ ਉਸ ਵਿਕਲਪ ਦਾ ਨਿਰਮਾਤਾ ਬਣੇਗਾ ਜਾਂ ਸਿਰਫ਼ ਕਿਸੇ ਹੋਰ ਸ਼ਕਤੀ ਦੇ ਪਿੱਛੇ ਚੱਲੇਗਾ ?

# ਇੱਕ ਲੱਖ ਤੋਂ ਵੱਧ ਆਬਾਦੀ ਵਾਲੇ ਸ਼ਹਿਰਾਂ ਤੋਂ ਬਾਹਰ ਬਣਾਏ ਜਾਣਗੇ ਰਿੰਗ ਰੋਡ, ਮੁੱਖ ਮੰਤਰੀ ਨੇ ਦਿੱਤੀ ਮਨਜ਼ੂਰੀ

**➢ ਫਾਈਨੈਂਸ਼ੀਅਲ ਮਾਡਲ ਫਾਰ ਸਟੇਟ ਕੰਟਰੀਬਿਊਸ਼ਨ ਨੂੰ ਲੈ ਕੇ ਹੋਈ ਮੀਟਿੰਗ ➢ ਹਿਸਾਰ, ਕੁਰੂਕਸ਼ੇਤਰ, ਨਾਰਨੌਲ, ਜੀਂਦ ਅਤੇ ਸੋਹਨਾ ਪਲਵਲ ਵਿੱਚ ਬਾਈਪਾਸ ਨਿਰਮਾਣ ਕਾਰਜ ਨੂੰ ਮਿਲੀ ਮਨਜ਼ੂਰੀ ਪ੍ਰੋਜੈਕਟਾਂ ਉੱਤੇ ਖਰਚ ਹੋਣਗੇ 9700 ਕਰੋੜ ਰੁਪਏ**

**ਚੰਡੀਗੜ੍ਹ 14 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਲੋਕਾਂ ਲਈ ਬਿਹਤਰ ਆਵਾਜਾਈ ਯਕੀਨੀ ਬਣਾਉਣ ਲਈ ਇੱਕ ਲੱਖ ਤੋਂ ਵੱਧ ਆਬਾਦੀ ਵਾਲੇ ਸ਼ਹਿਰਾਂ ਅਤੇ ਕਸਬਿਆਂ ਤੋਂ ਬਾਹਰ ਰਿੰਗ ਰੋਡ ਅਤੇ ਨੈਸ਼ਨਲ ਹਾਈਵੇ ਬਣਾਉਣ ਦੇ ਕਾਰਜ ਨੂੰ ਮਨਜ਼ੂਰੀ ਪ੍ਰਦਾਨ ਕੀਤੀ ਗਈ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸਕੱਤਰੇਤ ਵਿੱਚ ਰਾਸ਼ਟਰੀ ਰਾਜਮਾਰਗ ਤੋਂ ਸ਼ਹਿਰੀ ਖੇਤਰ ਵਿੱਚ ਭੀੜ-ਭੜੱਕਾ ਘਟਾਉਣ ਲਈ ਮਾਸਟਰ ਪਲਾਨ ਦੇ ਤਹਿਤ ਐਡੋਪਸ਼ਨ ਆਫ ਫਾਈਨੈਂਸ਼ੀਅਲ ਮਾਡਲ ਫਾਰ ਸਟੇਟ ਕੰਟਰੀਬਿਊਸ਼ਨ ਨੂੰ ਲੈ ਕੇ ਆਯੋਜਿਤ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਸ੍ਰੀ ਰਣਬੀਰ ਗੰਗਵਾ, ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਸਮੇਤ ਕਈ ਸੀਨੀਅਰ ਅਧਿਕਾਰੀ ਮੌਜੂਦ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਮਾਸਟਰ ਪਲਾਨ ਦੇ ਤਹਿਤ ਬਾਹਰੀ ਰਿੰਗ ਰੋਡ ਅਤੇ ਨੈਸ਼ਨਲ ਹਾਈਵੇ ਬਣਾਉਣ ਲਈ ਕੇਂਦਰ ਸਰਕਾਰ ਅਨੁਸਾਰ ਪਾਲਸੀ ਤਿਆਰ ਕੀਤੀ ਜਾਵੇ, ਤਾਂ ਜੋ ਸ਼ਹਿਰਾਂ ਅਤੇ ਕਸਬਿਆਂ ਵਿੱਚ ਟ੍ਰੈਫਿਕ ਦਾ ਦਬਾਅ ਘਟਾਉਣ ਲਈ ਬਣਾਈਆਂ ਜਾਣ ਵਾਲੀਆਂ ਸੜਕਾਂ ਨੂੰ ਅਮਲੀ ਜਾਮਾ ਪਹਿਨਾਇਆ ਜਾ ਸਕੇ।

ਮੀਟਿੰਗ ਦੌਰਾਨ ਕੇਂਦਰ ਸਰਕਾਰ ਦੇ ਲਾਗਤ ਸ਼ੇਅਰ ਲਈ ਵਿੱਤ ਵਿਭਾਗ, ਲੋਕ ਨਿਰਮਾਣ ਵਿਭਾਗ ਅਤੇ ਸ਼ਹਿਰੀ ਸਥਾਨਕ ਸਰਕਾਰ ਵਿਭਾਗ ਦੇ ਅਧਿਕਾਰੀਆਂ ਦੀ ਤਿੰਨ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ।



ਮੁੱਖ ਮੰਤਰੀ ਨੇ ਮੀਟਿੰਗ ਵਿੱਚ ਹਿਸਾਰ ਬਾਈਪਾਸ, ਕੁਰੂਕਸ਼ੇਤਰ ਬਾਈਪਾਸ, ਨਾਰਨੌਲ ਸਿਟੀ ਬਾਈਪਾਸ, ਜੀਂਦ ਬਾਈਪਾਸ ਅਤੇ ਸੋਹਨਾ ਪਲਵਲ ਬਾਈਪਾਸ ਨਿਰਮਾਣ ਕਾਰਜ ਨੂੰ ਮਨਜ਼ੂਰੀ ਪ੍ਰਦਾਨ ਕੀਤੀ। ਹਿਸਾਰ ਬਾਈਪਾਸ, ਹਿਸਾਰ-ਰਾਜਗੜ੍ਹ ਰੋਡ ਐਨ.ਐਚ. 52 ਤੋਂ ਹਿਸਾਰ ਦਿੱਲੀ ਰੋਡ ਅਤੇ ਹਿਸਾਰ ਕੈਥਲ ਰੋਡ ਨੂੰ ਜੋੜਨ ਦਾ ਕਾਰਜ ਕਰੇਗਾ। ਇਸੇ ਤਰ੍ਹਾਂ ਕੁਰੂਕਸ਼ੇਤਰ ਲਾਡਵਾ ਬਾਈਪਾਸ ਦੀ ਵੀ ਡੀ.ਪੀ.ਆਰ. ਤਿਆਰ ਕਰ ਲਈ ਗਈ ਹੈ। ਜਲਦੀ ਹੀ ਇਸ ਪ੍ਰੋਜੈਕਟ ਉੱਤੇ ਵੀ ਕਾਰਜ ਸ਼ੁਰੂ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਨਾਰਨੌਲ ਸਿਟੀ ਬਾਈਪਾਸ ਦਾ ਵੀ ਨਿਰਮਾਣ ਕੀਤਾ ਜਾਵੇਗਾ। ਲਗਭਗ 11 ਕਿਲੋਮੀਟਰ ਲੰਬੇ ਇਸ ਬਾਈਪਾਸ ਨੂੰ ਸਟੇਟ ਹਾਈਵੇ ਐਨ.ਐਚ. 148ਬੀ ਨਾਲ ਜੋੜਿਆ ਜਾਵੇਗਾ। ਇਸ ਤੋਂ ਇਲਾਵਾ ਜੀਂਦ ਦੇ ਦੂਜੇ ਪਾਸੇ ਬਾਹਰੀ ਰਿੰਗ ਰੋਡ ਅਤੇ ਬਾਈਪਾਸ ਐਨ.ਐਚ. 352 ਚਾਰ ਮਾਰਗੀ ਸੜਕ ਦਾ ਨਿਰਮਾਣ ਕੀਤਾ ਜਾਵੇਗਾ। ਐਨ.ਐਚ. 919 ਤੋਂ ਪਲਵਲ ਸੋਹਨਾ ਬਾਈਪਾਸ ਨੂੰ ਵੀ ਮੁੜ ਨਿਰਮਾਣ ਅਤੇ ਰੀ-ਡਿਜ਼ਾਈਨ ਕਰਕੇ ਨਿਰਮਾਣ ਕੀਤਾ ਜਾਵੇਗਾ।

ਇਹ ਚਾਰ ਮਾਰਗੀ ਸੜਕ ਮਾਰਗ ਲਗਭਗ 24 ਕਿਲੋਮੀਟਰ ਲੰਬਾਈ ਦਾ ਹੋਵੇਗਾ। ਇਨ੍ਹਾਂ ਪ੍ਰੋਜੈਕਟਾਂ ਉੱਤੇ ਲਗਭਗ 9700 ਕਰੋੜ ਰੁਪਏ ਦੀ ਲਾਗਤ ਆਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਡੀ.ਐਨ.ਡੀ.-ਫਰੀਦਾਬਾਦ-ਬੱਲਭਗੜ੍ਹ ਬਾਈਪਾਸ ਕੇ.ਐਮ.ਪੀ. ਲਿੰਕ ਤੋਂ ਦਿੱਲੀ ਮੁੰਬਈ ਐਕਸਪ੍ਰੈਸ ਵੇਅ ਗ੍ਰੀਨਫੀਲਡ ਕਨੈਕਟੀਵਿਟੀ ਜੇਵਰ ਇੰਟਰਨੈਸ਼ਨਲ ਏਅਰਪੋਰਟ ਨਾਲ ਜੋੜਨ ਲਈ ਵੀ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਕਰਨਾਲ ਰਿੰਗ ਰੋਡ ਲਈ ਵੀ ਜ਼ਮੀਨ ਸ਼ੇਅਰ ਜਮ੍ਹਾਂ ਕਰਵਾ ਦਿੱਤਾ ਗਿਆ ਹੈ। ਅੰਬਾਲਾ ਸ਼ਹਿਰ ਅਤੇ ਅੰਬਾਲਾ ਕੈਂਟ ਨੂੰ ਜੋੜਨ ਲਈ ਰਿੰਗ ਰੋਡ ਦਾ ਕਾਰਜ ਵੀ ਨਿਰਮਾਣਾਧੀਨ ਹੈ। ਇਸ ਨੂੰ ਜਲਦੀ ਹੀ ਪੂਰਾ ਕਰ ਲਿਆ ਜਾਵੇਗਾ।

ਇਸ ਤੋਂ ਇਲਾਵਾ ਮੀਟਿੰਗ ਵਿੱਚ ਰੇਵਾੜੀ ਭਟਿੰਡਾ ਰੇਲਵੇ ਲਾਈਨ ਉੱਤੇ ਸਿਰਸਾ ਵਿੱਚ ਸਿਵਲ ਸਟੇਸ਼ਨ ਰੋਡ ਉੱਤੇ ਰੇਲਵੇ ਅੰਡਰ ਬ੍ਰਿਜ ਨਿਰਮਾਣ ਅਤੇ ਕਨੀਨਾ ਮਹਿੰਦਰਗੜ੍ਹ ਰੋਡ ਤੋਂ ਅਨਾਵਾਸ, ਢਾਣੀ ਰਾਜਾਵਾਸ ਸਕੂਲ ਤੋਂ ਬਲਾਣਾ, ਖਾਤੋਦ ਤੋਂ ਬੁਡੀਨ, ਨਿੰਭੇੜਾ ਅਤੇ ਬਲੈਚਾ ਲਈ ਲਿੰਕ ਰੋਡ, ਮਹਿੰਦਰਗੜ੍ਹ ਬੁਚੌਲੀ ਰੋਡ, ਨਾਂਗਵਾਸ ਤੋਂ ਅਟੇਲੀ ਸੜਕ ਦੇ ਵਾਧੂ ਕਾਰਜ ਨੂੰ ਵੀ ਮਨਜ਼ੂਰੀ ਪ੍ਰਦਾਨ ਕੀਤੀ।

# ਬਿਜਲੀ ਕੱਟਾਂ ਦੇ ਮੁੱਦੇ ’ਤੇ ਪਟਿਆਲਾ ਵਿੱਚ ਕਾਂਗਰਸ ਦਾ ਪ੍ਰਦਰਸ਼ਨ, ਰਾਜਾ ਵੜਿੰਗ ਨੇ ਪੰਜਾਬ ਸਰਕਾਰ ਨੂੰ ਘੇਰਿਆ

**ਪਟਿਆਲਾ, 14 ਸਤੰਬਰ**
**-ਬਲਜੀਤ ਸਰਨਾ-**

ਪੰਜਾਬ ਵਿੱਚ ਵਾਰ-ਵਾਰ ਲੱਗ ਰਹੇ ਬਿਜਲੀ ਕੱਟਾਂ ਅਤੇ ਬਿਜਲੀ ਦੀ ਕਥਿਤ ਘਾਟ ਦੇ ਮੁੱਦੇ ਨੂੰ ਲੈ ਕੇ ਪੰਜਾਬ ਕਾਂਗਰਸ ਵੱਲੋਂ ਪਟਿਆਲਾ ਵਿੱਚ ਬਿਜਲੀ ਬੋਰਡ ਦੇ ਦਫ਼ਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਸ਼ਾਮਲ ਹੋਏ। ਪ੍ਰਦਰਸ਼ਨ ਦੌਰਾਨ ਕਾਂਗਰਸੀ ਵਰਕਰਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਬਿਜਲੀ ਸਪਲਾਈ ਦੀ ਸਥਿਤੀ ’ਤੇ ਸਵਾਲ ਉਠਾਏ। ਕਾਂਗਰਸੀ ਆਗੂਆਂ ਨੇ ਦੋਸ਼ ਲਗਾਇਆ ਕਿ ਲਗਾਤਾਰ ਬਿਜਲੀ ਕੱਟਾਂ ਕਾਰਨ ਆਮ ਲੋਕਾਂ, ਕਿਸਾਨਾਂ ਅਤੇ ਉਦਯੋਗਿਕ ਖੇਤਰ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।




ਜਦੋਂ ਰਾਜਾ ਵੜਿੰਗ ਅਤੇ ਹੋਰ ਕਾਂਗਰਸੀ ਵਰਕਰਾਂ ਨੇ ਬਿਜਲੀ ਬੋਰਡ ਦਫ਼ਤਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਤਾਂ ਮੌਕੇ ’ਤੇ ਤਾਇਨਾਤ ਪੁਲਿਸ ਨੇ ਉਨ੍ਹਾਂ ਨੂੰ ਰੋਕ ਦਿੱਤਾ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਪੁਲਿਸ ਵਿਚਕਾਰ ਤਕਰਾਰ ਅਤੇ ਧੱਕਾ-ਮੁੱਕੀ ਦੀ ਸਥਿਤੀ ਬਣ ਗਈ। ਸਥਿਤੀ ਨੂੰ ਕਾਬੂ ਕਰਨ ਲਈ ਪੁਲਿਸ ਵੱਲੋਂ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੇ ਜਾਣ ਦੀ ਗੱਲ ਵੀ ਸਾਹਮਣੇ ਆਈ। ਇਸ ਮੌਕੇ ਰਾਜਾ ਵੜਿੰਗ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ’ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਨੇ ਲੋਕਾਂ ਨਾਲ ਕੀਤੇ ਕਈ ਵਾਅਦੇ ਪੂਰੇ ਨਹੀਂ ਕੀਤੇ ਅਤੇ ਬਿਜਲੀ ਸੰਕਟ ਕਾਰਨ ਲੋਕਾਂ ਨੂੰ ਪਰੇਸ਼ਾਨੀ ਝੱਲਣੀ ਪੈ ਰਹੀ ਹੈ।



ਰਾਜਾ ਵੜਿੰਗ ਨੇ ਪੰਜਾਬ ਦੀ ਕਾਨੂੰਨ ਵਿਵਸਥਾ ਅਤੇ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਵੀ ਸਰਕਾਰ ਨੂੰ ਘੇਰਿਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਸੁਧਾਰਨ ਦੇ ਕੀਤੇ ਦਾਅਵਿਆਂ ਦੇ ਬਾਵਜੂਦ ਜ਼ਮੀਨੀ ਪੱਧਰ ’ਤੇ ਲੋਕ ਕਈ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸਰਕਾਰ ਬਣਾਉਣ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨਾਲ ਵੱਡੇ ਵਾਅਦੇ ਕੀਤੇ ਸਨ, ਪਰ ਮੌਜੂਦਾ ਹਾਲਾਤ ਉਨ੍ਹਾਂ ਵਾਅਦਿਆਂ ਦੇ ਉਲਟ ਤਸਵੀਰ ਪੇਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਬਿਜਲੀ ਕੱਟ, ਨਸ਼ਿਆਂ ਦੀ ਸਮੱਸਿਆ ਅਤੇ ਕਾਨੂੰਨ ਵਿਵਸਥਾ ਵਰਗੇ ਮੁੱਦੇ ਅੱਜ ਵੀ ਪੰਜਾਬ ਦੇ ਲੋਕਾਂ ਲਈ ਚਿੰਤਾ ਦਾ ਕਾਰਨ ਬਣੇ ਹੋਏ ਹਨ। ਪ੍ਰਦਰਸ਼ਨ ਦੌਰਾਨ ਪੁਲਿਸ ਅਤੇ ਕਾਂਗਰਸੀ ਵਰਕਰਾਂ ਵਿਚਕਾਰ ਹੋਈ ਧੱਕਾ-ਮੁੱਕੀ ਅਤੇ ਪਾਣੀ ਦੀਆਂ ਤੋਪਾਂ ਦੀ ਵਰਤੋਂ ਕਾਰਨ ਮਾਹੌਲ ਤਣਾਅਪੂਰਨ ਬਣਿਆ ਰਿਹਾ। ਕਾਂਗਰਸ ਨੇ ਬਿਜਲੀ ਸਪਲਾਈ ਨਾਲ ਜੁੜੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਦੀ ਮੰਗ ਕੀਤੀ।

ਪੰਜਾਬ ਸਰਕਾਰ ਨੇ ਸਾਡੇ ਨਾਲ ਧੋਖਾ ਦਿੱਤਾ ਸਾਨੂੰ ਗ੍ਰਿਫ਼ਤਾਰ ਕਰਨ ਦੇ ਬਹਾਨੇ ਸਾਨੂੰ ਐਜੀਟੇਸ਼ਨ ਤੋਂ ਦੂਰ ਲੈ ਗਏ ਅਤੇ ਇੱਧਰ ਉੱਧਰ ਬੱਸ ਨੰਬਰ ਪੀ ਬੀ 11 ਡੀ ਏ 8054 ਤੇ ਘੁਮਾਇਆ ਅਤੇ ਬੱਸ ਚੋਂ ਉਤਾਰ ਕੇ ਕਹਿੰਦੇ ਜਾਓ ਅਸੀ ਇਸ ਸਬੰਧੀ ਓਥੇ ਪੰਜਾਬ ਸਰਕਾਰ ਮੁਰਦਾਬਾਦ ਦੇ ਨਾਅਰੇ ਲਗਾਏ. ਪੰਜਾਬ ਸਰਕਾਰ ਕੋਝੀਆਂ ਚਾਲਾਂ ਨਾਲ ਆਪਣੇ ਆਪ ਨੂੰ ਨਹੀ ਬਚਾ ਸਕੇਗੀ।



## ਪੋਲੀਟਿਕਸ



# ਅੱਜ ਦੀ ਪੀੜ੍ਹੀ ਲਈ ਸਾਈਕਲੋਪੀਡੀਆ ਸਨ ਸ਼੍ਰੀਮਤੀ ਇੰਦਰਜੀਤ ਕੌਰ: ਸੀਐੱਮ ਨਾਇਬ ਸੈਣੀ

**ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਜਗਜੀਤ ਸਿੰਘ ਦਰਦੀ, ਸ਼ਹੀਦ ਏ ਆਜ਼ਮ ਦੇ ਚੇਅਰਮੈਨ ਪ੍ਰਭਜੀਤ ਸਿੰਘ ਚੌਧਰੀ ਦੀ ਭੈਣ ਅਤੇ ਸੀਐੱਮ ਹਰਿਆਣਾ ਦੇ ਓਐੱਸਡੀ ਡਾ. ਪ੍ਰਭਲੀਨ ਸਿੰਘ ਦੇ ਮਾਤਾ ਨੂੰ ਮੁੱਖ ਮੰਤਰੀ ਹਰਿਆਣਾ ਸਮੇਤ ਵੱਡੀ ਗਿਣਤੀ ਚ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਸਖਸ਼ੀਅਤਾਂ ਵਲੋਂ ਸ਼ਰਧਾਂਜਲੀ**





ਪਟਿਆਲਾ, 14 ਸਤੰਬਰ
-ਅਮਰਜੀਤ ਸਿੰਘ ਲਾਂਬਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਡਾ ਜਗਜੀਤ ਸਿੰਘ ਦਰਦੀ ਦੇ ਸਤਿਕਾਰਯੋਗ ਭੈਣ ਜੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਉਹ ਐਸਡੀ ਡਾ ਪ੍ਰਭਲੀਨ ਸਿੰਘ ਦੇ ਸਤਿਕਾਰਯੋਗ ਮਾਤਾ ਜੀ ਸ਼੍ਰੀਮਤੀ ਇੰਦਰਜੀਤ ਕੌਰ ਹੈਰੀ ਪਤਨੀ ਸਵ. ਹਰਮਿੰਦਰ ਸਿੰਘ ਹੈਰੀ ਦੀ ਅੱਜ ਇਥੇ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਅੰਤਿਮ ਅਰਦਾਸ ਹੋਈ। ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਸਮੇਤ ਵੱਡੀ ਗਿਣਤੀ ਚ ਧਾਰਮਿਕ ਸਮਾਜਿਕ ਅਤੇ ਰਾਜਨੀਤਿਕ ਆਗੂਆਂ ਨੇ ਸ਼ਰਧਾਂਜਲੀ ਅਰਪਿਤ ਕੀਤੀ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਵਰਗੀ ਸਰਦਾਰਨੀ ਇੰਦਰਜੀਤ ਕੌਰ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ ਅਤੇ ਦੁਖੀ ਪਰਿਵਾਰ ਨਾਲ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਡਾ. ਪ੍ਰਭਲੀਨ ਸਿੰਘ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਦੁੱਖ ਦੀ ਇਸ ਘੜੀ ਵਿੱਚ ਉਨ੍ਹਾਂ ਨੂੰ ਹੌਂਸਲਾ ਦਿੱਤਾ। ਉਨ੍ਹਾਂ ਕਿਹਾ ਕਿ ਮਾਤਾ ਦਾ ਦਿਹਾਂਤ ਪਰਿਵਾਰ ਲਈ ਅਪੂਰਣਯੋਗ ਘਾਟਾ ਹੈ। ਉਨ੍ਹਾਂ ਪਰਮਾਤਮਾ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਦੁਖੀ ਪਰਿਵਾਰ ਨੂੰ ਇਸ ਔਖੇ ਸਮੇਂ ਵਿੱਚ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ

ਇਸ ਮੌਕੇ ਨਾਇਬ ਸੈਣੀ ਨੇ ਕਿਹਾ ਕਿ ਸ਼੍ਰੀਮਤੀ ਇੰਦਰਜੀਤ ਕੌਰ ਨੂੰ ਸਾਡੀ ਆਉਣ ਵਾਲੀ ਪੀੜ੍ਹੀ ਲਈ ਮਹਾਨ ਵਿਸ਼ਵਕੋਸ ਵਜੋਂ ਦੇਖਿਆ ਜਾ ਸਕਦਾ ਹੈ। ਜਿਨਾਂ ਨੇ ਬਹੁਤ ਸਾਰੀਆਂ ਕਿਤਾਬਾਂ ਪੜੀਆਂ, ਲਿਖੀਆਂ ਉਨ੍ਹਾਂ ਦਾ ਵਿਵਰਣ ਕੀਤਾ ਅਤੇ ਵਿਸ਼ਵਕੋਸ਼ ਵਜੋਂ ਕੰਮ ਕੀਤਾ।

ਉਹਨਾਂ ਕਿਹਾ ਕਿ ਅੱਜ ਦੇ ਸਮੇਂ ਚ ਹਰ ਇਕ ਘਰ ਚ ਬਜ਼ੁਰਗ ਦੀ ਜਰੂਰਤ ਮਹਿਸੂਸ ਹੁੰਦੀ ਹੈ। ਖਾਸ ਕਰਕੇ ਜਦੋਂ ਕਿਸੇ ਦੀ ਮਾਂ ਦਾ ਜ਼ਿਕਰ ਹੁੰਦਾ ਹੈ ਤਾਂ ਉੱਥੇ ਹੋਰ ਵੀ ਅਹਿਮ ਹੋ ਜਾਂਦਾ ਹੈ। ਉਹਨਾਂ ਕਿਹਾ ਸਾਨੂੰ ਬਜ਼ੁਰਗਾਂ ਦੀ ਸੇਵਾ ਕਰਨੀ ਚਾਹੀਦੀ ਹੈ ਅਤੇ ਆਪਣੇ ਬਜ਼ੁਰਗਾਂ ਵਿੱਚ ਹੀ ਰੱਬ ਮਿਲਦਾ ਹੈ। ਮੁੱਖ ਮੰਤਰੀ ਹਰਿਆਣਾ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਮੁੱਚੇ ਦਰਦੀ ਪਰਿਵਾਰ ਲਈ ਇਹ ਬਹੁਤ ਦੁੱਖ ਦਰਦ ਦਾ ਸਮਾਂ ਹੈ ਅਸੀਂ ਅਰਦਾਸ ਕਰਦੇ ਹਾਂ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਚ ਨਿਵਾਸ ਦੇ ਕੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਪੰਜਾਬ, ਹਰਿਆਣਾ ਸਮੇਤ ਹੋਰਨਾਂ ਰਾਜਾਂ ਤੋਂ ਵੱਡੀ ਗਿਣਤੀ ਚ ਪੰਥਕ ਸ਼ਖਸੀਅਤਾਂ, ਰਾਜਨੀਤਿਕ ਆਗੂ ਅਤੇ ਸਮਾਜਿਕ ਕਾਰਕੁਨ ਸ਼ਾਮਲ ਹੋਏ।

ਇਸ ਮੌਕੇ ਵਿਸ਼ੇਸ਼ ਤੌਰ ਤੇ ਕੈਬਨਿਟ ਮੰਤਰੀ ਡਾ ਬਲਬੀਰ ਸਿੰਘ, ਸਮਾਲ ਨਿਊਜ਼ ਪੇਪਰ ਪਬਲਿਸ਼ਰ ਐਸਸੀਏਸ਼ਨ ਅਤੇ ਪ੍ਰੈਸ ਕੀ ਤਾਕਤ ਅਖਬਾਰ ਸਮੂਹ ਦੇ ਚੇਅਰਮੈਨ ਸ਼ਿਵ ਨਾਰਾਇਣ ਜਾਂਗੜਾ, ਸਾਬਕਾ ਜਥੇਦਾਰ ਗਿਆਨੀ ਰਘਵੀਰ ਸਿੰਘ, ਹਰਿਆਣਾ ਸਿੱਖ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਜੀਤ ਸਿੰਘ ਝੀਂਡਾ, ਸਾਂਸਦ ਸਤਨਾਮ ਸਿੰਘ ਸੰਧੂ, ਸਾਬਕਾ ਵੀਸੀ ਡਾਕਟਰ ਜਸਪਾਲ ਸਿੰਘ, ਸਾਬਕਾ ਸਾਸਦ ਤਰਲੋਚਨ ਸਿੰਘ, ਵਿਵੇਕ ਕਾਲੀਆ ਓਐਸਡੀ ਹਰਿਆਣਾ, ਰਜਿੰਦਰ ਫੋਗਾਟ ਹਰਿਆਣਾ, ਡਾ ਰਾਜ ਨਹਰੂ, ਵਰਿੰਦਰ ਸਿੰਘ ਖਾਲਸਾ, ਐਮਐਲਏ ਅਜੀਤਪਾਲ ਸਿੰਘ ਕੋਹਲੀ, ਐਮਐਲਏ ਦੇਵ ਮਾਨ, ਪ੍ਰਸਿੱਧ ਅਦਾਕਾਰ ਵਿਨੂੰ ਢਿੱਲੋ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬੰਡੂਗਰ, ਸਾਬਕਾ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ, ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੇਲ ਸਿੰਘ,ਪ੍ਰਕਾਸ਼ ਸਿੰਘ ਸਾਹੂਵਾਲਾ, ਕਰਮਜੀਤ ਸਿੰਘ ਫਤਿਹਾਬਾਦ, ਇਕਬਾਲ ਸਿੰਘ ਖੋਖਰ, ਬਾਬਾ ਨਿੰਦਰ ਸਿੰਘ, ਸੁਰਿੰਦਰ ਸਿੰਘ, ਗੁਰਜਿੰਦਰ ਸਿੰਘ ਜੀਂਦ, ਹਰਮਨਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਸ਼ਿਵ ਸੈਨਾ ਆਗੂ ਪਵਨ ਗੁਪਤਾ, ਬ੍ਰਹਮਾ ਨੰਦ ਗਿਰੀ ਮੁਖੀ ਹਿੰਦੂ ਤਖਤ, ਮਹੰਤ ਕਰਮਜੀਤ ਸਿੰਘ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਬਾਬਾ ਰਾਜ ਸਿੰਘ ਕਾਲਝਰਾਣੀ, ਬਾਬਾ ਨੋ ਨਿਹਾਲ ਸਿੰਘ, ਚਰਨਜੀਤ ਸਿੰਘ ਬਰਾੜ, ਸੰਤ ਸ਼ਮਸ਼ੇਰ ਸਿੰਘ ਸਰਦੂਲਗੜ੍ਹ, ਵਰਿੰਦਰ ਸਿੰਘ ਵਾਲੀਆ, ਐਸਜੀਪੀਸੀ ਮੈਂਬਰ ਕੁਲਦੀਪ ਕੌਰ ਟੌਹੜਾ, ਹਰਿੰਦਰਪਾਲ ਸਿੰਘ ਟੋਹੜਾ, ਬਾਬਾ ਗੁਰਮੀਤ ਸਿੰਘ ਕਾਰ ਸੇਵਾ ਸ਼ਾਹਬਾਦ, ਸਿੱਖ ਬੁੱਧੀਜੀਵੀ ਪ੍ਰੋਫੈਸਰ ਬਲਕਾਰ ਸਿੰਘ, ਸੁਨੀਲ ਸ਼ਰਮਾ ਮੁੱਖ ਮੰਤਰੀ ਹਰਿਆਣਾ ਦੇ ਪੀਐਸ, ਨੀਲਧਾਰੀ ਸੰਪਰਦਾ, ਸਾਬਕਾ ਚੇਅਰਮੈਨ ਸੁਰਜੀਤ ਸਿੰਘ ਅਬਲੋਵਾਲ, ਪ੍ਰੋਫੈਸਰ ਓਂਕਾਰ ਸਿੰਘ, ਵਾਈਸ ਚਾਂਸਲਰ ਡਾ ਸਰਬਜਿੰਦਰ ਸਿੰਘ, ਸੰਜੀਵ ਸ਼ਰਮਾ ਬਿੱਟੂ, ਸਤਵੀਰ ਸਿੰਘ ਖਟੜਾ, ਗੁਰਜੀਤ ਸਿੰਘ ਕੋਹਲੀ, ਮਨਿੰਦਰ ਸੈਣੀ ਏਡੀਸੀ ਟੂ ਸੀਐਮ ਹਰਿਆਣਾ, ਜਸਵੀਰ ਸਿੰਘ ਗੁਲਾਟੀ, ਐਸਡੀ ਸੀਐਮ ਹਰਿਆਣਾ ਕਰਨ, ਪ੍ਰਿਤਪਾਲ ਸਿੰਘ ਪੰਨੂ, ਅਵਿਸ਼ੇਕ ਬਿਜ,ਪ੍ਰਧਾਨ ਜਸਵੀਰ ਸਿੰਘ ਕਹੋਟਾ ਪਠਾਰ ਐਸੋਸੀਏਸ਼ਨ, ਹਰਪ੍ਰੀਤ ਸਿੰਘ ਸਾਹਨੀ, ਪੰਜਾਬੀ ਕਲਾਕਾਰ ਪੰਮੀ ਬਾਈ, ਡਾਕਟਰ ਮਨਮੋਹਨ ਸਿੰਘ, ਡਾਕਟਰ ਗੁਰਮੋਨ ਸਿੰਘ ਵਾਲੀਆ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਦੇ ਸਪੁੱਤਰ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਪਰਮਜੀਤ ਸਿੰਘ ਖੁਰਾਣਾ, ਬਖਸ਼ੀ ਮਨਦੀਪ ਕੌਰ ਇਸਤਰੀ ਵਿੰਗ ਪ੍ਰਧਾਨ ਦਿੱਲੀ, ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ, ਸਪੈਸ਼ਲ ਡੀਜੀਪੀ ਪੰਜਾਬ ਏਐਸ ਰਾਏ, ਐਮਐਲਏ ਕਮਲਜੀਤ ਸਿੰਘ ਅਜਰਾਨਾ,ਸ ਸਤਪਾਲ ਸਿੰਘ ਲਾਡਵਾ, ਸੁਖਦਰਸ਼ਨ ਸਿੰਘ, ਤਜਿੰਦਰ ਪਾਲ ਸਿੰਘ ਸੰਧੂ, ਤਜਿੰਦਰ ਮਹਿਤਾ ਚੇਅਰਮੈਨ ਜਿਲਾ ਯੋਜਨਾ ਬੋਰਡ, ਵਿਜੇ ਕੁਮਾਰ ਗਰਗ ਕੁਕਾ ਜਿਲਾ ਪ੍ਰਧਾਨ ਬੀਜੇਪੀ, ਸਾਬਕਾ ਮੇਅਰ ਅਮਰਿੰਦਰ ਸਿੰਘ ਬਜਾਜ, ਸ੍ਰੀ ਦੀਪਕ ਓਐਸਡੀ ਸੀਐਮ, ਮੁਕੇਸ਼ ਗਰਗ ਮੈਂਬਰ ਹਰਿਆਣਾ ਸਟੇਟ ਰੈਗੂਲੇਟਰੀ ਕਮਿਸ਼ਨ, ਡਾਕਟਰ ਨੀਲਮ ਚੇਅਰਮੈਨ ਬੜੂ ਸਾਹਿਬ ਟਰਸਟ, ਅਦਾਕਾਰ ਗੁਰਪ੍ਰੀਤ ਸਿੰਘ ਘੁੱਗੀ, ਪੰਜਾਬੀ ਯੂਨੀਵਰਸਿਟੀ ਦੇ ਉਪ ਕੁਲਪਤੀ ਡਾਕਟਰ ਜਗਦੀਪ ਸਿੰਘ, ਸਤਵਿੰਦਰ ਸਿੰਘ, ਪ੍ਰਭਜੀਤ ਸਿੰਘ ਚੌਧਰੀ, ਅਮ੍ਰਿਤਪਾਲ ਸਿੰਘ, ਹਰਪ੍ਰੀਤ ਸਿੰਘ ਦਰਦੀ ਸਮੇਤ ਵੱਡੀ ਗਿਣਤੀ ਚ ਰਾਜਨੀਤਿਕ ਸ਼ਖਸ਼ੀਅਤਾਂ ਧਾਰਮਿਕ ਅਤੇ ਸਮਾਜਿਕ ਆਗੂ ਮੌਜੂਦ ਰਹੇ।

## ਪ੍ਰਕਾਸ਼ ਸਿੰਘ ਬਾਦਲ ਦੇ ਚਚੇਰੇ ਭਰਾ ਭੁਪਿੰਦਰ ਸਿੰਘ ਢਿੱਲੋਂ ਅੱਜ BJP ਵਿੱਚ ਹੋਣਗੇ ਸ਼ਾਮਲ



ਚੰਡੀਗੜ੍ਹ, 14 ਸਤੰਬਰ
-ਸੰਜੀਵ ਸਿੰਗਲਾ-

ਸਾਬਕਾ ਮੁੱਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੇ ਚਚੇਰੇ ਭਰਾ ਮੇਜਰ (ਸੇਵਾਮੁਕਤ) ਭੁਪਿੰਦਰ ਸਿੰਘ ਢਿੱਲੋਂ ਸੋਮਵਾਰ ਸ਼ਾਮ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋਣ ਜਾ ਰਹੇ ਹਨ, ਜਿਸ ਨਾਲ ਇਸ ਸਾਲ ਦੇ ਸ਼ੁਰੂ ਵਿੱਚ ਸ਼ੁਰੂ ਹੋਈਆਂ ਸਿਆਸੀ ਅਟਕਲਾਂ ਨੂੰ ਇੱਕ ਨਵਾਂ ਮੋੜ ਮਿਲ ਗਿਆ ਹੈ। ਆਮ ਤੌਰ 'ਤੇ 'ਮੇਜਰ ਭੂਪ' ਵਜੋਂ ਜਾਣੇ ਜਾਂਦੇ, ਭੁਪਿੰਦਰ ਸਿੰਘ ਅਕਾਲੀ-ਭਾਜਪਾ ਸਰਕਾਰ ਦੌਰਾਨ ਪ੍ਰਕਾਸ਼ ਸਿੰਘ ਬਾਦਲ ਦੇ ਸਿਆਸੀ ਸਕੱਤਰ ਵਜੋਂ ਸੇਵਾ ਨਿਭਾਅ ਚੁੱਕੇ ਹਨ ਅਤੇ ਸਾਬਕਾ ਮੁੱਖ ਮੰਤਰੀ ਦੇ ਪਰਿਵਾਰ ਨਾਲ ਜੁੜੇ ਇੱਕ ਪ੍ਰਮੁੱਖ ਚਿਹਰਾ ਰਹੇ ਹਨ।

ਭੁਪਿੰਦਰ ਮਰਹੂਮ ਸਾਬਕਾ ਸੰਸਦ ਮੈਂਬਰ ਗੁਰਰਾਜ ਸਿੰਘ ਬਾਦਲ ਦੇ ਪੁੱਤਰ ਹਨ, ਜੋ ਪ੍ਰਕਾਸ਼ ਸਿੰਘ ਬਾਦਲ ਦੇ ਪਿਤਾ ਰਘੁਰਾਜ ਸਿੰਘ ਦੇ ਛੋਟੇ ਭਰਾ ਸਨ। ਭੁਪਿੰਦਰ ਦਾ ਜੱਦੀ ਘਰ ਇੱਥੇ ਬਾਦਲ ਪਿੰਡ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਪੁਰਾਣੇ ਘਰ ਦੇ ਬਿਲਕੁਲ ਕੋਲ ਸਥਿਤ ਹੈ। ਭਾਜਪਾ ਵਿੱਚ ਸ਼ਾਮਲ ਹੋਣ ਦਾ ਉਨ੍ਹਾਂ ਦਾ ਇਹ ਫੈਸਲਾ ਅਜਿਹੇ ਸਮੇਂ ਕਾਫ਼ੀ ਅਹਿਮ ਮੰਨਿਆ ਜਾ ਰਿਹਾ ਹੈ ਜਦੋਂ ਪਾਰਟੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਕਰ ਰਹੀ ਹੈ ਅਤੇ ਸੂਬੇ ਵਿੱਚ ਆਪਣਾ ਆਧਾਰ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ।

ਇਸ ਸਾਲ ਜੂਨ ਵਿੱਚ, 'ਟ੍ਰਿਬਿਊਨ ਸਮੂਹ' ਨੇ ਸਭ ਤੋਂ ਪਹਿਲਾਂ ਰਿਪੋਰਟ ਦਿੱਤੀ ਸੀ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਉਨ੍ਹਾਂ ਦੇ ਚੰਡੀਗੜ੍ਹ ਸਥਿਤ ਘਰ ਹਾਲ-ਚਾਲ ਜਾਣਨ ਪਹੁੰਚੇ ਸਨ, ਜਦੋਂ ਭੁਪਿੰਦਰ ਸਿੰਘ ਰੀੜ੍ਹ ਦੀ ਹੱਡੀ ਦੇ ਅਪਰੇਸ਼ਨ ਤੋਂ ਠੀਕ ਹੋ ਰਹੇ ਸਨ। ਉਸ ਸਮੇਂ ਭੁਪਿੰਦਰ ਸਿੰਘ ਨੇ ਦੱਸਿਆ ਸੀ ਕਿ ਮਨਪ੍ਰੀਤ ਸਿੰਘ ਬਾਦਲ ਤਿੰਨ ਵਾਰ ਉਨ੍ਹਾਂ ਨੂੰ ਮਿਲਣ ਆਏ ਸਨ, ਪਰ ਸੁਖਬੀਰ ਸਿੰਘ ਬਾਦਲ ਦੇ ਪਰਿਵਾਰ ਵਿੱਚੋਂ ਕੋਈ ਨਹੀਂ ਆਇਆ। ਬਾਅਦ ਵਿੱਚ ਸੁਖਬੀਰ ਉਨ੍ਹਾਂ ਦੇ ਘਰ ਗਏ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭੁਪਿੰਦਰ ਨੇ ਕਿਹਾ, ਮੈਂ ਆਪਣੇ ਪੁੱਤਰ ਅਮਰਵੀਰ ਸਿੰਘ ਬਾਵਾ ਸਮੇਤ ਅੱਜ ਸ਼ਾਮ ਸੀਨੀਅਰ ਆਗੂਆਂ ਕੇਵਲ ਸਿੰਘ ਢਿੱਲੋਂ, ਸੰਗਠਨ ਮੰਤਰੀ ਸ਼੍ਰੀਨਿਵਾਸੁਲੂ, ਨਾਇਬ ਸਿੰਘ ਸੈਣੀ ਅਤੇ ਮਨਪ੍ਰੀਤ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਵਾਂਗਾ।

ਜਦੋਂ ਇਹ ਪੁੱਛਿਆ ਗਿਆ ਕਿ ਕੀ ਉਹ ਭਾਜਪਾ ਉਮੀਦਵਾਰ ਵਜੋਂ ਲੰਬੀ ਤੋਂ ਵਿਧਾਨ ਸਭਾ ਚੋਣ ਲੜਨਗੇ, ਤਾਂ ਉਨ੍ਹਾਂ ਕਿਹਾ, ਮੈਂ ਪਾਰਟੀ ਤੋਂ ਕੋਈ ਮੰਗ ਨਹੀਂ ਕੀਤੀ ਹੈ।

# ਸ਼ੇਰ-ਏ-ਪੰਜਾਬ ਟੀ-20 ਕ੍ਰਿਕਟ ਲੀਗ ਦੀ ਸਮਾਪਤੀ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਪੰਜਾਬ ਨੂੰ ਦੇਸ਼ ਦਾ ਖੇਡ ਹੱਬ ਬਣਾਵਾਂਗੇ

**➢ ਟੀ-20 ਕ੍ਰਿਕਟ ਲੀਗ ਨੇ ਪੰਜਾਬ ਦੇ ਉੱਭਰਦੇ ਕ੍ਰਿਕਟਰਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵੱਡਾ ਮੰਚ ਪ੍ਰਦਾਨ ਕੀਤਾ ➢ ਇਹ ਲੀਗ ਪਿੰਡਾਂ ਅਤੇ ਕਸਬਿਆਂ 'ਚੋਂ ਹੁਨਰ ਦੀ ਪਛਾਣ ਕਰਨ, ਉਸ ਨੂੰ ਨਿਖਾਰਨ ਅਤੇ ਮੌਕੇ ਪ੍ਰਦਾਨ ਕਰਨ ਲਈ ਵੱਡੀ ਪਹਿਲਕਦਮੀ ਹੈ ➢ ਇਸ ਲੀਗ ਵਿੱਚੋਂ ਉੱਭਰਨ ਵਾਲੇ ਕਈ ਪ੍ਰਤਿਭਾਸ਼ਾਲੀ ਖਿਡਾਰੀ ਭਵਿੱਖ ਵਿੱਚ ਪੰਜਾਬ ਅਤੇ ਦੇਸ਼ ਦੀ ਨੁਮਾਇੰਦਗੀ ਕਰਨਗੇ**



ਚੰਡੀਗੜ੍ਹ, 14 ਸਤੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਮੋਹਾਲੀ ਦੇ ਆਈ.ਐੱਸ. ਬਿੰਦਰਾ ਸਟੇਡੀਅਮ ਵਿਖੇ ਸ਼ੇਰ-ਏ-ਪੰਜਾਬ ਟੀ-20 ਲੀਗ ਦੇ ਸਮਾਪਤੀ ਸਮਾਰੋਹ ਵਿੱਚ ਸ਼ਿਰਕਤ ਕੀਤੀ ਅਤੇ ਇਸ ਟੂਰਨਾਮੈਂਟ ਨੂੰ ਪੰਜਾਬ ਦੇ ਉੱਭਰਦੇ ਕ੍ਰਿਕਟ ਹੁਨਰ ਦੀ ਪਛਾਣ ਕਰਨ, ਉਸ ਨੂੰ ਨਿਖਾਰਨ ਅਤੇ ਕੌਮੀ ਪੱਧਰ 'ਤੇ ਪਹੁੰਚਾਉਣ ਲਈ ਮਜ਼ਬੂਤ ਮੰਚ ਕਰਾਰ ਦਿੱਤਾ। ਇਸ ਮੁਕਾਬਲੇ ਵਿੱਚ 119 ਖਿਡਾਰੀਆਂ ਵੱਲੋਂ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨ ਅਤੇ ਨਮਨ ਧੀਰ ਤੇ ਪ੍ਰਭਸਿਮਰਨ ਸਿੰਘ ਦੀ ਇੰਡੀਆ 'ਏ' ਟੀਮ ਵਿੱਚ ਚੋਣ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਦੇਸ਼ ਦਾ ਖੇਡ ਹੱਬ ਬਣਾਉਣ ਲਈ ਵਚਨਬੱਧ ਹੈ ਅਤੇ ਕਿਹਾ ਕਿ ਅਸੀਂ ਖੇਡ ਸੱਭਿਆਚਾਰ ਨੂੰ ਸੁਰਜੀਤ ਕਰਨ ਤੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਲਈ ਆਪਣੇ ਯਤਨ ਇਸੇ ਤਰ੍ਹਾਂ ਜਾਰੀ ਰੱਖਾਂਗੇ।

ਇਸ ਮੌਕੇ ਦੇ ਕੁਝ ਪਲਾਂ ਨੂੰ ਸਾਂਝਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਐਕਸ ਹੈਂਡਲ 'ਤੇ ਲਿਖਿਆ, ਅੱਜ ਮੋਹਾਲੀ ਦੇ ਆਈ.ਐੱਸ. ਬਿੰਦਰਾ ਸਟੇਡੀਅਮ ਵਿਖੇ 'ਸ਼ੇਰ-ਏ-ਪੰਜਾਬ ਟੀ-20 ਲੀਗ' ਦੇ ਫਾਈਨਲ ਮੈਚ ਅਤੇ ਸਮਾਪਤੀ ਸਮਾਰੋਹ ਵਿੱਚ ਸ਼ਿਰਕਤ ਕੀਤੀ। 30 ਅਗਸਤ ਤੋਂ ਸ਼ੁਰੂ ਹੋਏ ਇਸ ਟੂਰਨਾਮੈਂਟ ਨੇ ਪੰਜਾਬ ਦੇ ਨੌਜਵਾਨ ਕ੍ਰਿਕਟਰਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਸ਼ਾਨਦਾਰ ਮੰਚ ਪ੍ਰਦਾਨ ਕੀਤਾ ਹੈ। ਫਾਈਨਲ ਵਿੱਚ ਪਹੁੰਚੀਆਂ ਦੋਵਾਂ ਟੀਮਾਂ ਲੁਧਿਆਣਾ ਲਾਇਨਜ਼ ਅਤੇ ਅੰਮ੍ਰਿਤਸਰ ਸੂਰਮਾਜ਼ ਸਮੇਤ ਹਿੱਸਾ ਲੈਣ ਵਾਲੀਆਂ ਸਾਰੀਆਂ ਟੀਮਾਂ ਨੂੰ ਉਨ੍ਹਾਂ ਦੇ ਬਿਹਤਰੀਨ ਪ੍ਰਦਰਸ਼ਨ ਅਤੇ ਜੁਝਾਰੂ ਜਜ਼ਬੇ ਲਈ ਦਿਲੋਂ ਵਧਾਈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਸੁਰਜੀਤ ਕਰਨ ਅਤੇ ਸਾਡੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਦੇ ਸਾਡੇ ਯਤਨ ਨਿਰੰਤਰ ਜਾਰੀ ਰਹਿਣਗੇ। ਇਨਕਲਾਬ ਜ਼ਿੰਦਾਬਾਦ।

ਸ਼ੇਰ-ਏ-ਪੰਜਾਬ ਟੀ-20 ਕ੍ਰਿਕਟ ਲੀਗ ਦੀ ਸਮਾਪਤੀ ਮੌਕੇ ਖਿਡਾਰੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ਼ੇਰ-ਏ-ਪੰਜਾਬ ਟੀ-20 ਲੀਗ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ.ਸੀ.ਏ.) ਵੱਲੋਂ ਪਹਿਲੀ ਵਾਰ ਕਰਵਾਈ ਗਈ ਹੈ। ਇਸ ਵੱਕਾਰੀ ਟੂਰਨਾਮੈਂਟ ਨੇ ਪੰਜਾਬ ਦੇ ਉੱਭਰਦੇ ਕ੍ਰਿਕਟਰਾਂ ਨੂੰ ਇੱਕ ਮੰਚ ਪ੍ਰਦਾਨ ਕੀਤਾ ਹੈ ਅਤੇ ਇਹ ਖੇਡ ਮਹਾਕੁੰਭ ਅੱਜ ਪੂਰੀ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਿਆ ਹੈ।

ਲੀਗ ਦੇ ਸਫਲ ਪ੍ਰਬੰਧ ਲਈ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਇਸ ਲੀਗ ਦੇ ਸਫ਼ਲ ਪ੍ਰਬੰਧ ਲਈ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੂੰ ਵਧਾਈ ਦਿੰਦਾ ਹਾਂ ਅਤੇ ਹਿੱਸਾ ਲੈਣ ਵਾਲੀਆਂ ਸਾਰੀਆਂ ਟੀਮਾਂ ਅਤੇ ਆਉਣ ਵਾਲੇ ਸੀਜ਼ਨ ਲਈ ਬਾਕੀ ਸਾਰੀਆਂ ਟੀਮਾਂ ਨੂੰ ਸ਼ੁਭਕਾਮਨਾਵਾਂ ਦਿੰਦਾ ਹਾਂ।

ਮੁੱਖ ਮੰਤਰੀ ਨੇ ਕਿਹਾ, ਦੋ ਹਫ਼ਤੇ ਚੱਲੀ ਇਸ ਲੀਗ ਦੌਰਾਨ ਪੰਜਾਬ ਦੇ ਪਿੰਡਾਂ ਅਤੇ ਕਸਬਿਆਂ ਦੇ ਕਈ ਹੋਣਹਾਰ ਨੌਜਵਾਨ ਕ੍ਰਿਕਟਰ ਸੁਰਖੀਆਂ ਵਿੱਚ ਆਏ। ਇਨ੍ਹਾਂ ਵਿੱਚੋਂ ਬਹੁਤ ਸਾਰੇ ਪ੍ਰਤਿਭਾਸ਼ਾਲੀ ਖਿਡਾਰੀ ਆਉਣ ਵਾਲੇ ਸਾਲਾਂ ਵਿੱਚ ਪੰਜਾਬ ਅਤੇ ਭਾਰਤ ਦੀ ਨੁਮਾਇੰਦਗੀ ਕਰਨਗੇ।

ਆਪਣੇ ਸੂਬੇ ਦੀ ਲੀਗ ਵਿੱਚ ਪੂਰੇ ਉਤਸ਼ਾਹ, ਵਚਨਬੱਧਤਾ ਅਤੇ ਦ੍ਰਿੜ੍ਹ ਇਰਾਦੇ ਨਾਲ ਭਾਗ ਲੈਣ ਲਈ ਸਾਰੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਇਸ ਲੀਗ ਦੌਰਾਨ ਪੰਜਾਬ ਦੇ ਲਗਪਗ 119 ਖਿਡਾਰੀਆਂ ਨੇ ਆਪਣੀ ਪ੍ਰਤਿਭਾ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਵੇਲੇ ਭਾਰਤੀ ਪੁਰਸ਼ ਅਤੇ ਮਹਿਲਾ ਕ੍ਰਿਕਟ ਟੀਮਾਂ ਦੇ ਕਪਤਾਨ, ਕ੍ਰਮਵਾਰ ਸ਼ੁਭਮਨ ਗਿੱਲ ਅਤੇ ਹਰਮਨਪ੍ਰੀਤ ਕੌਰ, ਦੋਵੇਂ ਪੰਜਾਬ ਤੋਂ ਹਨ।

ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੇ 21 ਖਿਡਾਰੀ ਇਸ ਵੇਲੇ ਆਈਪੀਐੱਲ ਵਿੱਚ ਖੇਡ ਰਹੇ ਹਨ। ਸ਼ੇਰ-ਏ-ਪੰਜਾਬ ਟੀ-20 ਲੀਗ ਦੌਰਾਨ ਵੱਖ-ਵੱਖ ਆਈਪੀਐੱਲ ਟੀਮਾਂ ਦੇ ਟੈਲੇਂਟ ਸਕਾਊਟਸ ਅਤੇ ਸਿਲੈਕਟਰ ਵੀ ਮੈਚ ਦੇਖਣ ਪਹੁੰਚੇ ਸਨ। ਇਸ ਲੀਗ ਤੋਂ ਬਾਅਦ ਸਾਨੂੰ ਉਮੀਦ ਹੈ ਕਿ ਪੰਜਾਬ ਦੇ ਕਈ ਹੋਰ ਪ੍ਰਤਿਭਾਸ਼ਾਲੀ ਕ੍ਰਿਕਟਰਾਂ ਨੂੰ ਵੱਖ-ਵੱਖ ਆਈਪੀਐੱਲ ਟੀਮਾਂ ਲਈ ਖੇਡਣ ਦੇ ਮੌਕੇ ਮਿਲਣਗੇ।

ਲੀਗ ਦੇ ਸ਼ੁਰੂਆਤੀ ਨਤੀਜਿਆਂ ਬਾਰੇ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, ਇਸ ਲੀਗ ਦੌਰਾਨ ਕੀਤੇ ਗਏ ਪ੍ਰਦਰਸ਼ਨ ਦੇ ਨਤੀਜੇ ਮਿਲਣੇ ਸ਼ੁਰੂ ਹੋ ਗਏ ਹਨ। ਪੰਜਾਬ ਦੇ ਨਮਨ ਧੀਰ ਅਤੇ ਪ੍ਰਭਸਿਮਰਨ ਸਿੰਘ ਦੀ ਚੋਣ 'ਇੰਡੀਆ ਏ' ਟੀਮ ਲਈ ਹੋਈ ਹੈ, ਜੋ ਇਹ ਦਰਸਾਉਂਦਾ ਹੈ ਕਿ ਅਜਿਹੇ ਮੰਚ ਉਭਰਦੇ ਖਿਡਾਰੀਆਂ ਲਈ ਕੌਮੀ ਪੱਧਰ 'ਤੇ ਅੱਗੇ ਵਧਣ ਦਾ ਰਾਹ ਕਿਵੇਂ ਪੱਧਰਾ ਕਰ ਸਕਦੇ ਹਨ।

ਮੁੱਖ ਮੰਤਰੀ ਨੇ ਕਿਹਾ, ਮੈਨੂੰ ਇਹ ਦੱਸਦਿਆਂ ਬੇਹੱਦ ਖੁਸ਼ੀ ਹੋ ਰਹੀ ਹੈ ਕਿ 'ਪਲੇਅਰ ਆਫ਼ ਦਾ ਟੂਰਨਾਮੈਂਟ' ਨੂੰ 'ਯੁਵਰਾਜ ਸਿੰਘ ਅਵਾਰਡ' ਨਾਲ ਸਨਮਾਨਿਤ ਕੀਤਾ ਜਾਵੇਗਾ।

ਲੀਗ ਦੀ ਮਹੱਤਤਾ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ਼ੇਰ-ਏ-ਪੰਜਾਬ ਟੀ-20 ਲੀਗ ਸਿਰਫ਼ ਇੱਕ ਕ੍ਰਿਕਟ ਟੂਰਨਾਮੈਂਟ ਨਹੀਂ ਹੈ। ਇਹ ਪੰਜਾਬ ਦੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚ ਮੌਜੂਦ ਕ੍ਰਿਕਟ ਦੀ ਅਥਾਹ ਪ੍ਰਤਿਭਾ ਨੂੰ ਪਛਾਣਨ, ਨਿਖਾਰਨ ਅਤੇ ਉਤਸ਼ਾਹਿਤ ਕਰਨ ਦਾ ਅਹਿਮ ਉਪਰਾਲਾ ਹੈ।

ਉਨ੍ਹਾਂ ਆਸ ਪ੍ਰਗਟਾਉਂਦਿਆਂ ਕਿਹਾ, ਜਿਨ੍ਹਾਂ ਨੌਜਵਾਨ ਕ੍ਰਿਕਟਰਾਂ ਨੇ ਇੱਥੇ ਆਪਣੀ ਹੁਨਰ ਦਾ ਲੋਹਾ ਮਨਵਾਇਆ ਹੈ, ਉਹ ਭਵਿੱਖ ਵਿੱਚ ਪੰਜਾਬ ਅਤੇ ਦੇਸ਼ ਦਾ ਨਾਂ ਹੋਰ ਵੀ ਰੌਸ਼ਨ ਕਰਨਗੇ।

ਅੱਜ ਅੰਮ੍ਰਿਤਸਰ ਸੁਰਮਾਜ਼ ਅਤੇ ਲੁਧਿਆਣਾ ਲਾਇਨਜ਼ ਵਿਚਾਲੇ ਫਾਈਨਲ ਮੈਚ ਖੇਡਿਆ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਫਾਈਨਲ ਵਿੱਚ ਖੇਡ ਰਹੇ ਖਿਡਾਰੀਆਂ ਨਾਲ ਮੁਲਾਕਾਤ ਵੀ ਕੀਤੀ।

ਇਸ ਲੀਗ ਵਿੱਚ ਛੇ ਟੀਮਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਸ਼ੁਭਮਨ ਗਿੱਲ ਦੀ ਅਗਵਾਈ ਵਾਲੀ ਫਾਜ਼ਿਲਕਾ ਫਾਲਕਨਜ਼, ਅਰਸ਼ਦੀਪ ਸਿੰਘ ਦੀ ਅਗਵਾਈ ਵਾਲੀ ਲੁਧਿਆਣਾ ਲਾਇਨਜ਼, ਅਭਿਸ਼ੇਕ ਸ਼ਰਮਾ ਦੀ ਅਗਵਾਈ ਵਾਲੀ ਅੰਮ੍ਰਿਤਸਰ ਸੁਰਮਾਜ਼, ਪ੍ਰਭਸਿਮਰਨ ਸਿੰਘ ਦੀ ਅਗਵਾਈ ਵਾਲੀ ਜਲੰਧਰ ਵਾਰੀਅਰਜ਼, ਰਮਨਦੀਪ ਸਿੰਘ ਦੀ ਅਗਵਾਈ ਵਾਲੀ ਮੋਹਾਲੀ ਕਿੰਗਜ਼ ਅਤੇ ਗੁਰਨੂਰ ਬਰਾੜ ਦੀ ਅਗਵਾਈ ਵਾਲੀ ਬਠਿੰਡਾ ਰਾਇਲਜ਼ ਸ਼ਾਮਲ ਸਨ।

ਲੀਗ ਵਿੱਚ ਹਿੱਸਾ ਲੈਣ ਵਾਲੀਆਂ ਇਨ੍ਹਾਂ ਛੇ ਟੀਮਾਂ ਵਿੱਚ ਪੰਜਾਬ ਦੇ ਕਈ ਪ੍ਰਮੁੱਖ ਕ੍ਰਿਕਟ ਸਿਤਾਰੇ ਸ਼ਾਮਲ ਸਨ। ਇਨ੍ਹਾਂ ਸਿਤਾਰਿਆਂ ਤੋਂ ਇਲਾਵਾ ਅਨਮੋਲਪ੍ਰੀਤ ਸਿੰਘ, ਨਮਨ ਧੀਰ, ਵਿਹਾਨ ਮਲਹੋਤਰਾ, ਇਮਾਨਜੋਤ ਸਿੰਘ ਚਾਹਲ, ਅਸ਼ਵਨੀ ਕੁਮਾਰ, ਕ੍ਰਿਸ਼ ਭਗਤ, ਸਾਹਿਲ ਭਾਸਕਰ ਅਤੇ ਰਾਹੁਲ ਕੁਮਾਰ ਵਰਗੇ ਕ੍ਰਿਕਟਰਾਂ ਨੇ ਵੀ ਲੀਗ ਵਿੱਚ ਹਿੱਸਾ ਲਿਆ।

ਇਸ ਮੌਕੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

## ਹਰਿਆਣਾ 'ਚ 13,265 ਬੀਪੀਐੱਲ-ਏਏਵਾਈ ਰਾਸ਼ਨ ਕਾਰਡ ਧਾਰਕਾਂ ਦੇ ਨਾਮ ਹਟੇ, ਆਮਦਨ ਅਤੇ ਬਿਜਲੀ ਬਿੱਲ ਬਣੇ ਕਾਰਨ




ਚੰਡੀਗੜ੍ਹ, 14 ਸਤੰਬਰ
-ਜੀ. ਐਸ. ਤੁੰਗ-

ਹਰਿਆਣਾ ਵਿੱਚ ਸਤੰਬਰ ਮਹੀਨੇ ਦੌਰਾਨ 13,265 ਲੋਕਾਂ ਦੇ ਬੀਪੀਐਲ ਅਤੇ ਏਏਵਾਈ (ਅੰਤੋਦਯ ਅੰਨ ਯੋਜਨਾ) ਰਾਸ਼ਨ ਕਾਰਡਾਂ ਤੋਂ ਨਾਮ ਹਟਾ ਦਿੱਤੇ ਗਏ ਹਨ। ਰਿਪੋਰਟ ਮੁਤਾਬਕ ਇਸ ਦਾ ਮੁੱਖ ਕਾਰਨ ਪਰਿਵਾਰਾਂ ਦੀ ਸਾਲਾਨਾ ਆਮਦਨ ਵਿੱਚ ਵਾਧਾ ਅਤੇ ਬਿਜਲੀ ਦਾ ਬਿੱਲ ਨਿਰਧਾਰਤ ਹੱਦ ਤੋਂ ਵੱਧ ਹੋਣਾ ਸਾਹਮਣੇ ਆਇਆ ਹੈ। ਸਭ ਤੋਂ ਵੱਧ ਅਸਰ ਪਾਣੀਪਤ ਜ਼ਿਲ੍ਹੇ ਵਿੱਚ ਪਿਆ, ਜਿੱਥੇ 2,872 ਰਾਸ਼ਨ ਕਾਰਡ ਘਟੇ ਹਨ। ਸੂਬੇ ਵਿੱਚ ਅਗਸਤ ਦੌਰਾਨ ਬੀਪੀਐਲ/ਏਏਵਾਈ ਕਾਰਡ ਧਾਰਕਾਂ ਦੀ ਗਿਣਤੀ 39,89,538 ਸੀ, ਜੋ ਸਤੰਬਰ ਵਿੱਚ ਘਟ ਕੇ 39,76,273 ਰਹਿ ਗਈ। ਪਾਣੀਪਤ ਵਿੱਚ ਵੀ ਇਹ ਗਿਣਤੀ 2,06,456 ਤੋਂ ਘਟ ਕੇ 2,03,584 ਹੋ ਗਈ।

ਸਰਕਾਰ ਵੱਲੋਂ ਪਰਿਵਾਰਾਂ ਦੀ ਯੋਗਤਾ ਦੀ ਜਾਂਚ ਪੀਪੀਪੀ (ਪਰਿਵਾਰ ਪਛਾਣ ਪੱਤਰ) ਵਿੱਚ ਦਰਜ ਆਮਦਨ ਅਤੇ ਉਪਲਬਧ ਹੋਰ ਡਾਟਾ ਦੀ ਮੈਪਿੰਗ ਦੇ ਆਧਾਰ 'ਤੇ ਕੀਤੀ ਜਾ ਰਹੀ ਹੈ। ਰਿਪੋਰਟ ਅਨੁਸਾਰ, ਕੁਝ ਮਾਮਲਿਆਂ ਵਿੱਚ ਪੀਪੀਪੀ ਵਿੱਚ ਘੱਟ ਸਾਲਾਨਾ ਆਮਦਨ ਦਰਜ ਹੋਣ ਕਾਰਨ ਰਾਸ਼ਨ ਕਾਰਡ ਬਣੇ ਸਨ, ਪਰ ਬਾਅਦ ਦੀ ਜਾਂਚ ਵਿੱਚ ਆਮਦਨ ਵੱਧ ਮਿਲਣ 'ਤੇ ਯੋਗਤਾ ਖਤਮ ਕਰ ਦਿੱਤੀ ਗਈ। ਬਿਜਲੀ ਦੀ ਖਪਤ ਅਤੇ ਬਿੱਲ ਵੀ ਜਾਂਚ ਦੇ ਮਾਪਦੰਡਾਂ ਵਿੱਚ ਸ਼ਾਮਲ ਹਨ।

ਇਸ ਤੋਂ ਇਲਾਵਾ ਨਾਗਰਿਕ ਸਰੋਤ ਸੂਚਨਾ ਵਿਭਾਗ ਕਥਿਤ ਧੋਖਾਧੜੀ ਨੂੰ ਰੋਕਣ ਲਈ ਇਕੱਲੇ ਰਹਿਣ ਵਾਲੇ, ਭਾਵ ਸਿੰਗਲ ਵਿਅਕਤੀਆਂ ਦੇ ਮਾਮਲਿਆਂ ਦੀ ਵੀ ਡੂੰਘਾਈ ਨਾਲ ਜਾਂਚ ਕਰ ਰਿਹਾ ਹੈ।

ਬੀਪੀਐਲ ਅਤੇ ਏਏਵਾਈ ਪਰਿਵਾਰਾਂ ਨੂੰ ਸਰਕਾਰੀ ਰਾਸ਼ਨ ਡਿਪੂਆਂ ਰਾਹੀਂ ਖੁਰਾਕ ਸਮੱਗਰੀ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਦਾ ਲਾਭ ਮਿਲਦਾ ਹੈ। ਰਿਪੋਰਟ ਅਨੁਸਾਰ, ਇਨ੍ਹਾਂ ਪਰਿਵਾਰਾਂ ਨੂੰ ਪ੍ਰਤੀ ਯੂਨਿਟ 5 ਕਿਲੋ ਕਣਕ, ਪ੍ਰਤੀ ਕਾਰਡ 1 ਕਿਲੋ ਖੰਡ ਅਤੇ 2 ਲੀਟਰ ਸਰ੍ਹੋਂ ਦਾ ਤੇਲ ਮੁਹੱਈਆ ਕਰਵਾਇਆ ਜਾਂਦਾ ਹੈ। ਇਸ ਲਈ ਯੋਗਤਾ ਖਤਮ ਹੋਣ ਨਾਲ ਪ੍ਰਭਾਵਿਤ ਪਰਿਵਾਰਾਂ 'ਤੇ ਸਿੱਧਾ ਅਸਰ ਪੈ ਸਕਦਾ ਹੈ।

* 13,265 — ਬੀਪੀਐਲ/ਏਏਵਾਈ ਕਾਰਡਾਂ ਤੋਂ ਨਾਮ ਹਟਾਏ ਗਏ।
* 2,872 — ਪਾਣੀਪਤ ਵਿੱਚ ਸਭ ਤੋਂ ਵੱਧ ਕਮੀ।
* 39,89,538 — ਅਗਸਤ ਵਿੱਚ ਕੁੱਲ ਕਾਰਡ ਧਾਰਕ।
* 39,76,273 — ਸਤੰਬਰ ਵਿੱਚ ਕੁੱਲ ਕਾਰਡ ਧਾਰਕ।
* ਮੁੱਖ ਕਾਰਨ: ਆਮਦਨ ਵਿੱਚ ਵਾਧਾ ਅਤੇ ਬਿਜਲੀ ਬਿੱਲ/ਖਪਤ ਸਬੰਧੀ ਜਾਂਚ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS
WORLDWIDE SHIPPING SERVICE

★ Business Cards ★ Books & Note Books
★ Flyers & Broucher ★ Diaries
★ Poster ★ Carry Bags

Opp. Gurudwara Dukhniwaran Sahib Srihind Road, Patiala

# ਵਿਧਾਨ ਸਭਾ ਹਲਕਾ ਸਮਾਣਾ ਵਿੱਚ ਪਰਚਾ ਕਲਚਰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਸਰਪੰਚ ਯੂਨੀਅਨ ਬਲਾਕ ਪਟਿਆਲਾ

## ਹਲਕਾ ਸਮਾਣਾ ਦੇ ਬਲਾਕ ਪਟਿਆਲਾ ਦੇ ਸਰਪੰਚਾਂ ਨੇ ਹਰਚੰਦ ਸਿੰਘ ਬਰਸਟ ਨਾਲ ਕੀਤੀ ਮੀਟਿੰਗ, ਵਿਕਾਸ ਕਾਰਜਾਂ ਅਤੇ ਵੱਖ-ਵੱਖ ਮੁੱਦਿਆਂ ਸਬੰਧੀ ਹੋਇਆ ਵਿਚਾਰ-ਵਟਾਂਦਰਾ



**ਸਮਾਣਾ 14 ਸਤੰਬਰ**
**-ਜਗਦੇਵ ਸਿੰਘ ਜੱਗੀ-**

ਵਿਧਾਨ ਸਭਾ ਹਲਕਾ ਸਮਾਣਾ ਦੇ ਪਟਿਆਲਾ ਬਲਾਕ ਦੇ ਸਰਪੰਚਾਂ ਦੀ ਇੱਕ ਅਹਿਮ ਮੀਟਿੰਗ ਤਰਲੋਚਨ ਸਿੰਘ ਰੱਖੜਾ ਪ੍ਰਧਾਨ ਸਰਪੰਚ ਯੂਨੀਅਨ ਬਲਾਕ ਪਟਿਆਲਾ, ਨਰਿੰਦਰ ਸਿੰਘ ਸਰਪਰਸਤ ਸਰਪੰਚ ਯੂਨੀਅਨ ਬਲਾਕ ਪਟਿਆਲਾ ਦੀ ਪ੍ਰਧਾਨਗੀ ਹੇਠ ਗਲੋਬਲ ਆਈ.ਟੀ.ਆਈ. ਰੱਖੜਾ ਵਿਖੇ ਹੋਈ। ਮੀਟਿੰਗ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਪਟਿਆਲਾ ਬਲਾਕ ਦੇ ਕਰੀਬ 60 ਪਿੰਡਾਂ ਦੇ ਸਰਪੰਚਾਂ ਨੇ ਹਾਜ਼ਰੀ ਭਰੀ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ। ਪੰਜਾਬ ਸਰਕਾਰ ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦੇਣ ਦੇ ਨਾਲ-ਨਾਲ ਸੂਬੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਸ. ਬਰਸਟ ਨੇ ਕਿਹਾ ਕਿ ਸਰਪੰਚ ਪਿੰਡ ਦਾ ਮੋਢੀ ਹੁੰਦਾ ਹੈ ਅਤੇ ਸਮੂਚੇ ਪਿੰਡ ਦੇ ਵਿਕਾਸ ਤੇ ਪਿੰਡ ਵਾਸੀਆਂ ਦੀ ਭਲਾਈ ਦੀ ਜਿੰਮੇਵਾਰੀ ਵੀ ਉਸੇ ਦੀ ਹੁੰਦੀ ਹੈ। ਉਨ੍ਹਾਂ ਸਾਰਿਆਂ ਨੂੰ ਇੱਕਜੁਟ ਹੋ ਕੇ ਪਿੰਡ ਅਤੇ ਹਲਕੇ ਦੇ ਵਿਕਾਸ ਲਈ ਜੋਰਾ-ਸ਼ੋਰਾਂ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਕਰੀਬ 44000 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਅਤੇ ਮੁਰੰਮਤ ਦਾ ਕਾਰਜ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹਲਕਾ ਸਮਾਣਾ ਦੀਆਂ ਸੜਕਾਂ ਦਾ ਵਿਕਾਸ ਕਾਰਜ ਚਲ ਰਿਹਾ ਹੈ ਅਤੇ ਸਾਰਿਆਂ ਸੜਕਾਂ ਦੀ ਚੌੜਾਈ ਨੂੰ ਵਧਾ ਕੇ 18 ਫੁੱਟ ਤੱਕ ਚੌੜਾ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਆਵਾਜਾਈ ਦੌਰਾਨ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਇਸਦੇ ਨਾਲ ਹੀ ਸਮਾਣਾ ਮੰਡੀ ਵਿੱਚ ਵੀ ਤੇਜੀ ਨਾਲ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਇਸਦੇ ਨਾਲ ਹੀ ਜਿੱਥੇ ਪਿੰਡ ਦਦਹੇੜਾ ਵਿਖੇ ਮੰਡੀ ਬਣਾਈ ਜਾਵੇਗੀ, ਉੱਥੇ ਹੀ ਮਹਿਮਦਪੁਰ ਵਿਖੇ ਆਲੂ ਮੰਡੀ ਹੱਬ ਬਣਾਇਆ ਜਾ ਰਿਹਾ ਹੈ। ਮੰਡੀਆਂ ਨੂੰ 18 ਫੁੱਟ ਚੌੜੀਆਂ ਸੜਕਾਂ ਨਾਲ ਜੋੜੀਆ ਜਾ ਰਿਹਾ ਹੈ, ਤਾਂ ਜੋ ਕਿਸਾਨਾਂ ਨੂੰ ਮੰਡੀਆਂ ਤੱਕ ਫਸਲਾਂ ਪਹੁੰਚਾਉਣ ਵਿੱਚ ਕਿਸੇ ਕਿਸਮ ਦੀ ਕੋਈ ਔਕੜ ਨਾ ਹੋਵੇ।

ਇਸ ਮੌਕੇ ਮੌਜੂਦ ਸਰਪੰਚਾਂ ਨੇ ਸ. ਹਰਚੰਦ ਸਿੰਘ ਬਰਸਟ ਨੂੰ ਭਰੋਸਾ ਦਿਵਾਇਆ ਕਿ ਉਹ ਪੂਰੀ ਤਰ੍ਹਾਂ ਡਟ ਕੇ ਆਮ ਆਦਮੀ ਪਾਰਟੀ ਦੇ ਨਾਲ ਖੜ੍ਹੇ ਹਨ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੇ ਹਨ। ਇਸ ਦੌਰਾਨ ਸਰਪੰਚਾਂ ਨੇ ਆਪਣੇ ਇਲਾਕਿਆਂ ਦੇ ਵਿਕਾਸ ਕਾਰਜਾਂ ਸਬੰਧੀ ਆ ਰਹੀਆਂ ਮੁਸ਼ਕਲਾਂ ਵੀ ਸ. ਬਰਸਟ ਦੇ ਧਿਆਨ ਵਿੱਚ ਲਿਆਂਦੀਆਂ। ਸਰਪੰਚਾਂ ਨੇ ਦੱਸਿਆ ਕਿ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਇਲਾਕੇ ਦੇ ਇੱਕ ਲੀਡਰ ਵੱਲੋਂ ਉਹਨਾਂ ਨੂੰ ਡਰਾ-ਧਮਕਾਂ ਕੇ ਦਬਾਇਆ ਜਾ ਰਿਹਾ ਹੈ, ਪਰਚੇ ਪਾਉਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਉਹਨਾਂ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਵੀ ਰੋਕਿਆ ਜਾ ਰਿਹਾ ਹੈ। ਸਰਕਾਰੀ ਅਧਿਕਾਰੀਆਂ ਵੱਲੋਂ ਖੇਤਰ ਦੇ ਵਿਕਾਸ ਲਈ ਕੋਈ ਸਹਿਯੋਗ ਨਹੀਂ ਦਿੱਤਾ ਜਾ ਰਿਹਾ। ਉਹਨਾਂ ਕਿਹਾ ਕਿ ਇਸ ਪਰਚਾ ਕਲਚਰ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਰਪੰਚਾਂ ਨੇ ਸ. ਬਰਸਟ ਨੂੰ ਅਪੀਲ ਕੀਤੀ ਕਿ ਉਹ ਇਸ ਮਸਲੇ ਨੂੰ ਜਲਦ ਤੋਂ ਜਲਦ ਹੱਲ ਕਰਵਾਉਣ ਤਾਂ ਜੋ ਉਹਨਾਂ ਦੇ ਪਿੰਡਾਂ ਦਾ ਵਿਕਾਸ ਹੋ ਸਕੇ।

ਹਰਚੰਦ ਸਿੰਘ ਬਰਸਟ ਨੇ ਸਾਰੇ ਸਰਪੰਚਾਂ ਦੇ ਵਿਚਾਰ ਅਤੇ ਸਮੱਸਿਆਵਾਂ ਸੁਣਨ ਤੋਂ ਬਾਅਦ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਹਮੇਸ਼ਾ ਉਹਨਾਂ ਦੇ ਨਾਲ ਖੜੇ ਹਨ ਅਤੇ ਉਹਨਾਂ ਨੂੰ ਕਿਸੇ ਤੋਂ ਡਰਨ ਦੀ ਜ਼ਰੂਰਤ ਨਹੀਂ ਹੈ। ਉਨ੍ਹਾਂ ਸਾਰਿਆਂ ਨੂੰ ਇੱਕਜੁਟ ਹੋ ਕੇ ਆਪਣੇ-ਆਪਣੇ ਪਿੰਡਾਂ ਸਮੇਤ ਹਲਕੇ ਦੇ ਵਿਕਾਸ ਲਈ ਵੱਧ-ਚੜ੍ਹ ਕੇ ਕੰਮ ਕਰਨ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

ਅੰਤ ਵਿੱਚ ਮੌਜੂਦ ਸਰਪੰਚਾਂ ਨੇ ਸ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ 'ਤੇ ਤਸੱਲੀ ਪ੍ਰਗਟ ਕਰਦਿਆਂ ਖੁਸ਼ੀ ਜ਼ਾਹਰ ਕੀਤੀ। ਉਨ੍ਹਾਂ ਕਿਹਾ ਕਿ ਜਿਸ ਤਰੀਕੇ ਨਾਲ ਸੂਬੇ ਵਿੱਚ ਸੜਕਾਂ ਦੇ ਨਿਰਮਾਣ, ਨਵੀਨੀਕਰਨ ਅਤੇ ਮੰਡੀਆਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੰਮ ਕੀਤੇ ਜਾ ਰਹੇ ਹਨ, ਉਹ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦੀਆਂ ਅਹਿਮ ਪ੍ਰਾਪਤੀਆਂ ਵਿੱਚੋਂ ਇੱਕ ਹੈ।

ਇਸ ਮੌਕੇ ਤਰਲੋਚਨ ਸਿੰਘ ਪ੍ਰਧਾਨ ਸਰਪੰਚ ਯੂਨੀਅਨ ਬਲਾਕ ਪਟਿਆਲਾ, ਨਰਿੰਦਰ ਸਿੰਘ ਸਰਪਰਸਤ ਸਰਪੰਚ ਯੂਨੀਅਨ, ਗਗਨਦੀਪ ਕੌਰ ਮੀਤ ਪ੍ਰਧਾਨ, ਅਮਨਪ੍ਰੀਤ ਸਿੰਘ ਸਕੱਤਰ, ਜਗਮਿੰਦਰ ਸਿੰਘ ਕੌਰਜੀਵਾਲ ਸੰਯੁਕਤ ਸਕੱਤਰ, ਗੁਰਵਿੰਦਰ ਸਿੰਘ ਡਰੋਲੀ ਕੈਸ਼ਿਅਰ, ਨਰਿੰਦਰ ਸਿੰਘ ਖੇੜੀ ਮਾਨੀਆ ਮੈਂਬਰ ਜਿਲ੍ਹਾ ਪਰਿਸ਼ਦ, ਬਲਕਾਰ ਸਿੰਘ ਰਾਜਗੜ੍ਹ ਵਾਇਸ ਚੇਅਰਮੈਨ ਬਲਾਕ ਸਮੰਤੀ, ਗੁਰਵਿੰਦਰ ਸਿੰਘ ਬਲਾਕ ਸਮੰਤੀ ਮੈਂਬਰ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸਮੰਤੀ ਮੈਂਬਰ, ਗੁਰਪ੍ਰੀਤ ਸਿੰਘ ਸਰਪੰਚ ਆਸੇਮਾਜਰਾ, ਪਾਲ ਸਿੰਘ ਸਰਪੰਚ ਬੀਬੀਪੁਰ, ਸੁਰਜੀਤ ਸਿੰਘ ਸਰਪੰਚ ਬਿਸ਼ਨਪੁਰ ਛੰਨਾ, ਰਜਿੰਦਰ ਸਿੰਘ ਸਰਪੰਚ ਚੂਹੜਪੁਰ ਕਲਾਂ, ਜਸਵੰਤ ਸਿੰਘ ਸਰਪੰਚ ਚੂਹੜਪੁਰ ਮਰਾਸੀਆ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਸੁਖਚੈਨ ਸਿੰਘ ਸਰਪੰਚ ਧਬਲਾਨ, ਪਰਗਟ ਸਿੰਘ ਸਰਪੰਚ ਫਕੜਬਾ, ਰਾਮ ਲਾਲ ਸਰਪੰਚ ਧਰਮਕੋਟ, ਲਖਵਿੰਦਰ ਸਿੰਘ ਸਰਪੰਚ ਦਿਲਾਵਰਪੁਰ, ਬਹਾਦਰ ਸਿੰਘ ਸਰਪੰਚ ਦੁਘਾਟ, ਰਾਮ ਸਿੰਘ ਸਰਪੰਚ ਫਤਿਹਪੁਰ, ਸਤਨਾਮ ਸਿੰਘ ਸਰਪੰਚ ਗੱਜੂਮਾਜਰਾ, ਮਨਦੀਪ ਸਿੰਘ ਸਰਪੰਚ ਹਾਜੀਮਾਜਰਾ, ਜਗਤਾਰ ਸਿੰਘ ਸਰਪੰਚ ਜਾਹਲਾਂ, ਅਮਰੀਕ ਸਿੰਘ ਸਰਪੰਚ ਕਕਰਾਲਾ, ਦਰਸ਼ਨ ਸਿੰਘ ਸਰਪੰਚ ਕਲਿਆਣ, ਇੰਦਰਜੀਤ ਸਿੰਘ ਸੇਖੋਂ ਸਰਪੰਚ ਕਰਤਾਰਪੁਰ, ਲਖਵਿੰਦਰ ਸਿੰਘ ਸਰਪੰਚ ਖੇੜੀ ਬਰਨਾ, ਗੁਰਦੇਵ ਸਿੰਘ ਸਰਪੰਚ ਖੇੜੀ ਗੋੜੀਆਂ, ਸ਼ੀਸ਼ ਪਾਲ ਸਰਪੰਚ ਖੇੜੀ ਗੁੱਜਰਾਂ, ਸ਼ੇਰ ਸਿੰਘ ਸਰਪੰਚ ਖੇੜੀ ਮੱਲਾਂ, ਪ੍ਰੇਮ ਸਿੰਘ ਸਰਪੰਚ ਖੇੜੀ ਮੁਸਲਮਾਨੀਆ, ਜਰਨੈਲ ਸਿੰਘ ਸਰਪੰਚ ਖੁਸਰੋਪੁਰ, ਜਰਨੈਲ ਸਿੰਘ ਸਰਪੰਚ ਕੂਕਾ, ਲਾਲ ਸਿੰਘ ਸਰਪੰਚ ਲੰਗੜੋਈ, ਅਵਤਾਰ ਸਿੰਘ ਸਰਪੰਚ ਮੱਦੋਮਾਜਰਾ, ਤਰਸੇਮ ਚੰਦ ਸਰਪੰਚ ਮਾਲੋਮਾਜਰਾ, ਕਰਮਜੀਤ ਸਿੰਘ ਸਰਪੰਚ ਮਹਿਮਦਪੁਰ, ਕੁਲਬੀਰ ਸਿੰਘ ਸਰਪੰਚ ਨਵੀਂ ਲਲੌਛੀ, ਸੁਖਦੇਵ ਸਿੰਘ ਸਰਪੰਚ ਨਵਾਂ ਰੱਖੜਾ, ਪਰਮਿੰਦਰ ਪਾਲ ਸਰਪੰਚ ਨਵੀਂ ਰੌਣੀ, ਯਾਦਵਿੰਦਰ ਸਿੰਘ ਸਰਪੰਚ ਪਸਿਆਣਾ, ਮਹੇਸ਼ ਕੁਮਾਰ ਸਰਪੰਚ ਆਦਿ ਹਾਜ਼ਰ ਸਨ।

# ਰਾਜਪੁਰਾ 'ਚ ਉੱਡੇ 500 ਡਰੋਨਾਂ ਨੇ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ-ਦਰਸ਼ਨ, ਬਾਣੀ ਤੇ ਸਰਬ-ਸਾਂਝੀਵਾਲਤਾ ਦੇ ਸੁਨੇਹੇ ਨੂੰ ਚਿਤਰਿਆ

**ਰਾਜਪੁਰਾ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜਪੁਰਾ ਵਿਖੇ ਕਰਵਾਏ ਗਏ ਨਿਵੇਕਲੇ ਡਰੋਨ ਸ਼ੋਅ ਨੂੰ ਸੰਗਤ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਅਨਾਜ ਮੰਡੀ ਵਿਖੇ ਵਿਸ਼ੇਸ਼ ਸਮਾਗਮ ਮੌਕੇ ਵਿਧਾਇਕ ਨੀਨਾ ਮਿੱਤਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਂਦੇ ਹੋਏ ਵੱਖ-ਵੱਖ ਥਾਂਵਾਂ 'ਤੇ ਵਿਸ਼ਾਲ ਸਮਾਗਮ ਕਰਵਾਏ ਜਾ ਰਹੇ ਹਨ। ਇਸ ਦੌਰਾਨ ਅਨਾਜ ਮੰਡੀ ਤੋਂ ਉੱਡੇ 500 ਡਰੋਨਾਂ ਨੇ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ-ਦਰਸ਼ਨ, ਬਾਣੀ ਅਤੇ ਸਰਬ-ਸਾਂਝੀਵਾਲਤਾ ਦੇ ਸੁਨੇਹੇ ਨੂੰ ਦਰਸਾਉਂਦੀਆਂ ਰੌਸ਼ਨ ਆਕ੍ਰਿਤੀਆਂ ਨਾਲ ਰਾਤ ਦੇ ਅੰਬਰ ਨੂੰ ਰੌਸ਼ਨ ਕਰ ਦਿੱਤਾ। ਇਸ ਸ਼ੋਅ ਨੇ ਸੰਗਤ ਦੇ ਵਿਸ਼ਾਲ ਇਕੱਠ ਨੂੰ ਅਧਿਆਤਮਿਕਤਾ ਅਤੇ ਆਧੁਨਿਕ ਤਕਨੀਕ ਦੇ ਸੁਮੇਲ ਨਾਲ ਰੂਬਰੂ ਕਰਵਾਇਆ।

ਸੰਗਤ ਦੇ ਰੂਪ ਵਿੱਚ ਪੁੱਜੇ ਵਿਧਾਇਕ ਰਾਜਪੁਰਾ ਨੀਨਾ ਮਿੱਤਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਫ਼ਲਸਫ਼ੇ ਨੂੰ ਲਾਗੂ ਕਰਨ ਲਈ ਯਤਨਸ਼ੀਲ ਹੈ। ਵਿਧਾਇਕ ਨੇ ਕਿਹਾ ਕਿ ਡਰੋਨ ਸ਼ੋਅ ਦੌਰਾਨ ਅੰਬਰ 'ਤੇ ਉੱਭਰਦੀਆਂ ਰੌਸ਼ਨ ਆਕ੍ਰਿਤੀਆਂ ਨੇ ਆਧੁਨਿਕ ਤਕਨੀਕ ਅਤੇ ਅਧਿਆਤਮਿਕ ਵਿਰਾਸਤ ਦਾ ਅਨੋਖਾ ਸੰਗਮ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਇਹ ਪੇਸ਼ਕਾਰੀ ਖ਼ਾਸ ਤੌਰ 'ਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਵਿਚਾਰਧਾਰਾ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਮਾਧਿਅਮ ਬਣੀ। ਇਸ ਮੌਕੇ ਭਾਈ ਤਰਸੇਮ ਸਿੰਘ ਦੇ ਢਾਡੀ ਜੱਥੇ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ।

# ਇਫਕੋ ਵੱਲੋਂ ਪਿੰਡ ਲੋਹਾਰ ਮਾਜਰਾ ਵਿਖੇ ਕਰਵਾਇਆ ਲੋਕ ਭਲਾਈ ਪ੍ਰੋਗਰਾਮ

**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**

ਇੰਡੀਅਨ ਫਾਰਮਰਜ਼ ਫਰਟੀਲਾਈਜ਼ਰ ਕੋਆਪਰੇਟਿਵ ਲਿਮਟਿਡ (ਇਫਕੋ) ਵੱਲੋਂ ਪਿੰਡ ਲੋਹਾਰ ਮਾਜਰਾ ਵਿਖੇ ਲੋਕ ਭਲਾਈ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਕਿਸਾਨਾਂ ਨੂੰ ਖੇਤੀਬਾੜੀ ਵਿੱਚ ਨਵੀਨਤਮ ਖਾਦਾਂ ਦੀ ਸੁਚੱਜੀ ਅਤੇ ਸੰਤੁਲਿਤ ਵਰਤੋਂ ਸਬੰਧੀ ਜਾਗਰੂਕ ਕੀਤਾ ਗਿਆ।




ਇਸ ਸਬੰਧੀ ਜਾਣਕਾਰੀ ਦਿੰਦਿਆਂ ਇਫਕੋ ਦੇ ਜ਼ਿਲ੍ਹਾ ਮੈਨੇਜਰ ਸ੍ਰੀ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਕਿਸਾਨਾਂ ਨੂੰ ਰਵਾਇਤੀ ਖਾਦਾਂ ਦੇ ਨਾਲ-ਨਾਲ ਨੈਨੋ ਅਤੇ ਜੈਵਿਕ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਵੱਲੋਂ ਇਫਕੋ ਦੀਆਂ ਨਵੀਨਤਮ ਖਾਦਾਂ, ਨੈਨੋ ਖਾਦਾਂ, ਜੈਵਿਕ ਖਾਦਾਂ, ਪਾਣੀ ਵਿੱਚ ਘੁਲਣਸ਼ੀਲ ਖਾਦਾਂ, ਪੋਟਾਸ਼ ਅਤੇ ਸਮੁੰਦਰੀ ਸ਼ੈਵਾਲ ਤੋਂ ਤਿਆਰ ਸਾਗਰਿਕਾ ਆਦਿ ਉਤਪਾਦਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।

ਉਨ੍ਹਾਂ ਨੇ ਇਫਕੋ ਵੱਲੋਂ ਚਲਾਈ ਜਾ ਰਹੀ 'ਮਿੱਟੀ ਬਚਾਓ ਮੁਹਿੰਮ' ਦਾ ਜ਼ਿਕਰ ਕਰਦਿਆਂ ਕਿਸਾਨਾਂ ਨੂੰ ਮਿੱਟੀ ਦੀ ਜਾਂਚ ਦੇ ਆਧਾਰ 'ਤੇ ਹੀ ਖੇਤੀਬਾੜੀ ਫ਼ਸਲਾਂ ਲਈ ਲੋੜੀਂਦੇ ਤੱਤਾਂ ਅਤੇ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਇਫਕੋ ਦੇ ਉਤਪਾਦ ਐਫ.ਸੀ.ਓ.-1985 ਦੇ ਮਾਪਦੰਡਾਂ ਅਨੁਸਾਰ ਹਨ ਅਤੇ ਕਿਸਾਨਾਂ ਦੀ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਉੱਚ ਗੁਣਵੱਤਾ ਵਾਲੇ ਖਾਦ ਉਤਪਾਦ ਮੁਹੱਈਆ ਕਰਵਾਏ ਜਾ ਰਹੇ ਹਨ। ਇਸ ਦੌਰਾਨ ਇਫਕੋ ਦੇ ਐੱਮ.ਡੀ. ਸ੍ਰੀ ਈ. ਰਾਮੇਂਦਰ ਕੁਮਾਰ ਵੱਲੋਂ ਸਾਗਰਿਕਾ ਦੇ ਖੇਤੀਬਾੜੀ ਵਿੱਚ ਮਹੱਤਵ ਅਤੇ ਇਸ ਦੀ ਵਰਤੋਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ 'ਸੰਕਟ ਹਰਨ ਬੀਮਾ' ਯੋਜਨਾ ਬਾਰੇ ਵੀ ਕਿਸਾਨਾਂ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਸਹਿਕਾਰੀ ਸਭਾ ਲੋਹਾਰ ਮਾਜਰਾ ਦੇ ਪ੍ਰਧਾਨ ਸ. ਜਸਮੇਲ ਸਿੰਘ, ਮੀਤ ਪ੍ਰਧਾਨ ਸ. ਕੇਸਰ ਸਿੰਘ, ਮੈਂਬਰ ਸ. ਕਾਲਾ ਸਿੰਘ, ਸਾਬਕਾ ਸਰਪੰਚ ਸ. ਮੁਕੰਦ ਸਿੰਘ ਸਮੇਤ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।

# ਨਸ਼ਾ ਮੁਕਤ ਪੰਜਾਬ ਯਾਤਰਾ ਦਾ ਰੋਹਟੀ ਪੁਲ 'ਤੇ ਪਟਿਆਲਾ ਦਿਹਾਤੀ ਹਲਕੇ ਵੱਲੋਂ ਕੀਤਾ ਜਾਵੇਗਾ ਨਿੱਘਾ ਸਵਾਗਤ : ਖੱਟੜਾ



**ਪਟਿਆਲਾ, 14 ਸਤੰਬਰ**
**-ਬਲਜੀਤ ਸਰਨਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ ਵੱਲੋਂ ਅਗਲੇ ਹਫਤੇ ਪੂਰੇ ਜੋਸ਼ੋ-ਖਰੋ ਨਾਲ ਸ਼ੁਰੂ ਕੀਤੀ ਜਾ ਰਹੀ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਰੋਹਟੀ ਪੁਲ 'ਤੇ ਪਟਿਆਲਾ ਦਿਹਾਤੀ ਹਲਕੇ ਵੱਲੋਂ ਨਿੱਘਾ ਸਵਾਗਤ ਕੀਤਾ ਜਾਵੇਗਾ, ਜਿਸ ਲਈ ਸਮੁੱਚੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਦਿਹਾਤੀ ਹਲਕੇ ਦੇ ਸੀਨੀਅਰ ਭਾਜਪਾ ਆਗੂ ਐਡਵੋਕੇਟ ਸਤਬੀਰ ਸਿੰਘ ਖੱਟੜਾ ਨੇ ਅੱਜ ਇਸ ਸੰਦਰਭ ਵਿਚ ਸਮੁੱਚੀ ਰੂਪ-ਰੇਖ ਤਿਆਰ ਕਰਨ ਲਈ ਰੱਖੀ ਮੀਟਿੰਗ ਉਪਰੰਤ ਕੀਤਾ।

ਉਨ੍ਹਾਂ ਦੱਸਿਆ ਸਾਬਕਾ ਕੇਂਦਰੀ ਰਾਜ ਮੰਤਰੀ ਦੀ ਰੁਹਿਨੁਮਾਈ ਵਿਚ ਯਾਤਰਾ ਨੂੰ ਰਸੀਵ ਕੀਤਾ ਜਾਵੇਗਾ ਅਤੇ ਮਿਥੇ ਰੂਟ ਅਨੁਸਾਰ ਯਾਤਰਾ ਪਿੰਡਾਂ, ਕਸਬਿਆਂ ਵਿਚੋਂ ਹੁੰਦੀ ਹੋਈ ਇਹ ਯਾਤਰਾ ਸ਼ਾਮ ਨੂੰ ਪਟਿਆਲਾ ਸ਼ਹਿਰੀ ਹਲਕੇ ਵਿਚ ਪ੍ਰਵੇਸ਼ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਯਾਤਰਾ ਦੀਆਂ ਸਾਰੀਆਂ ਤਿਆਰੀਆਂ ਲੱਗਭੱਗ ਮੁਕੰਮਲ ਕਰ ਲਈਆਂ ਗਈਆਂ ਹਨ। ਖੱਟੜਾ ਨੇ ਅੱਗੇ ਕਿਹਾ ਕਿ ਪੰਜਾਬ ਅੱਜ ਨਸ਼ਿਆਂ ਦੇ ਮਾਮਲੇ ਵਿਚ ਮੁਲਕ ਦਾ ਸਭ ਤੋਂ ਵੱਧ ਪੀੜਤ ਸੂਬਾ ਹੈ, ਜਿਸ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਬੇਹੱਦ ਚਿੰਤਤ ਹੈ। ਇਸੇ ਚਿੰਤਾ ਨੂੰ ਮੁੱਖ ਰੱਖਦੇ ਹੋਏ ਭਾਜਪਾ ਹਾਈ ਕਮਾਨ ਦੀ ਸਹਿਮਤੀ ਨਾਲ ਇਹ ਯਾਤਰਾ ਉਲੀਕੀ ਗਈ ਹੈ। ਉਨ੍ਹਾਂ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਦੋਸ਼ ਲਾਇਆ ਕਿ ਤਿੰਨ ਮਹੀਨੇ ਵਿਚ ਨਸ਼ੇ ਦੀ ਚੇਨ ਤੋੜਨ ਦੇ ਵਾਅਦੇ ਕਰਨ ਵਾਲੀ ਇਸ ਸਰਕਾਰ ਦੇ ਦੌਰ ਵਿਚ ਨਸ਼ੇ ਦੀ ਗੱਲ ਕਰਨ ਵਾਲਿਆਂ 'ਤੇ ਅੰਨਾ ਤਸ਼ੱਦਦ ਕੀਤਾ ਜਾਂਦਾ ਹੈ ਜਾਂ ਫਿਰ ਆਤਮ ਹੱਤਿਆ ਕਰਨ ਲਈ ਮਜਬੂਰ ਕੀਤਾ ਜਾਂਦਾ ਹੈ। ਪਿਛਲੇ ਦਿਨੀ ਸੰਗਰੂਰ ਵਿਚ ਵਾਪਰੀਆਂ ਦੋ ਵੱਖ-ਵੱਖ ਘਟਨਾਵਾਂ ਇਸ ਗੱਲ ਦੀਆਂ ਸਾਖਸ਼ਾਤ ਗਵਾਹ ਹਨ। ਉਨ੍ਹਾਂ ਅੰਤ ਵਿਚ ਕਿਹਾ ਕਿ ਲੋਕ ਅਗਾਮੀ ਵਿਧਾਨ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਤੋਂ ਇਸ ਦਾ ਹਿਸਾਬ ਕਿਤਾਬ ਹਰ ਹੀਲੇ ਲੈਣਗੇ। ਇਸ ਮੌਕੇ ਉਨ੍ਹਾਂ ਦੇ ਮੀਡੀਆ ਇੰਚਾਰਜ ਗੁਰਤੇਜ ਸਿੰਘ ਸਿੱਧੂਵਾਲ, ਭਾਜਪਾ ਦੇ ਬੁਲਾਰੇ ਸਰਪੰਚ ਯੁਵਰਾਜ ਸ਼ਰਮਾ, ਯੂਥ ਆਗੂ ਜੱਗੀ ਲੰਗ, ਜਿੰਦਰ ਕਸਿਆਣਾ, ਰਿੰਕੂ ਸਰਾਓ ਝਿੱਲ, ਤਰਸੇਮ ਸਿਉਣਾ, ਇਦਰਜੀਤ ਸਿਉਣਾ ਅਤੇ ਤਰਸੇਮ ਸਿੰਘ ਕੋਟਲੀ ਪੀ.ਏ. ਟੂ ਸਤਬੀਰ ਸਿੰਘ ਖੱਟੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਲੁਧਿਆਣਾ ਵਿੱਚ ਗੋਲੀਬਾਰੀ ਦੀ ਵੱਡੀ ਸਾਜ਼ਿਸ਼ ਨਾਕਾਮ; ਜਵਾਬੀ ਕਾਰਵਾਈ 'ਚ ਡੋਨੀ ਬੱਲ ਗਿਰੋਹ ਦੇ ਦੋ ਹਥਿਆਰਬੰਦ ਹਮਲਾਵਰ ਢੇਰ

- ਮਾਰੇ ਗਏ ਹਮਲਾਵਰਾਂ ਕੋਲੋਂ ਤਿੰਨ ਆਧੁਨਿਕ ਆਟੋਮੈਟਿਕ ਪਿਸਤੌਲ ਅਤੇ 50 ਕਾਰਤੂਸ ਬਰਾਮਦ: ਸੀਪੀ ਲੁਧਿਆਣਾ ਸਵਪਨ ਸ਼ਰਮਾ
- ਮੁਲਜ਼ਮਾਂ ਨੇ ਪਿੱਛਾ ਕਰ ਰਹੀ ਪੁਲਿਸ ਪਾਰਟੀ 'ਤੇ ਚਲਾਈਆਂ ਗੋਲੀਆਂ; ਦੋ ਗੋਲੀਆਂ ਪੁਲਿਸ ਦੀ ਗੱਡੀ 'ਤੇ ਵੀ ਲੱਗੀਆਂ

**ਲੁਧਿਆਣਾ, 14 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਸੂਬੇ ਵਿੱਚੋਂ ਗੈਂਗਸਟਰ ਕਲਚਰ ਦੇ ਖ਼ਾਤਮੇ ਲਈ ਵਿੱਢੀ ਮੁਹਿੰਮ ਤਹਿਤ ਅਪਰਾਧਿਕ ਨੈੱਟਵਰਕਾਂ ਵਿਰੁੱਧ ਵੱਡੀ ਸਫ਼ਲਤਾ ਹਾਸਲ ਕਰਦਿਆਂ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਅਤੇ ਲੁਧਿਆਣਾ ਕਮਿਸ਼ਨਰੇਟ ਪੁਲਿਸ ਦੀ ਸਾਂਝੀ ਟੀਮ ਨੇ ਅੱਜ ਇੱਥੇ ਆਤਮ ਪਾਰਕ ਅੰਡਰ ਬ੍ਰਿਜ ਨੇੜੇ ਹੋਏ ਮੁਕਾਬਲੇ ਦੌਰਾਨ ਡੋਨੀ ਬੱਲ ਗੈਂਗ ਦੇ ਦੋ ਹਥਿਆਰਬੰਦ ਕਾਰਕੁਨਾਂ ਨੂੰ ਢੇਰ ਕਰਕੇ ਗੋਲੀਬਾਰੀ ਦੀ ਵੱਡੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ।




ਪੁਲਿਸ ਕਮਿਸ਼ਨਰ (ਸੀਪੀ) ਲੁਧਿਆਣਾ ਸਵਪਨ ਸ਼ਰਮਾ ਨੇ ਦੱਸਿਆ ਕਿ ਮਾਰੇ ਗਏ ਹਮਲਾਵਰਾਂ ਦੀ ਪਛਾਣ ਕਰਨਜੋਤ ਸਿੰਘ ਉਰਫ਼ ਨੋਨਾ ਅਤੇ ਸੰਦੀਪ ਸਿੰਘ ਵਜੋਂ ਹੋਈ ਹੈ, ਜੋ ਦੋਵੇਂ ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਦੇ ਵਸਨੀਕ ਸਨ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਆਧੁਨਿਕ ਆਟੋਮੈਟਿਕ ਪਿਸਤੌਲ ਅਤੇ ਤਕਰੀਬਨ 50 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।

ਆਪਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਇੱਕ ਇਸ ਸਾਜਿਸ਼ ਸਬੰਧੀ ਮਿਲੀ ਪੁਖ਼ਤਾ ਜਾਣਕਾਰੀ ਦੇ ਆਧਾਰ 'ਤੇ ਪੁਲਿਸ ਟੀਮਾਂ ਨੇ ਆਤਮ ਪਾਰਕ ਨੇੜੇ ਅੰਡਰ ਬ੍ਰਿਜ 'ਤੇ ਵਿਸ਼ੇਸ਼ ਨਾਕਾਬੰਦੀ ਕੀਤੀ ਅਤੇ ਬਿਨਾਂ ਨੰਬਰ ਪਲੇਟ ਵਾਲੇ ਕਾਲੇ ਰੰਗ ਦੇ ਹੀਰੋ ਸਪਲੈਂਡਰ ਮੋਟਰਸਾਈਕਲ 'ਤੇ ਆ ਰਹੇ ਦੋ ਸ਼ੱਕੀ ਵਿਅਕਤੀਆਂ ਨੂੰ ਰੁਕਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਰੁਕਣ ਦਾ ਇਸ਼ਾਰਾ ਕਰਨ 'ਤੇ ਹਥਿਆਰਬੰਦ ਹਮਲਾਵਰਾਂ ਨੇ ਭੱਜਣ ਦੀ ਕੋਸ਼ਿਸ਼ ਕੀਤੀ ਅਤੇ ਪੁਲਿਸ ਮੁਲਾਜ਼ਮਾਂ 'ਤੇ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ।

ਪੁਲਿਸ ਕਮਿਸ਼ਨਰ ਨੇ ਦੱਸਿਆ, ਹਮਲਾਵਰਾਂ ਨੇ ਪਿੱਛਾ ਕਰ ਰਹੀ ਪੁਲਿਸ ਪਾਰਟੀ 'ਤੇ ਲਗਾਤਾਰ ਕਈ ਫਾਇਰ ਕੀਤੇ ਅਤੇ ਦੋ ਗੋਲੀਆਂ ਸਰਕਾਰੀ ਪੁਲਿਸ ਵਾਹਨ 'ਤੇ ਵੀ ਲੱਗੀਆਂ, ਜਿਸ 'ਤੇ ਆਤਮ-ਰੱਖਿਆ ਲਈ ਜਵਾਬੀ ਕਾਰਵਾਈ ਕਰਦਿਆਂ ਪੁਲਿਸ ਟੀਮ ਨੇ ਦੋਵਾਂ ਹਥਿਆਰਬੰਦ ਹਮਲਾਵਰਾਂ ਨੂੰ ਮੌਕੇ 'ਤੇ ਹੀ ਢੇਰ ਕਰ ਦਿੱਤਾ।

ਸੀਪੀ ਸਵਪਨ ਸ਼ਰਮਾ ਨੇ ਖੁਲਾਸਾ ਕੀਤਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮਾਰੇ ਗਏ ਹਮਲਾਵਰ ਗੈਂਗਸਟਰ ਡੋਨੀ ਬੱਲ ਅਤੇ ਸ਼ਗਨਪ੍ਰੀਤ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਨੂੰ ਐਤਵਾਰ ਨੂੰ ਲੁਧਿਆਣਾ ਦੇ ਦੁੱਗਰੀ ਰੋਡ ਸਥਿਤ ਮੈਰੀਲੈਂਡ ਪੈਲੇਸ ਵਿਖੇ ਲਗਾਏ ਗਏ ਖੂਨਦਾਨ ਕੈਂਪ ਵਿੱਚ ਗੋਲੀਬਾਰੀ (ਮਾਸ ਸ਼ੂਟਿੰਗ) ਦਾ ਕੰਮ ਸੌਂਪਿਆ ਗਿਆ ਸੀ। ਮ੍ਰਿਤਕਾਂ ਦੇ ਅਪਰਾਧਿਕ ਪਿਛੋਕੜ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਕਰਨਜੋਤ ਸਿੰਘ ਉਰਫ਼ ਨੋਨਾ ਦਾ ਪੁਰਾਣਾ ਅਪਰਾਧਕ ਰਿਕਾਰਡ ਸੀ, ਜਿਸ ਖ਼ਿਲਾਫ਼ ਅਸਲਾ ਐਕਟ, ਡਕੈਤੀ ਅਤੇ ਐਨਡੀਪੀਐਸ ਐਕਟ ਤਹਿਤ ਦੋ ਪੁਰਾਣੇ ਅਪਰਾਧਿਕ ਮਾਮਲੇ ਵੀ ਦਰਜ ਸਨ। ਇਸ ਦੇ ਨਾਲ ਹੀ ਦੂਜੇ ਮ੍ਰਿਤਕ ਸੰਦੀਪ ਸਿੰਘ ਖ਼ਿਲਾਫ਼ ਵੀ ਇੱਕ ਅਪਰਾਧਿਕ ਮਾਮਲਾ ਦਰਜ ਸੀ।

ਉਨ੍ਹਾਂ ਦੱਸਿਆ ਕਿ ਮਾਰੇ ਗਏ ਹਮਲਾਵਰਾਂ ਦੇ ਹੋਰ ਸਾਥੀਆਂ ਦੀ ਪਛਾਣ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ, ਜਿਨ੍ਹਾਂ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਗਿਰੋਹ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਇਸ ਸਬੰਧੀ ਥਾਣਾ ਮਾਡਲ ਟਾਉਨ, ਲੁਧਿਆਣਾ ਵਿਖੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 109, 221, 132, 62 ਅਤੇ 111 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਚੰਡੀਗੜ੍ਹ ਦੇ ਛੇ ਸਰਕਾਰੀ ਕਾਲਜਾਂ ਵਿੱਚ ਤਿੰਨ ਰੋਜ਼ਾ ਸਮੁੱਚੀ ਸਿਹਤ ਅਤੇ ਏਕੀਕ੍ਰਿਤ ਅੰਮ੍ਰਿਤਾ ਧਿਆਨ ਪ੍ਰੋਗਰਾਮ ਆਯੋਜਿਤ



**ਚੰਡੀਗੜ੍ਹ, 14 ਸਤੰਬਰ**
**-ਸੰਜੀਵ ਸਿੰਗਲਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੰਡੀਗੜ੍ਹ ਦੇ ਛੇ ਸਰਕਾਰੀ ਕਾਲਜਾਂ ਵਿੱਚ ਸਮੁੱਚੀ ਸਿਹਤ ਅਤੇ ਏਕੀਕ੍ਰਿਤ ਅੰਮ੍ਰਿਤਾ ਧਿਆਨ ਵਿਸ਼ੇ 'ਤੇ ਤਿੰਨ ਰੋਜ਼ਾ ਪ੍ਰੋਗਰਾਮ 9 ਤੋਂ 11 ਸਤੰਬਰ, 2026 ਤੱਕ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਡਾਇਰੈਕਟੋਰੇਟ ਆਫ਼ ਹਾਇਰ ਐਜੂਕੇਸ਼ਨ (485), ਚੰਡੀਗੜ੍ਹ ਦੀ ਨਿਗਰਾਨੀ ਹੇਠ ਅੰਮ੍ਰਿਤਾ ਵਿਸ਼ਵ ਵਿਦਿਆਪੀਠਮ, ਕੇਰਲ ਦੇ ਯੂਥ ਐਮਪਾਵਰਮੈਂਟ ਗਰੁੱਪ ਦੇ ਸਹਿਯੋਗ ਨਾਲ ਕਰਵਾਇਆ ਗਿਆ।

ਪ੍ਰੋਗਰਾਮ ਦਾ ਤਾਲਮੇਲ ਡਾ. ਸੁਪਨਾ ਨੰਦਾ, ਪ੍ਰਿੰਸੀਪਲ, ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਸੈਕਟਰ 20-ਡੀ, ਚੰਡੀਗੜ੍ਹ ਵੱਲੋਂ ਕੀਤਾ ਗਿਆ ਅਤੇ ਇਸ ਦਾ ਸੰਚਾਲਨ ਛੇ ਭਾਗ ਲੈਣ ਵਾਲੇ ਕਾਲਜਾਂ ਦੀਆਂ ਐਨ.ਐਸ.ਐਸ. ਇਕਾਈਆਂ ਰਾਹੀਂ ਕੀਤਾ ਗਿਆ। ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਵਿੱਚ ਸਰੀਰਕ, ਮਾਨਸਿਕ, ਭਾਵਨਾਤਮਕ ਅਤੇ ਆਤਮਿਕ ਤੰਦਰੁਸਤੀ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਤਣਾਅ ਪ੍ਰਬੰਧਨ, ਆਰਾਮ, ਭਾਵਨਾਤਮਕ ਸੰਤੁਲਨ, ਇਕਾਗਰਤਾ ਅਤੇ ਸਵੈ-ਜਾਗਰੂਕਤਾ ਲਈ ਵਿਹਾਰਕ ਤਰੀਕਿਆਂ ਨੂੰ ਉਤਸ਼ਾਹਿਤ ਕਰਨਾ ਸੀ।

ਸੈਸ਼ਨਾਂ ਦਾ ਸੰਚਾਲਨ ਸ਼੍ਰੀ ਨਰਿੰਦਰ ਆਨੰਦ, ਰਾਸ਼ਟਰੀ ਕੋਆਰਡੀਨੇਟਰ ਅਤੇ ਐਸੋਸੀਏਟ ਪ੍ਰੋਫੈਸਰ, ਅਤੇ ਸੁਸ਼੍ਰੀ ਸ਼ਵੇਤਾ ਆਨੰਦ, ਐਸੋਸੀਏਟ ਪ੍ਰੋਫੈਸਰ ਅਤੇ ਰਾਸ਼ਟਰੀ ਕੋਆਰਡੀਨੇਟਰ, ਯੂਥ ਐਮਪਾਵਰਮੈਂਟ ਗਰੁੱਪ, ਅੰਮ੍ਰਿਤਾ ਵਿਸ਼ਵ ਵਿਦਿਆਪੀਠਮ, ਕੇਰਲ ਵੱਲੋਂ ਕੀਤਾ ਗਿਆ। ਸੰਵਾਦਾਤਮਕ ਅਤੇ ਅਨੁਭਵਾਤਮਕ ਸੈਸ਼ਨਾਂ ਰਾਹੀਂ ਸਰੋਤ ਵਿਅਕਤੀਆਂ ਨੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਮਲ ਕੀਤਾ, ਜਿਨ੍ਹਾਂ ਦਾ ਉਦੇਸ਼ ਸਰੀਰਕ ਊਰਜਾ, ਮਾਨਸਿਕ ਆਰਾਮ ਅਤੇ ਭਾਵਨਾਤਮਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਸੀ।

ਸੈਸ਼ਨਾਂ ਵਿੱਚ ਊਰਜਾ ਵਧਾਉਣ, ਤਣਾਅ ਘਟਾਉਣ, ਆਰਾਮ ਅਤੇ ਭਾਵਨਾਤਮਕ ਤਣਾਅ ਤੋਂ ਮੁਕਤੀ ਨਾਲ ਸਬੰਧਤ ਵੱਖ-ਵੱਖ ਅਭਿਆਸ ਕਰਵਾਏ ਗਏ। ਇਸ ਰਾਹੀਂ ਭਾਗੀਦਾਰਾਂ ਨੂੰ ਅਜਿਹੇ ਸਰਲ ਅਭਿਆਸਾਂ ਦਾ ਅਨੁਭਵ ਕਰਵਾਇਆ ਗਿਆ, ਜਿਨ੍ਹਾਂ ਨੂੰ ਉਹ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਅਪਣਾ ਸਕਦੇ ਹਨ। ਭਾਗੀਦਾਰਾਂ ਨੂੰ ਏਕੀਕ੍ਰਿਤ ਅੰਮ੍ਰਿਤਾ ਧਿਆਨ ਤਕਨੀਕ (Integrated Amrita Meditation Technique) ਨਾਲ ਵੀ ਜਾਣੂ ਕਰਵਾਇਆ ਗਿਆ।

ਇਹ ਤਕਨੀਕ ਵਿਸ਼ਵ ਪ੍ਰਸਿੱਧ ਮਨੁੱਖਤਾਵਾਦੀ ਸ਼੍ਰੀ ਮਾਤਾ ਅੰਮ੍ਰਿਤਾਨੰਦਮਈ ਦੇਵੀ (ਅੰਮਾ) ਦੀਆਂ ਸਿੱਖਿਆਵਾਂ ਅਤੇ ਮਾਰਗਦਰਸ਼ਨ 'ਤੇ ਆਧਾਰਿਤ ਹੈ। ਇਸ ਤਕਨੀਕ ਦਾ ਉਦੇਸ਼ ਮਾਨਸਿਕ ਸਮਤਾ ਨੂੰ ਉਤਸ਼ਾਹਿਤ ਕਰਨਾ, ਚਿੰਤਾ ਅਤੇ ਗੁੱਸੇ ਨੂੰ ਘਟਾਉਣਾ ਅਤੇ ਇਕਾਗਰਤਾ, ਜਾਗਰੂਕਤਾ ਅਤੇ ਭਾਵਨਾਤਮਕ ਸਥਿਰਤਾ ਵਿੱਚ ਸੁਧਾਰ ਲਿਆਉਣਾ ਹੈ।

ਇਹ ਪ੍ਰੋਗਰਾਮ ਹੇਠ ਲਿਖੇ ਕਾਲਜਾਂ ਵਿੱਚ ਸਬੰਧਤ ਪ੍ਰਿੰਸੀਪਲਾਂ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ:

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼, ਸੈਕਟਰ 11, ਚੰਡੀਗੜ੍ਹ, ਪ੍ਰਿੰਸੀਪਲ ਡਾ. ਅਨੀਤਾ ਕੁਸ਼ਲ ਦੀ ਅਗਵਾਈ ਹੇਠ।

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ, ਸੈਕਟਰ 11, ਚੰਡੀਗੜ੍ਹ, ਪ੍ਰਿੰਸੀਪਲ ਡਾ. ਰਮਾ ਅਰੋੜਾ ਦੀ ਅਗਵਾਈ ਹੇਠ।

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼, ਸੈਕਟਰ 42, ਚੰਡੀਗੜ੍ਹ, ਪ੍ਰਿੰਸੀਪਲ ਡਾ. ਬੀਨੂ ਡੋਗਰਾ ਦੀ ਅਗਵਾਈ ਹੇਠ।

ਪੋਸਟ ਗ੍ਰੈਜੂਏਟ ਸਰਕਾਰੀ ਕਾਲਜ, ਸੈਕਟਰ 46, ਚੰਡੀਗੜ੍ਹ, ਪ੍ਰਿੰਸੀਪਲ ਡਾ. ਨਿਸ਼ਾ ਅਗਰਵਾਲ ਦੀ ਅਗਵਾਈ ਹੇਠ।

ਸਰਕਾਰੀ ਕਾਲਜ ਆਫ਼ ਕਾਮਰਸ ਐਂਡ ਬਿਜ਼ਨਸ ਐਡਮਿਨਿਸਟ੍ਰੇਸ਼ਨ, ਸੈਕਟਰ 50, ਚੰਡੀਗੜ੍ਹ, ਪ੍ਰਿੰਸੀਪਲ ਡਾ. ਸੰਗਮ ਕਪੂਰ ਦੀ ਅਗਵਾਈ ਹੇਠ।

ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਸੈਕਟਰ 20-ਡੀ, ਚੰਡੀਗੜ੍ਹ, ਪ੍ਰਿੰਸੀਪਲ ਡਾ. ਸੁਪਨਾ ਨੰਦਾ ਦੀ ਅਗਵਾਈ ਹੇਠ।

ਸਾਰੇ ਛੇ ਕਾਲਜਾਂ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਪ੍ਰੋਗਰਾਮ ਵਿੱਚ ਉਤਸ਼ਾਹਪੂਰਵਕ ਭਾਗ ਲਿਆ। ਭਾਗੀਦਾਰਾਂ ਨੇ ਸੰਵਾਦਾਤਮਕ ਗਤੀਵਿਧੀਆਂ ਅਤੇ ਧਿਆਨ ਅਭਿਆਸਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਆਪਣੀ ਰੋਜ਼ਾਨਾ ਜੀਵਨ-ਸ਼ੈਲੀ ਵਿੱਚ ਸਰੀਰਕ ਗਤੀਵਿਧੀ, ਆਰਾਮ, ਧਿਆਨ ਅਤੇ ਭਾਵਨਾਤਮਕ ਜਾਗਰੂਕਤਾ ਨੂੰ ਸ਼ਾਮਲ ਕਰਨ ਦੀ ਮਹੱਤਤਾ ਨੂੰ ਸਮਝਿਆ।

ਇਸ ਤਿੰਨ ਰੋਜ਼ਾ ਪਹਿਲਕਦਮੀ ਨੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਅਕਾਦਮਿਕ ਅਤੇ ਪੇਸ਼ੇਵਰ ਜੀਵਨ ਵਿੱਚ ਮਾਨਸਿਕ ਤੰਦਰੁਸਤੀ, ਭਾਵਨਾਤਮਕ ਮਜ਼ਬੂਤੀ ਅਤੇ ਤਣਾਅ ਪ੍ਰਬੰਧਨ ਦੀ ਵਧ ਰਹੀ ਮਹੱਤਤਾ 'ਤੇ ਵਿਚਾਰ ਕਰਨ ਦਾ ਮੌਕਾ ਪ੍ਰਦਾਨ ਕੀਤਾ। ਸੈਸ਼ਨਾਂ ਦੀ ਅਨੁਭਵਾਤਮਕ ਪ੍ਰਕਿਰਤੀ ਨੇ ਭਾਗੀਦਾਰਾਂ ਨੂੰ ਅੰਦਰੂਨੀ ਸੰਤੁਲਨ ਅਤੇ ਸਮੁੱਚੀ ਤੰਦਰੁਸਤੀ ਬਣਾਈ ਰੱਖਣ ਲਈ ਸਰਲ ਅਤੇ ਟਿਕਾਊ ਅਭਿਆਸ ਅਪਣਾਉਣ ਲਈ ਪ੍ਰੇਰਿਤ ਕੀਤਾ।

ਇਹ ਪਹਿਲਕਦਮੀ ਡਾਇਰੈਕਟੋਰੇਟ ਆਫ਼ ਹਾਇਰ ਐਜੂਕੇਸ਼ਨ, ਚੰਡੀਗੜ੍ਹ ਦੀ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੇ ਸਰਵਪੱਖੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਮਾਣਯੋਗ ਜੱਜ ਅਲਕਾ ਸਰੀਨ ਵੱਲੋਂ ਕੇਂਦਰੀ ਜੇਲ੍ਹ ਪਟਿਆਲਾ ਦਾ ਨਿਰੀਖਣ



**ਪਟਿਆਲਾ, 14 ਸਤੰਬਰ**
**-ਜੀ. ਐਸ. ਤੁੰਗ--**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਮਾਣਯੋਗ ਜੱਜ ਜਸਟਿਸ ਅਲਕਾ ਸਰੀਨ ਨੇ ਅੱਜ ਕੇਂਦਰੀ ਜੇਲ੍ਹ ਪਟਿਆਲਾ ਦਾ ਦੌਰਾ ਕਰਕੇ ਕੈਦੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਨਿਰੀਖਣ ਦੌਰਾਨ, ਜਸਟਿਸ ਅਲਕਾ ਸਰੀਨ ਨੇ ਮਹਿਲਾ ਵਾਰਡ, ਕ੍ਰੈਚ-ਕਮ-ਹੁਨਰ ਵਿਕਾਸ ਕੇਂਦਰ, ਜੇਲ੍ਹ ਫੈਕਟਰੀ, ਆਈ.ਟੀ.ਆਈ., ਕਲਾਸ ਰੂਮ, ਜੇਲ੍ਹ ਹਸਪਤਾਲ, ਕਾਨੂੰਨੀ ਸਹਾਇਤਾ ਕਮਰਾ, ਜੇਲ੍ਹ ਨਰਸਰੀ, ਵੀ.ਸੀ. ਰੂਮ, ਸਾਂਝੀ ਰਸੋਈ ਅਤੇ ਹਾਈ ਸਕਿਓਰਿਟੀ ਜ਼ੋਨ ਦਾ ਦੌਰਾ ਕੀਤਾ ਅਤੇ ਇਥੇ ਪ੍ਰਦਾਨ ਕੀਤੀਆਂ ਜਾ ਰਹੀਆਂ ਸਹੂਲਤਾਂ ਤੇ ਕੰਮਕਾਜ ਬਾਰੇ ਜਾਣਕਾਰੀ ਲਈ। ਉਨ੍ਹਾਂ ਨੇ ਕੈਦੀਆਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ, ਸਿਹਤ ਸੰਭਾਲ ਅਤੇ ਹੋਰ ਬੁਨਿਆਦੀ ਸਹੂਲਤਾਂ ਬਾਰੇ ਪੁੱਛ-ਗਿੱਛ ਕੀਤੀ।

ਜਸਟਿਸ ਅਲਕਾ ਸਰੀਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਕੈਦੀਆਂ ਨੂੰ ਉਨ੍ਹਾਂ ਦੇ ਹੱਕ ਅਨੁਸਾਰ ਸਾਰੀਆਂ ਸਹੂਲਤਾਂ ਮਿਲਣ ਅਤੇ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਦੀ ਪੂਰੀ ਤਰ੍ਹਾਂ ਰਾਖੀ ਕੀਤੀ ਜਾਵੇ। ਉਨ੍ਹਾਂ ਨੇ ਜੇਲ੍ਹ ਵਿੱਚ ਭਲਾਈ ਉਪਾਵਾਂ ਦੀ ਵੀ ਸਮੀਖਿਆ ਕੀਤੀ ਅਤੇ ਜੇਲ੍ਹ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

ਨਿਰੀਖਣ ਦੌਰਾਨ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼੍ਰੀ ਅਵਤਾਰ ਸਿੰਘ ਤੇ ਸਿਵਲ ਜੱਜ (ਸੀਨੀਅਰ ਡਿਵੀਜ਼ਨ)-ਕਮ-ਇੰਚਾਰਜ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮਿਸ ਸ਼ਿਲਪੀ ਗੁਪਤਾ ਵੀ ਮੌਜੂਦ ਸਨ।

ਜੇਲ੍ਹ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਨੇ ਮਾਣਯੋਗ ਜੱਜ ਅਲਕਾ ਸਰੀਨ ਨੂੰ ਜੇਲ੍ਹ ਦੇ ਸਮੁੱਚੇ ਕੰਮਕਾਜ, ਸੁਰੱਖਿਆ ਪ੍ਰਬੰਧਾਂ, ਸਿਹਤ ਸਹੂਲਤਾਂ, ਕਿੱਤਾਮੁਖੀ ਗਤੀਵਿਧੀਆਂ ਅਤੇ ਕੈਦੀਆਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ।

# ਮੋਹਨਜੀਤ ਸਿੰਘ ਸ਼ੇਰੋਂ 'ਤੇ ਕਥਿਤ ਤਸ਼ੱਦਦ ਖ਼ਿਲਾਫ਼ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਰੋਸ ਪ੍ਰਦਰਸ਼ਨ



**ਲੁਧਿਆਣਾ, 14 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਮੋਹਨਜੀਤ ਸਿੰਘ ਸ਼ੇਰੋਂ ਨਾਲ ਕਥਿਤ ਤਸ਼ੱਦਦ ਦੇ ਵਿਰੋਧ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।

ਹਰਵੀਰ ਸਿੰਘ ਇਆਲੀ ਅਤੇ ਦਰਸ਼ਨ ਸਿੰਘ ਸ਼ਿਵਾਲਿਕ ਦੀ ਅਗਵਾਈ ਹੇਠ ਪਾਰਟੀ ਆਗੂਆਂ ਤੇ ਵਰਕਰਾਂ ਨੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਕੋਠੀ ਦਾ ਘਿਰਾਓ ਕਰਦਿਆਂ ਕਾਲੇ ਝੰਡੇ ਲਹਿਰਾਏ ਅਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

ਆਗੂਆਂ ਨੇ ਕਿਹਾ ਕਿ ਲੋਕਤੰਤਰ ਵਿੱਚ ਸ਼ਾਂਤਮਈ ਢੰਗ ਨਾਲ ਰੋਸ ਪ੍ਰਗਟ ਕਰਨਾ ਹਰ ਨਾਗਰਿਕ ਦਾ ਹੱਕ ਹੈ। ਉਨ੍ਹਾਂ ਮਾਮਲੇ ਦੀ ਨਿਰਪੱਖ ਜਾਂਚ ਕਰਵਾ ਕੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਮੋਹਨਜੀਤ ਸਿੰਘ ਸ਼ੇਰੋਂ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ।

# ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਪਟਿਆਲਾ ਜ਼ਿਲ੍ਹੇ ਵਿੱਚ ਬਲਾਕ ਪੱਧਰੀ ਟੈਨਿਸ ਬਾਲ ਕ੍ਰਿਕਟ ਮੁਕਾਬਲੇ ਕਰਵਾਏ

**ਪਟਿਆਲਾ, 14 ਸਤੰਬਰ**
**-ਵਿਸ਼ਾਲ ਗੁਪਤਾ-**

ਖੇਡ ਵਿਭਾਗ ਪਟਿਆਲਾ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਟੈਨਿਸ ਬਾਲ ਕ੍ਰਿਕਟ ਉਮਰ ਵਰਗ 14 ਸਾਲ ਤੋਂ ਉੱਪਰ ਲੜਕੇ-ਮੈਨ ਵਰਗ ਦੇ ਬਲਾਕ ਪੱਧਰੀ ਟੂਰਨਾਮੈਂਟ ਕਰਵਾਏ ਗਏ।

ਇਨ੍ਹਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਬਲਾਕ ਪਟਿਆਲਾ ਸ਼ਹਿਰੀ ਵਿਖੇ ਟੈਨਿਸ ਬਾਲ ਕ੍ਰਿਕਟ ਵਿੱਚ 10 ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ। ਕ੍ਰਿਕਟ ਕੋਚਿੰਗ ਸੈਂਟਰ, ਜੋ ਕਿ ਪੀ.ਐਮ. ਸ਼੍ਰੀ ਮਲਟੀਪਰਪਜ਼ ਸਕੂਲ ਵਿਖੇ ਚੱਲ ਰਿਹਾ ਹੈ, ਦੀ ਟੀਮ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 68 ਦੌੜਾਂ ਦਾ ਟੀਚਾ ਦਿੱਤਾ ਅਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਮਲਟੀਪਰਪਜ਼ ਸਕੂਲ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

ਬਲਾਕ ਪਟਿਆਲਾ ਦਿਹਾਤੀ ਵਿਖੇ ਟੈਨਿਸ ਬਾਲ ਕ੍ਰਿਕਟ ਦੇ ਫਾਈਨਲ ਮੁਕਾਬਲਿਆਂ ਵਿੱਚ ਪਿੰਡ ਲਚਕਾਣੀ ਦੀ ਟੀਮ ਨੇ ਪਹਿਲਾ ਸਥਾਨ ਅਤੇ ਪਿੰਡ ਸਿੱਧੂਵਾਲ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ।

ਸਰਕਾਰੀ ਪੈਪਸੂ ਸਟੇਡੀਅਮ, ਰਾਜਪੁਰਾ ਵਿਖੇ ਟੈਨਿਸ ਬਾਲ ਕ੍ਰਿਕਟ ਵਿੱਚ ਹੋਲੀ ਏਂਜਲ ਸਕੂਲ ਦੀ ਟੀਮ ਨੇ ਐਨ.ਟੀ.ਸੀ.-1 ਰਾਜਪੁਰਾ ਦੀ ਟੀਮ ਨੂੰ 5 ਵਿਕਟਾਂ ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਐਨ.ਟੀ.ਸੀ.-1 ਰਾਜਪੁਰਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਇਸੇ ਤਰ੍ਹਾਂ ਮੁੱਖ ਮੰਤਰੀ ਖੇਡ ਸਟੇਡੀਅਮ, ਪਿੰਡ ਦੇਧਨਾ, ਬਲਾਕ ਪਾਤੜਾ ਵਿਖੇ ਚੱਲ ਰਹੇ ਟੈਨਿਸ ਬਾਲ ਕ੍ਰਿਕਟ ਮੁਕਾਬਲਿਆਂ ਵਿੱਚ ਦਫ਼ਤਰੀਵਾਲਾ ਦੀ ਟੀਮ ਨੇ ਪਿੰਡ ਦੋਧੜਾ ਦੀ ਟੀਮ ਨੂੰ 4 ਵਿਕਟਾਂ ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ।

# ਸੀਟੀ ਯੂਨੀਵਰਸਿਟੀ ਦੀ ਸ਼ਾਂਭਵੀ ਨੇ ਈਸਟ ਜ਼ੋਨ ਬੈਡਮਿੰਟਨ ਚੈਂਪੀਅਨਸ਼ਿਪ 'ਚ ਜਿੱਤੇ 3 ਸੋਨ ਤਗਮੇ




**ਲੁਧਿਆਣਾ, 14 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਸੀਟੀ ਯੂਨੀਵਰਸਿਟੀ ਲਈ ਮਾਣ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਦੀ ਪ੍ਰਤਿਭਾਸ਼ਾਲੀ ਬੈਡਮਿੰਟਨ ਖਿਡਾਰਨ ਸ਼ਾਂਭਵੀ ਨੇ ਭੁਵਨੇਸ਼ਵਰ ਵਿਖੇ ਆਯੋਜਿਤ ਈਸਟ ਜ਼ੋਨ ਇੰਟਰ-ਸਟੇਟ ਬੈਡਮਿੰਟਨ ਚੈਂਪੀਅਨਸ਼ਿਪ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਡਬਲਜ਼, ਮਿਕਸਡ ਡਬਲਜ਼ ਅਤੇ ਓਪਨ ਟੀਮ ਮੁਕਾਬਲੇ ਵਿੱਚ ਤਿੰਨ ਸੋਨ ਤਗਮੇ ਜਿੱਤੇ।

ਸ਼ਾਂਭਵੀ ਦੀ ਇਸ ਉਪਲਬਧੀ ਨੂੰ ਉਸਦੀ ਮਿਹਨਤ, ਨਿਰੰਤਰ ਅਭਿਆਸ ਅਤੇ ਖੇਡ ਪ੍ਰਤੀ ਸਮਰਪਣ ਦਾ ਨਤੀਜਾ ਦੱਸਦਿਆਂ ਸੀਟੀ ਯੂਨੀਵਰਸਿਟੀ ਦੇ ਪ੍ਰੋ ਵਾਈਸ ਚਾਂਸਲਰ ਡਾ. ਮਨਬੀਰ ਸਿੰਘ, ਡਾਇਰੈਕਟਰ ਡੀਐੱਸਡਬਲਯੂ ਇੰਜੀ. ਦਵਿੰਦਰ ਸਿੰਘ ਅਤੇ ਸਪੋਰਟਸ ਹੈੱਡ ਗੁਰਦੀਪ ਸਿੰਘ ਨੇ ਉਸਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸ਼ਾਂਭਵੀ ਦੀ ਇਹ ਕਾਮਯਾਬੀ ਯੂਨੀਵਰਸਿਟੀ ਦੇ ਖੇਡ ਖੇਤਰ ਵਿੱਚ ਇੱਕ ਹੋਰ ਮਾਣਮੱਤਾ ਅਧਿਆਇ ਜੋੜਦੀ ਹੈ ਅਤੇ ਨੌਜਵਾਨ ਖਿਡਾਰੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

# ਅਮਨ ਅਰੋੜਾ ਨੇ ਕਿਹਾ ਇਹ ਸਾਰੇ ਮੇਰੇ ਭਰਾ ਹਨ, ਬੈਰੀਕੇਡ ਨਹੀਂ ਲੱਗਣੇ, ਪਾਣੀ ਦੀਆਂ ਬੁਛਾੜਾਂ ਨਹੀਂ ਮਾਰਨੀਆਂ; ਮੈਂ ਖੁਦ ਬੈਠ ਕੇ ਮਸਲਾ ਹੱਲ ਕਰਾਂਗਾ

**ਸੁਨਾਮ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁਲਾਜ਼ਮ ਜਥੇਬੰਦੀਆਂ ਵੱਲੋਂ ਆਪਣੀਆਂ ਵੱਖ-ਵੱਖ ਮੰਗਾਂ ਅਤੇ ਮਸਲਿਆਂ ਨੂੰ ਲੈ ਕੇ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ਦੀ ਰਿਹਾਇਸ਼ ਦੇ ਬਾਹਰ ਦਿੱਤੇ ਜਾ ਰਹੇ ਧਰਨੇ ਦੌਰਾਨ ਉਸ ਸਮੇਂ ਇੱਕ ਨਵਾਂ ਅਤੇ ਸੁਖਾਵਾਂ ਮਾਹੌਲ ਬਣ ਗਿਆ, ਜਦੋਂ ਸ੍ਰੀ ਅਮਨ ਅਰੋੜਾ ਖੁਦ ਧਰਨੇ ਵਾਲੀ ਥਾਂ 'ਤੇ ਪਹੁੰਚੇ ਅਤੇ ਮੁਲਾਜ਼ਮਾਂ ਨਾਲ ਸਿੱਧਾ ਸੰਵਾਦ ਕਾਇਮ ਕੀਤਾ। ਇਸ ਮੌਕੇ ਸਭ ਤੋਂ ਖਾਸ ਗੱਲ ਇਹ ਰਹੀ ਕਿ ਧਰਨੇ ਨੂੰ ਲੈ ਕੇ ਸੁਰੱਖਿਆ ਪ੍ਰਬੰਧਾਂ ਤਹਿਤ ਪਾਣੀ ਦੀਆਂ ਬੁਛਾੜਾਂ ਵਾਲੀਆਂ ਗੱਡੀਆਂ ਅਤੇ ਬੈਰੀਕੇਡਿੰਗ ਦੀ ਵਿਵਸਥਾ ਮੌਜੂਦ ਹੋਣ ਦੇ ਬਾਵਜੂਦ ਸ੍ਰੀ ਅਮਨ ਅਰੋੜਾ ਨੇ ਸਪਸ਼ਟ ਸ਼ਬਦਾਂ ਵਿੱਚ ਕਿਹਾ ਕਿ ਕੋਈ ਬੈਰੀਕੇਡਿੰਗ ਨਹੀਂ ਲਾਉਣੀ ਅਤੇ ਪਾਣੀ ਦੀਆਂ ਬੁਛਾੜਾਂ ਵਾਲੀ ਗੱਡੀ ਦੀ ਵਰਤੋਂ ਨਹੀਂ ਕਰਨੀ। ਇਹ ਸਾਰੇ ਮੇਰੇ ਭਰਾ ਹਨ। ਮੈਂ ਖੁਦ ਇਨ੍ਹਾਂ ਨਾਲ ਬੈਠ ਕੇ ਗੱਲ ਕਰਾਂਗਾ ਅਤੇ ਮਸਲਾ ਹੱਲ ਕਰਨ ਦੀ ਕੋਸ਼ਿਸ਼ ਕਰਾਂਗਾ। ਮੰਤਰੀ ਦੇ ਇਸ ਰਵੱਈਏ ਨਾਲ ਧਰਨੇ ਵਾਲੀ ਥਾਂ 'ਤੇ ਮੌਜੂਦ ਮੁਲਾਜ਼ਮਾਂ ਵਿੱਚ ਵੀ ਸਕਾਰਾਤਮਕ ਭਾਵਨਾ ਦੇਖਣ ਨੂੰ ਮਿਲੀ। ਸ੍ਰੀ ਅਮਨ ਅਰੋੜਾ ਨੇ ਧਰਨੇ 'ਤੇ ਬੈਠੇ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਕਿਹਾ ਕਿ ਉਨ੍ਹਾਂ ਵੱਲੋਂ ਉਠਾਏ ਗਏ ਜਾਇਜ਼ ਮਸਲਿਆਂ ਨੂੰ ਸਰਕਾਰ ਦੇ ਪੱਧਰ 'ਤੇ ਪੂਰੀ ਗੰਭੀਰਤਾ ਨਾਲ ਵਿਚਾਰਿਆ ਜਾਵੇਗਾ। ਇਸ ਤੋਂ ਬਾਅਦ ਮੁਲਾਜ਼ਮ ਜਥੇਬੰਦੀਆਂ ਦਾ ਇੱਕ ਵਫ਼ਦ ਸ੍ਰੀ ਅਮਨ ਅਰੋੜਾ ਨਾਲ ਵਿਸਥਾਰਪੂਰਵਕ ਗੱਲਬਾਤ ਲਈ ਅੰਦਰ ਗਿਆ। ਮੀਟਿੰਗ ਦੌਰਾਨ ਮੁਲਾਜ਼ਮਾਂ ਨਾਲ ਸਬੰਧਤ ਵੱਖ-ਵੱਖ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਗੱਲਬਾਤ ਦਾ ਮਾਹੌਲ ਸੁਖਾਵਾਂ ਅਤੇ ਉਸਾਰੂ ਰਿਹਾ ਅਤੇ ਦੋਵਾਂ ਪੱਖਾਂ ਵੱਲੋਂ ਮਸਲਿਆਂ ਦਾ ਹੱਲ ਗੱਲਬਾਤ ਅਤੇ ਆਪਸੀ ਸਹਿਯੋਗ ਰਾਹੀਂ ਕੱਢਣ 'ਤੇ ਜ਼ੋਰ ਦਿੱਤਾ ਗਿਆ।



ਮੀਟਿੰਗ ਉਪਰੰਤ ਮੁਲਾਜ਼ਮ ਜਥੇਬੰਦੀਆਂ ਵੱਲੋਂ ਧਰਨਾ ਚੁੱਕ ਲਿਆ ਗਿਆ। ਮੁਲਾਜ਼ਮ ਆਗੂਆਂ ਵੱਲੋਂ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਖੁਦ ਧਰਨੇ ਵਾਲੀ ਥਾਂ 'ਤੇ ਪਹੁੰਚ ਕੇ ਗੱਲਬਾਤ ਕਰਨ ਅਤੇ ਉਨ੍ਹਾਂ ਦੀਆਂ ਮੰਗਾਂ ਸੁਣਨ ਦੀ ਪਹਿਲ ਨੂੰ ਸਕਾਰਾਤਮਕ ਕਦਮ ਵਜੋਂ ਲਿਆ ਗਿਆ।

ਇਸ ਮੌਕੇ ਮੌਜੂਦ ਪੁਲਿਸ ਮੁਲਾਜ਼ਮਾਂ ਵੱਲੋਂ ਵੀ ਮੰਤਰੀ ਦੇ ਇਸ ਰਵੱਈਏ ਦੀ ਸ਼ਲਾਘਾ ਕੀਤੀ ਗਈ। ਪੁਲਿਸ ਨਾਲ ਜੁੜੇ ਕੁਝ ਵਿਅਕਤੀਆਂ ਨੇ ਕਿਹਾ ਕਿ ਮੰਤਰੀ ਵੱਲੋਂ ਖੁਦ ਅੱਗੇ ਆ ਕੇ ਧਰਨਾਕਾਰੀਆਂ ਨਾਲ ਗੱਲਬਾਤ ਕਰਨਾ ਇੱਕ ਚੰਗੀ ਪਹਿਲ ਸੀ, ਜਿਸ ਨਾਲ ਸਥਿਤੀ ਨੂੰ ਸੁਖਾਵੇਂ ਢੰਗ ਨਾਲ ਸੰਭਾਲਣ ਵਿੱਚ ਮਦਦ ਮਿਲੀ ਅਤੇ ਕਿਸੇ ਵੀ ਤਰ੍ਹਾਂ ਦੇ ਤਣਾਅ ਦੀ ਸੰਭਾਵਨਾ ਨੂੰ ਟਾਲਿਆ ਗਿਆ।

ਧਰਨੇ ਵਾਲੀ ਥਾਂ 'ਤੇ ਮੌਜੂਦ ਆਮ ਲੋਕਾਂ ਨੇ ਵੀ ਸ੍ਰੀ ਅਮਨ ਅਰੋੜਾ ਦੀ ਇਸ ਪਹਿਲ ਨੂੰ ਸ਼ਲਾਘਾਯੋਗ ਦੱਸਦਿਆਂ ਕਿਹਾ ਕਿ ਜਨਤਕ ਮਸਲਿਆਂ ਨੂੰ ਟਕਰਾਅ ਦੀ ਬਜਾਏ ਗੱਲਬਾਤ ਰਾਹੀਂ ਹੱਲ ਕਰਨ ਦੀ ਪਿਰਤ ਸਿਆਸੀ ਅਤੇ ਸਮਾਜਿਕ ਮਾਹੌਲ ਨੂੰ ਹੋਰ ਸੁਖਾਵਾਂ ਬਣਾਉਣ ਵਿੱਚ ਸਹਾਇਕ ਹੋ ਸਕਦੀ ਹੈ। ਲੋਕਾਂ ਦਾ ਕਹਿਣਾ ਸੀ ਕਿ ਇੱਕ ਮੰਤਰੀ ਵੱਲੋਂ ਆਪਣੇ ਹੀ ਧਰਨੇ 'ਤੇ ਬੈਠੇ ਮੁਲਾਜ਼ਮਾਂ ਨੂੰ ਵਿਰੋਧੀ ਧਿਰ ਵਜੋਂ ਨਾ ਦੇਖ ਕੇ ਆਪਣੇ ਭਰਾ ਕਹਿੰਦਿਆਂ ਉਨ੍ਹਾਂ ਕੋਲ ਖੁਦ ਜਾਣਾ ਅਤੇ ਬੈਠ ਕੇ ਮਸਲਾ ਸੁਣਨਾ ਲੋਕਤੰਤਰ ਵਿੱਚ ਸਿੱਧੇ ਸੰਵਾਦ ਦੀ ਇੱਕ ਚੰਗੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਅਜਿਹੀ ਪਹਿਲ ਨਾਲ ਰਾਜਨੀਤਿਕ ਖੇਤਰ ਵਿੱਚ ਵੀ ਆਪਸੀ ਸਤਿਕਾਰ ਅਤੇ ਸੁਖਾਵੇਂ ਮਾਹੌਲ ਨੂੰ ਉਤਸ਼ਾਹ ਮਿਲ ਸਕਦਾ ਹੈ। ਇਸ ਦੌਰਾਨ ਸ੍ਰੀ ਅਮਨ ਅਰੋੜਾ ਵੱਲੋਂ ਧਰਨੇ 'ਤੇ ਬੈਠੇ ਮੁਲਾਜ਼ਮਾਂ ਲਈ ਠੰਢੇ ਪਾਣੀ ਦੀ ਛਬੀਲ ਅਤੇ ਚਾਹ ਦਾ ਲੰਗਰ ਵੀ ਲਗਾਇਆ ਗਿਆ। ਇਸ ਪਹਿਲ ਨੇ ਧਰਨੇ ਦੌਰਾਨ ਆਪਸੀ ਸਤਿਕਾਰ, ਸਦਭਾਵਨਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਲੋਕਤੰਤਰ ਵਿੱਚ ਆਪਣੀ ਗੱਲ ਸਰਕਾਰ ਅਤੇ ਪ੍ਰਸ਼ਾਸਨ ਤੱਕ ਪਹੁੰਚਾਉਣਾ ਹਰ ਨਾਗਰਿਕ ਅਤੇ ਮੁਲਾਜ਼ਮ ਦਾ ਹੱਕ ਹੈ। ਉਨ੍ਹਾਂ ਕਿਹਾ ਕਿ ਹਰ ਮਸਲੇ ਦਾ ਹੱਲ ਗੱਲਬਾਤ, ਸਹਿਯੋਗ ਅਤੇ ਆਪਸੀ ਭਰੋਸੇ ਨਾਲ ਕੱਢਿਆ ਜਾ ਸਕਦਾ ਹੈ। ਮੁਲਾਜ਼ਮ ਪੰਜਾਬ ਸਰਕਾਰ ਅਤੇ ਸੂਬੇ ਦੀ ਪ੍ਰਸ਼ਾਸਨਿਕ ਵਿਵਸਥਾ ਦਾ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਨਾਲ ਸਬੰਧਤ ਮਸਲਿਆਂ ਨੂੰ ਗੰਭੀਰਤਾ ਨਾਲ ਵਿਚਾਰਿਆ ਜਾਵੇਗਾ।

ਸ੍ਰੀ ਅਮਨ ਅਰੋੜਾ ਵੱਲੋਂ ਖੁਦ ਧਰਨੇ ਵਾਲੀ ਥਾਂ 'ਤੇ ਪਹੁੰਚ ਕੇ ਮੁਲਾਜ਼ਮਾਂ ਨਾਲ ਗੱਲਬਾਤ ਕਰਨ, ਬੈਰੀਕੇਡਿੰਗ ਅਤੇ ਪਾਣੀ ਦੀਆਂ ਬੁਛਾੜਾਂ ਦੀ ਥਾਂ ਸੰਵਾਦ ਨੂੰ ਤਰਜੀਹ ਦੇਣ ਅਤੇ ਬਾਅਦ ਵਿੱਚ ਵਫ਼ਦ ਨਾਲ ਵਿਸਥਾਰਪੂਰਵਕ ਮੀਟਿੰਗ ਕਰਨ ਦੀ ਪਹਿਲ ਨੂੰ ਗੱਲਬਾਤ ਰਾਹੀਂ ਮਸਲਿਆਂ ਦੇ ਹੱਲ ਅਤੇ ਰਾਜਨੀਤਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਵਜੋਂ ਦੇਖਿਆ ਜਾ ਰਿਹਾ ਹੈ।

# ਪੰਜਾਬ ਸਰਕਾਰ ਦੇ ਸੁਹਿਰਦ ਯਤਨ ਪੇਂਡੂ ਵਿਕਾਸ ਨੂੰ ਦੇ ਰਹੇ ਹਨ ਵੱਡਾ ਹੁਲਾਰਾ: ਤਰੁਨਪ੍ਰੀਤ ਸਿੰਘ ਸੌਂਦ

**➢ ਵੀਬੀ-ਜੀ ਰਾਮ ਜੀ ਅਧੀਨ 1.88 ਲੱਖ ਤੋਂ ਵੱਧ ਦਿਹਾੜੀਆਂ ਪੈਦਾ ਕਰਕੇ ਲਾਭਪਾਤਰੀ ਪਰਿਵਾਰਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ: ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ➢ ਕੇਂਦਰ ਵੱਲੋਂ ਰਾਜਾਂ 'ਤੇ ਵਾਧੂ ਬੋਝ ਪਾਏ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਵੀਬੀ-ਜੀ ਰਾਮ ਜੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ: ਸੌਂਦ**

**ਚੰਡੀਗੜ੍ਹ, 14 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਇਥੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਭਰ ਵਿੱਚ ਪੇਂਡੂ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਲਈ ਲਗਾਤਾਰ ਸੁਹਿਰਦ ਯਤਨ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ 'ਵਿਕਸਿਤ ਭਾਰਤ-ਗਾਰੰਟੀ ਫਾਰ ਰੋਜ਼ਗਾਰ ਅਤੇ ਆਜੀਵਿਕਾ ਮਿਸ਼ਨ (ਗ੍ਰਾਮੀਣ)' (ਵੀਬੀ-ਜੀ ਰਾਮ ਜੀ) ਸਕੀਮ ਅਧੀਨ ਵੀ ਪੰਜਾਬ ਦੇ ਪਿੰਡਾਂ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ 1 ਜੁਲਾਈ, 2026 ਤੋਂ ਲੈ ਕੇ ਹੁਣ ਤੱਕ ਇਸ ਸਕੀਮ ਅਧੀਨ 1.88 ਲੱਖ ਤੋਂ ਵੱਧ ਦਿਹਾੜੀਆਂ ਪੈਦਾ ਕੀਤੀਆਂ ਗਈਆਂ ਹਨ ਜਿਸ ਨਾਲ ਰਜਿਸਟਰਡ ਲਾਭਪਾਤਰੀ ਪਰਿਵਾਰਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਡੀ ਸਰਕਾਰ ਪੇਂਡੂ ਖੇਤਰਾਂ ਦੇ ਲੋੜਵੰਦ ਪਰਿਵਾਰਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇਣ ਲਈ ਇਸ ਸਕੀਮ ਤਹਿਤ ਨਵੇਂ ਲਾਭਪਾਤਰੀਆਂ ਨੂੰ ਵੀ ਸ਼ਾਮਲ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਪਹਿਲਕਦਮੀਆਂ ਦਾ ਉਦੇਸ਼ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ, ਪੇਂਡੂ ਪਰਿਵਾਰਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਅਤੇ ਪਿੰਡਾਂ ਵਿੱਚ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ।

ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਨੇ ਕਿਹਾ ਕਿ ਹਾਲਾਂਕਿ ਕੇਂਦਰ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਵੀਂ



ਸਕੀਮ ਨੇ ਸੂਬਿਆਂ 'ਤੇ ਵਾਧੂ ਬੋਝ ਪਾਇਆ ਹੈ, ਪਰ ਪੰਜਾਬ ਸਰਕਾਰ ਇਸ ਨੂੰ ਪ੍ਰਭਾਵਸ਼ਾਲੀ ਅਤੇ ਸੁਚੱਜੇ ਢੰਗ ਨਾਲ ਲਾਗੂ ਕਰ ਰਹੀ ਹੈ ਤਾਂ ਜੋ ਪੇਂਡੂ ਵਿਕਾਸ ਕਾਰਜ ਬਿਨਾਂ ਰੁਕਾਵਟ ਜਾਰੀ ਰਹਿਣ ਅਤੇ ਇਸ ਦਾ ਲਾਭ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚ ਸਕੇ।

ਉਨ੍ਹਾਂ ਕਿਹਾ ਕਿ ਵੀਬੀ-ਜੀ ਰਾਮ ਜੀ ਸਕੀਮ ਅਧੀਨ ਲਾਭਪਾਤਰੀਆਂ ਦੀਆਂ ਉਜਰਤਾਂ ਸਮੇਂ ਸਿਰ ਜਾਰੀ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਕਾਮਿਆਂ ਨੂੰ ਉਨ੍ਹਾਂ ਦੀ ਬਣਦੀ ਉਜਰਤ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਸਮੇਂ ਸਿਰ ਮਿਲੇ। ਉਨ੍ਹਾਂ ਕਿਹਾ ਕਿ ਪਾਰਦਰਸ਼ੀ ਅਤੇ ਕੁਸ਼ਲ ਪ੍ਰਸ਼ਾਸਨ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਵਿਭਾਗ ਵੱਲੋਂ ਅਦਾਇਗੀ ਪ੍ਰਕਿਰਿਆ ਦੀ ਵੀ ਨੇੜਿਓਂ ਨਿਗਰਾਨੀ ਕੀਤੀ ਜਾ ਰਹੀ ਹੈ।

ਸ. ਸੌਂਦ ਨੇ ਦੱਸਿਆ ਕਿ ਇਸ ਸਕੀਮ ਤਹਿਤ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਨ੍ਹਾਂ ਵਿੱਚ ਛੱਪੜਾਂ ਦੀ ਮੁਰੰਮਤ ਅਤੇ ਨਵੀਨੀਕਰਨ, ਪਾਰਕਾਂ ਦਾ ਵਿਕਾਸ, ਪੌਦੇ ਲਾਉਣ ਦੀ ਮੁਹਿੰਮ, ਜਲ ਸੰਭਾਲ, ਜਲ ਸਰੋਤਾਂ ਦਾ ਵਿਕਾਸ, ਗਲੀਆਂ ਤੇ ਨਾਲੀਆਂ ਦੀ ਉਸਾਰੀ ਅਤੇ ਨਵੀਨੀਕਰਨ, ਸੜਕਾਂ ਨਾਲ ਸਬੰਧਤ ਕੰਮ ਅਤੇ ਹੋਰ ਸਾਂਝੀਆਂ ਸੰਪਤੀਆਂ ਵਿਕਸਿਤ ਕਰਨਾ ਸ਼ਾਮਲ ਹੈ।

ਉਨ੍ਹਾਂ ਕਿਹਾ ਕਿ ਇਹ ਕਾਰਜ ਨਾ ਸਿਰਫ਼ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਰਹੇ ਹਨ, ਸਗੋਂ ਪਿੰਡ ਵਾਸੀਆਂ ਨੂੰ ਉਨ੍ਹਾਂ ਦੇ ਆਪਣੇ ਪਿੰਡਾਂ ਵਿੱਚ ਹੀ ਰੋਜ਼ਗਾਰ ਦੇ ਮੌਕੇ ਵੀ ਪ੍ਰਦਾਨ ਕਰ ਰਹੇ ਹਨ, ਜਿਸ ਨਾਲ ਰੋਜ਼ਗਾਰ ਦੀ ਭਾਲ ਵਿੱਚ ਬਾਹਰ ਜਾਣ ਦੀ ਲੋੜ ਲਗਾਤਾਰ ਘਟਾਈ ਜਾ ਰਹੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਸਕੀਮ ਵਿੱਚ ਪਾਰਦਰਸ਼ਤਾ, ਇਸਦੇ ਪ੍ਰਭਾਵਸ਼ਾਲੀ ਪ੍ਰਬੰਧਨ ਅਤੇ ਸਹੀ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਵਿਭਾਗੀ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ, ਪਾਰਦਰਸ਼ਤਾ ਅਤੇ ਸਮੇਂ ਸਿਰ ਮੁਕੰਮਲ ਹੋਣ ਨੂੰ ਯਕੀਨੀ ਬਣਾਉਣ ਲਈ ਨਿਯਮਤ ਤੌਰ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ।

ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਵਿੱਚ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਨਾਲ-ਨਾਲ ਬਿਹਤਰ ਬੁਨਿਆਦੀ ਢਾਂਚਾ ਅਤੇ ਨਾਗਰਿਕ ਸਹੂਲਤਾਂ ਉਪਲਬਧ ਕਰਵਾ ਕੇ ਪਿੰਡਾਂ ਨੂੰ ਮਜ਼ਬੂਤ, ਹਰਿਆ-ਭਰਿਆ ਅਤੇ ਵਧੇਰੇ ਖ਼ੁਸ਼ਹਾਲ ਬਣਾਉਣ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀਬੀ-ਜੀ ਰਾਮ ਜੀ ਸਕੀਮ ਦਾ ਸੁਚੱਜੇ ਢੰਗ ਨਾਲ ਲਾਗੂਕਰਨ ਪੇਂਡੂ ਆਰਥਿਕਤਾ ਨੂੰ ਹੋਰ ਹੁਲਾਰਾ ਦੇਵੇਗਾ ਅਤੇ ਪੰਜਾਬ ਦੇ ਪਿੰਡਾਂ ਨੂੰ ਵਧੇਰੇ ਵਿਕਸਤ, ਆਤਮ-ਨਿਰਭਰ ਅਤੇ ਟਿਕਾਊ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

# ਪੰਜਾਬ ਦੇ ਗਵਰਨਰ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਚੰਡੀਗੜ੍ਹ ਨੂੰ ਨਸ਼ਾ ਮੁਕਤ ਕਰਨ ਲਈ 30 ਸਤੰਬਰ ਦੀ ਡੈੱਡਲਾਈਨ; ਲਾਪਰਵਾਹ ਪੁਲੀਸ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਦੀ ਚਿਤਾਵਨੀ

**ਚੰਡੀਗੜ੍ਹ, 14 ਸਤੰਬਰ**
**-ਹਰਮਨਪ੍ਰੀਤ ਕੌਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਪੁਲੀਸ ਅਤੇ ਪ੍ਰਸ਼ਾਸਨ ਨੂੰ ਸ਼ਹਿਰ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨ ਲਈ 30 ਸਤੰਬਰ ਤੱਕ ਦਾ ਸਮਾਂ (ਡੈੱਡਲਾਈਨ) ਦਿੱਤਾ ਹੈ। ਉਨ੍ਹਾਂ ਸਪੱਸ਼ਟ ਚਿਤਾਵਨੀ ਦਿੱਤੀ ਹੈ ਕਿ ਜੇਕਰ ਨਿਸ਼ਚਿਤ ਮਿਤੀ ਤੋਂ ਬਾਅਦ ਕਿਸੇ ਵੀ ਇਲਾਕੇ ਵਿੱਚ ਨਸ਼ੇ ਦੀ ਵਿਕਰੀ ਹੁੰਦੀ ਪਾਈ ਗਈ, ਤਾਂ ਸਬੰਧਤ ਐੱਸ.ਐੱਚ.ਓ. (SHO) ਅਤੇ ਫੀਲਡ ਸਟਾਫ਼ ਵਿਰੁੱਧ ਸਖ਼ਤ ਪ੍ਰਸ਼ਾਸਨਿਕ ਕਾਰਵਾਈ ਕੀਤੀ ਜਾਵੇਗੀ।

ਇਹ ਪ੍ਰਗਟਾਵਾ ਰਾਜਪਾਲ ਨੇ ਚੰਡੀਗੜ੍ਹ ਦੇ ਸੈਕਟਰ 37 ਸਥਿਤ ਲਾਅ ਆਡੀਟੋਰੀਅਮ ਵਿਖੇ 'ਦਿ



ਸੀਨੀਅਰ ਜਰਨਲਿਸਟਸ ਫੋਰਮ' ਦੇ ਪਹਿਲੇ ਵਰ੍ਹੇਗੰਢ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੀਤਾ।

ਮੁੱਖ ਮੁਹਿੰਮ ਅਤੇ ਰਾਜਪਾਲ ਦੇ ਪ੍ਰਮੁੱਖ ਨਿਰਦੇਸ਼

ਅਧਿਕਾਰੀਆਂ ਅਤੇ ਤਸਕਰਾਂ ਦਾ ਗਠਜੋੜ ਤੋੜਨਾ: ਰਾਜਪਾਲ ਨੇ ਕਿਹਾ ਕਿ ਪੁਲੀਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਮਿਲੀਭੁਗਤ ਤੋਂ ਬਿਨਾਂ ਕੋਈ ਵੀ ਗੈਰ-ਕਾਨੂੰਨੀ ਧੰਦਾ ਨਹੀਂ ਚੱਲ ਸਕਦਾ। ਉਨ੍ਹਾਂ ਇਸ ਮਿਲੀਭੁਗਤ ਨੂੰ ਹਰ ਹਾਲਤ ਵਿੱਚ ਤੋੜਨ ਦਾ ਸੰਕਲਪ ਦੁਹਰਾਇਆ।

ਗੁਪਤ ਟੀਮਾਂ ਰਾਹੀਂ ਨਿਗਰਾਨੀ: ਗੁਪਤ ਸੂਚਨਾ ਦਾਤਾ ਅਤੇ ਰਾਜਪਾਲ ਦੀਆਂ ਆਪਣੀਆਂ ਸੁਤੰਤਰ ਟੀਮਾਂ ਫੀਲਡ ਵਿੱਚ ਕੰਮ ਕਰਨਗੀਆਂ ਤਾਂ ਜੋ ਤਸਕਰਾਂ ਅਤੇ ਦੋਸ਼ੀ ਅਧਿਕਾਰੀਆਂ ਨੂੰ ਰੰਗੇ ਹੱਥੀਂ ਫੜਿਆ ਜਾ ਸਕੇ।

ਸਮਾਜਿਕ ਭਾਗੀਦਾਰੀ: ਉਨ੍ਹਾਂ ਕਿਹਾ ਕਿ ਨਸ਼ਾ ਖ਼ਤਮ ਕਰਨਾ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਪੰਜਾਬੀਆਂ ਦੀਆਂ ਇਤਿਹਾਸਕ ਕੁਰਬਾਨੀਆਂ ਅਤੇ ਭਾਈਚਾਰਕ ਸਾਂਝ ਦਾ ਹਵਾਲਾ ਦਿੰਦਿਆਂ ਉਨ੍ਹਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਲਈ ਇਕਜੁੱਟ ਹੋਣ ਦੀ ਅਪੀਲ ਕੀਤੀ।

ਮਾਡਲ ਸਿਟੀ, ਸਿੱਖਿਆ ਅਤੇ ਰੁਜ਼ਗਾਰ: ਚੰਡੀਗੜ੍ਹ ਨੂੰ ਸਿੱਖਿਆ ਅਤੇ ਖੇਡਾਂ ਦੇ ਪ੍ਰਮੁੱਖ ਕੇਂਦਰ ਵਜੋਂ ਵਿਕਸਤ ਕੀਤਾ ਜਾਵੇਗਾ। ਨਸ਼ਿਆਂ ਤੋਂ ਮੁਕਤ ਹੋ ਰਹੇ ਨੌਜਵਾਨਾਂ ਨੂੰ ਖੇਡਾਂ ਅਤੇ ਯੋਗਤਾ ਅਨੁਸਾਰ ਨਿੱਜੀ ਖੇਤਰ ਵਿੱਚ ਰੁਜ਼ਗਾਰ ਨਾਲ ਜੋੜਿਆ ਜਾਵੇਗਾ।

ਜਨਤਾ ਦਰਬਾਰ: ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਰਾਜਪਾਲ ਨੇ ਆਪਣੇ ਦਰਵਾਜ਼ੇ ਖੁੱਲ੍ਹੇ ਰੱਖਣ ਅਤੇ ਹਰੇਕ ਬੁੱਧਵਾਰ 'ਜਨਤਾ ਦਰਬਾਰ' ਲਗਾਉਣ ਦੀ ਗੱਲ ਦੁਹਰਾਈ।

ਪੱਤਰਕਾਰਤਾ ਦੀ ਭੂਮਿਕਾ ਅਤੇ ਰਮੇਸ਼ ਵਿਨਾਇਕ ਦੇ ਵਿਚਾਰ

ਰਾਜਪਾਲ ਨੇ ਪੱਤਰਕਾਰਤਾ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਦੱਸਦਿਆਂ ਕਿਹਾ ਕਿ ਜੋ ਕੰਮ ਤਲਵਾਰ ਨਹੀਂ ਕਰ ਸਕਦੀ, ਉਹ ਪੱਤਰਕਾਰ ਦੀ ਕਲਮ ਕਰ ਸਕਦੀ ਹੈ, ਸ਼ਰਤ ਇਹ ਹੈ ਕਿ ਕਲਮ ਨਿਰਪੱਖ ਅਤੇ ਸੱਚੀ ਹੋਵੇ।

ਹਿੰਦੁਸਤਾਨ ਟਾਈਮਜ਼ ਦੇ ਐਗਜ਼ੀਕਿਊਟਿਵ ਐਡੀਟਰ ਰਮੇਸ਼ ਵਿਨਾਇਕ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ: ਪ੍ਰਿੰਟ ਮੀਡੀਆ ਦੀ ਭਰੋਸਾਯੋਗਤਾ: ਸੋਸ਼ਲ ਮੀਡੀਆ ਦੇ ਵਧਦੇ ਪ੍ਰਭਾਵ ਅਤੇ ਸਿਆਸੀ ਦਬਾਅ ਦੇ ਬਾਵਜੂਦ ਅੱਜ ਵੀ ਸਮਾਜ ਵਿੱਚ ਪ੍ਰਿੰਟ ਮੀਡੀਆ ਦੀ ਭਰੋਸਾਯੋਗਤਾ ਸਭ ਤੋਂ ਵਧੇਰੇ ਹੈ ਅਤੇ ਇਹ ਕਦੇ ਖ਼ਤਮ ਨਹੀਂ ਹੋ ਸਕਦੀ। ਮੀਡੀਆ ਦੀ ਆਜ਼ਾਦੀ: ਰਾਜਸੀ ਸ਼ਕਤੀਆਂ ਵੱਲੋਂ ਮੀਡੀਆ ਨੂੰ ਦਬਾਉਣ ਦੇ ਯਤਨਾਂ ਦੇ ਬਾਵਜੂਦ ਪੱਤਰਕਾਰ ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਆਪਣੀ ਡਿਊਟੀ ਨਿਭਾ ਰਹੇ ਹਨ। ਉਨ੍ਹਾਂ ਪੱਤਰਕਾਰਾਂ ਨੂੰ ਇਕਜੁੱਟ ਹੋਣ ਦਾ ਸੱਦਾ ਦਿੱਤਾ।

ਇਸ ਤੋਂ ਇਲਾਵਾ ਸੀਨੀਅਰ ਪੱਤਰਕਾਰ ਜਗਤਾਰ ਸਿੰਘ, ਹਰੀਸ਼ ਮਾਨਵ ਅਤੇ ਹੋਰਨਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

ਸਿਹਤ ਬੀਮਾ: ਰਾਜਪਾਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਆਯੁਸ਼ਮਾਨ ਯੋਜਨਾ ਤਹਿਤ ਦੇਸ਼ ਵਾਸੀਆਂ ਨੂੰ ਬੀਮਾ ਕਵਰ ਮਿਲ ਰਿਹਾ ਹੈ, ਪਰ ਪੱਤਰਕਾਰਾਂ ਦੇ ਵਿਸ਼ੇਸ਼ ਐਮਰਜੈਂਸੀ ਕੇਸਾਂ 'ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ।

ਜਰਨਲਿਸਟ ਭਵਨ: ਐੱਮ.ਐੱਚ.ਏ. ($81) ਦੀਆਂ ਹਦਾਇਤਾਂ ਕਾਰਨ ਨਵੀਂ ਜ਼ਮੀਨ ਅਲਾਟ ਨਹੀਂ ਹੋ ਸਕਦੀ, ਪਰ ਫੋਰਮ ਕਿਸੇ ਖਾਲੀ/ਅਣਵਰਤੀ ਸਰਕਾਰੀ ਇਮਾਰਤ ਦੀ ਪਛਾਣ ਕਰਕੇ ਪ੍ਰਸਤਾਵ ਭੇਜ ਸਕਦਾ ਹੈ।

ਸਮਾਗਮ ਦੌਰਾਨ ਸਮਾਜ ਸੇਵਾ, ਮੈਡੀਕਲ ਅਤੇ ਸਿੱਖਿਆ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲੀਆਂ ਹੇਠ ਲਿਖੀਆਂ ਸ਼ਖ਼ਸੀਅਤਾਂ ਦਾ ਰਾਜਪਾਲ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਮੁੱਖ ਮੰਤਰੀ ਭਗਵੰਤ ਮਾਨ ਦਾ ਵੱਡਾ ਐਲਾਨ; ਐਚ.ਆਰ.-2 ਰੋਡ ਹੁਣ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਮਾਰਗ' ਦੇ ਨਾਂ ਨਾਲ ਜਾਣੀ ਜਾਵੇਗੀ

**➢ ਪੰਜਾਬ ਸਰਕਾਰ ਸ਼ਹੀਦ ਕਰਨਲ ਮਨਪ੍ਰੀਤ ਸਿੰਘ ਦਾ ਸਤਿਕਾਰ ਕਰ ਕੇ ਆਪਣਾ ਫ਼ਰਜ਼ ਨਿਭਾ ਰਹੀ ਹੈ ➢ ਪੰਜਾਬ ਸਰਕਾਰ ਦੇਸ਼ ਦੀ ਸੇਵਾ ਲਈ ਸ਼ਹਾਦਤ ਦੇਣ ਵਾਲੇ ਅਗਨੀਵੀਰਾਂ ਦੇ ਪਰਿਵਾਰਾਂ ਨੂੰ ਵੀ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੰਦੀ ਹੈ ➢ ਸੇਵਾ ਪੂਰੀ ਕਰ ਕੇ ਪਰਤਣ ਵਾਲੇ ਅਗਨੀਵੀਰਾਂ ਨੂੰ ਪੁਲਿਸ, ਬੈਂਕਾਂ ਅਤੇ ਜੰਗਲਾਤ ਵਿਭਾਗ ਵਿੱਚ ਨੌਕਰੀਆਂ ਦਿੱਤੀਆਂ ਜਾਣਗੀਆਂ**

**ਚੰਡੀਗੜ੍ਹ 14 ਸਤੰਬਰ**
**-ਛਤਰਪਾਲ ਸਿੰਘ-**

ਆਪਣੇ ਸੂਰਬੀਰਾਂ ਦੀ ਕੁਰਬਾਨੀ ਨੂੰ ਕਦੇ ਵੀ ਲੋਕ ਮਨਾਂ ਤੋਂ ਵਿਸਰਨ ਨਾ ਦੇਣ ਦਾ ਸੰਕਲਪ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਿਊ ਚੰਡੀਗੜ੍ਹ ਵਿਖੇ ਅੱਜ 200 ਫੁੱਟ ਚੌੜੀ ਐਚ.ਆਰ.-2 ਰੋਡ ਅਤੇ ਇੱਕ ਪਾਰਕ ਅਨੰਤਨਾਗ ਵਿੱਚ ਦੇਸ਼ ਦੀ ਰੱਖਿਆ ਕਰਦੇ ਹੋਏ ਆਪਣੀ ਜਾਨ ਨਿਛਾਵਰ ਕਰਨ ਵਾਲੇ ਸ਼ਹੀਦ ਕਰਨਲ ਮਨਪ੍ਰੀਤ ਸਿੰਘ (ਕੀਰਤੀ ਚੱਕਰ) ਨੂੰ ਸਮਰਪਿਤ ਕੀਤਾ। ਮੁੱਖ ਮੰਤਰੀ ਨੇ ਕਿਹਾ, ਸਾਡੇ ਸ਼ਹੀਦ ਸਾਡਾ ਮਾਣ ਤੇ ਸਰਮਾਇਆ ਹਨ ਅਤੇ ਪੰਜਾਬ ਸਰਕਾਰ ਹਮੇਸ਼ਾ ਉਨ੍ਹਾਂ ਦੇ ਪਰਿਵਾਰਾਂ ਨਾਲ ਚਟਾਨ ਵਾਂਗ ਖੜ੍ਹੀ ਰਹੇਗੀ। ਉਨ੍ਹਾਂ ਦੁਹਰਾਇਆ ਕਿ ਸਰਕਾਰ ਹਥਿਆਰਬੰਦ ਸੈਨਾਵਾਂ ਦੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ।

ਐਕਸ 'ਤੇ ਪੋਸਟ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਮਹਾਨ ਯੋਧੇ ਸ਼ਹੀਦ ਕਰਨਲ ਮਨਪ੍ਰੀਤ ਸਿੰਘ (ਕੀਰਤੀ ਚੱਕਰ) ਦੀ ਸ਼ਹਾਦਤ ਦਿਵਸ 'ਤੇ ਉਨ੍ਹਾਂ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕਰਦਾ ਹਾਂ, ਜਿਨ੍ਹਾਂ ਨੇ ਅਨੰਤਨਾਗ ਵਿੱਚ ਦੇਸ਼ ਦੀ ਰੱਖਿਆ ਕਰਦੇ ਹੋਏ ਸ਼ਹਾਦਤ ਦਾ ਜਾਮ ਪੀਤਾ। ਇਸ ਸੂਰਬੀਰ ਪ੍ਰਤੀ ਸਤਿਕਾਰ ਵਜੋਂ ਅੱਜ ਅਸੀਂ ਮੁੱਧੋਪੁਰ ਚੌਂਕ ਤੋਂ ਟੀ-ਪੁਆਇੰਟ ਤੱਕ ਦੀ ਸੜਕ ਦਾ ਨਾਂ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਮਾਰਗ' ਅਤੇ ਸੈਕਟਰ 5-ਏ ਦੇ ਪਾਰਕ



ਦਾ ਨਾਂ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਪਾਰਕ' ਰੱਖਿਆ ਹੈ। ਪਿੰਡ ਭੜੌਂਜੀਆ ਦੇ ਇਸ ਬਹਾਦਰ ਸਪੂਤ ਦੀ ਅਨੂਠੀ ਕੁਰਬਾਨੀ ਸਾਡੀ ਨੌਜਵਾਨ ਪੀੜ੍ਹੀ ਨੂੰ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ। ਸਾਡੇ ਸ਼ਹੀਦ ਸਾਡਾ ਮਾਣ ਤੇ ਸਰਮਾਇਆ ਹਨ ਅਤੇ ਪੰਜਾਬ ਸਰਕਾਰ ਹਮੇਸ਼ਾ ਉਨ੍ਹਾਂ ਦੇ ਪਰਿਵਾਰਾਂ ਨਾਲ ਖੜ੍ਹੀ ਰਹੇਗੀ। ਇਨਕਲਾਬ ਜ਼ਿੰਦਾਬਾਦ।

ਸ਼ਹੀਦ ਕਰਨਲ ਮਨਪ੍ਰੀਤ ਸਿੰਘ ਦੇ ਨਾਂ 'ਤੇ ਸੜਕ ਅਤੇ ਪਾਰਕ ਸਮਰਪਿਤ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਹੀਦ ਨੂੰ ਨਿੱਘੀ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ, ਇਸ ਮੌਕੇ ਸੂਬਾ ਸਰਕਾਰ ਇਸ ਬਹਾਦਰ ਯੋਧੇ ਵੱਲੋਂ ਦੇਸ਼ ਲਈ ਦਿੱਤੀ ਕੁਰਬਾਨੀ ਨੂੰ ਯਾਦ ਕਰਦੀ ਹੈ। ਇਸ ਸੂਰਬੀਰ ਨੇ ਮਾਤ ਭੂਮੀ ਦੀ ਰੱਖਿਆ ਕਰਦਿਆਂ ਦੁਸ਼ਮਣ ਨਾਲ ਲੋਹਾ ਲੈਂਦੇ ਹੋਏ ਮਹਾਨ ਕੁਰਬਾਨੀ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ, ਉਨ੍ਹਾਂ ਦੀ ਯਾਦ ਵਿੱਚ ਸੂਬਾ ਸਰਕਾਰ ਨੇ ਮੁੱਲਾਪੁਰ ਚੌਂਕ ਤੋਂ ਟੀ-ਪੁਆਇੰਟ ਤੱਕ ਦੀ 200 ਫੁੱਟ ਚੌੜੀ ਸੜਕ ਦਾ ਨਾਂ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਮਾਰਗ' ਰੱਖਿਆ ਹੈ। ਉਨ੍ਹਾਂ ਦੱਸਿਆ, ਇਸੇ ਤਰ੍ਹਾਂ ਸੈਕਟਰ 5-ਏ ਬਲਾਕ ਦੇ ਪਾਰਕ ਦਾ ਨਾਂ ਉਨ੍ਹਾਂ ਦੀ ਯਾਦ ਅਤੇ ਕੁਰਬਾਨੀ ਨੂੰ ਸ਼ਰਧਾਂਜਲੀ ਵਜੋਂ 'ਸ਼ਹੀਦ ਕਰਨਲ ਮਨਪ੍ਰੀਤ ਸਿੰਘ ਪਾਰਕ' ਰੱਖਿਆ ਗਿਆ ਹੈ। ਪੰਜਾਬ ਦੇ ਇਸ ਬਹਾਦਰ ਪੁੱਤਰ, ਖਾਸ ਕਰਕੇ ਪਿੰਡ ਭੜੌਂਜੀਆ ਦੇ ਸਪੂਤ ਦੇ ਨਾਂ 'ਤੇ ਇਨ੍ਹਾਂ ਜਨਤਕ ਥਾਵਾਂ ਦੇ ਨਾਂ ਰੱਖ ਕੇ ਸੂਬਾ ਸਰਕਾਰ ਨੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਪਹਿਲਕਦਮੀ ਪੰਜਾਬ ਦੇ ਨੌਜਵਾਨਾਂ ਨੂੰ ਦੇਸ਼ ਦੀ ਨਿਸ਼ਕਾਮ ਸੇਵਾ ਲਈ ਪ੍ਰੇਰਿਤ ਕਰੇਗੀ। ਉਨ੍ਹਾਂ ਕਿਹਾ, ਮੈਨੂੰ ਉਮੀਦ ਹੈ ਕਿ ਇਸ ਨਾਲ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਜਵਾਨੀ ਨੂੰ ਦੇਸ਼ ਦੀ ਨਿਸ਼ਕਾਮ ਸੇਵਾ ਕਰਨ ਦੀ ਪ੍ਰੇਰਨਾ ਮਿਲੇਗੀ। ਸ਼ਹੀਦ ਕਰਨਲ ਮਨਪ੍ਰੀਤ ਸਿੰਘ ਦੀ ਬਹਾਦਰੀ, ਰਹਿਨੁਮਾਈ ਅਤੇ ਕੁਰਬਾਨੀ ਸਾਨੂੰ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ।

ਸ਼ਹੀਦ ਦੇ ਸੇਵਾ ਰਿਕਾਰਡ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ, ਸ਼ਹੀਦ ਕਰਨਲ ਮਨਪ੍ਰੀਤ ਸਿੰਘ 13 ਸਤੰਬਰ 2023 ਨੂੰ 19 ਰਾਸ਼ਟਰੀ ਰਾਈਫਲਜ਼ ਰੈਜੀਮੈਂਟ ਦੇ ਕਮਾਂਡਿੰਗ ਅਫ਼ਸਰ ਵਜੋਂ ਸੇਵਾ ਨਿਭਾਉਂਦੇ ਹੋਏ ਸ਼ਹੀਦ ਹੋਏ ਸਨ। ਕਰਨਲ ਮਨਪ੍ਰੀਤ ਸਿੰਘ ਨੇ ਜੰਮੂ-ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਵਿੱਚ ਅੱਤਵਾਦੀਆਂ ਨਾਲ ਮੁਕਾਬਲੇ ਦੌਰਾਨ ਬੇਮਿਸਾਲ ਦਲੇਰੀ ਦਾ ਪ੍ਰਦਰਸ਼ਨ ਕੀਤਾ ਅਤੇ ਦੇਸ਼ ਦੀ ਸੇਵਾ ਵਿੱਚ ਆਪਣੀ ਜਾਨ ਨਿਛਾਵਰ ਕਰ ਦਿੱਤੀ।

ਸ਼ਹੀਦ ਨੂੰ ਮਿਲੇ ਸਨਮਾਨ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਉਨ੍ਹਾਂ ਦੀ ਅਦੁੱਤੀ ਬਹਾਦਰੀ ਅਤੇ ਅਜ਼ੀਮ ਕੁਰਬਾਨੀ ਨੂੰ ਮਾਨਤਾ ਦਿੰਦੇ ਹੋਏ ਭਾਰਤ ਸਰਕਾਰ ਨੇ 15 ਅਗਸਤ 2024 ਨੂੰ ਉਨ੍ਹਾਂ ਨੂੰ ਮਰਨ ਉਪਰੰਤ ਦੇਸ਼ ਦੇ ਦੂਜੇ ਸਭ ਤੋਂ ਵੱਡੇ ਸ਼ਾਂਤੀ ਸਮੇਂ ਦੇ ਬਹਾਦਰੀ ਪੁਰਸਕਾਰ 'ਕੀਰਤੀ ਚੱਕਰ' ਨਾਲ ਸਨਮਾਨਿਤ ਕੀਤਾ ਸੀ। ਮੁੱਖ ਮੰਤਰੀ ਨੇ ਦੱਸਿਆ, ਕਰਨਲ ਮਨਪ੍ਰੀਤ ਸਿੰਘ ਦਾ ਜਨਮ 1982 ਵਿੱਚ ਪਿੰਡ ਭੜੌਂਜੀਆ ਵਿਖੇ ਹੋਇਆ ਸੀ ਅਤੇ ਉਨ੍ਹਾਂ ਨੇ ਆਪਣੀ ਮੁੱਢਲੀ ਤੇ ਉਚੇਰੀ ਸਿੱਖਿਆ ਮੋਹਾਲੀ ਅਤੇ ਚੰਡੀਗੜ੍ਹ ਤੋਂ ਪ੍ਰਾਪਤ ਕੀਤੀ ਸੀ। ਉਨ੍ਹਾਂ ਅੱਗੇ ਦੱਸਿਆ, ਆਪਣੇ ਪਿਤਾ ਦੇ ਪੂਰਨਿਆਂ 'ਤੇ ਚੱਲਦਿਆਂ ਉਹ 2005 ਵਿੱਚ ਭਾਰਤੀ ਫੌਜ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਭਰਤੀ ਹੋਏ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਉਨ੍ਹਾਂ ਦਾ ਬਹਾਦਰੀ, ਸਮਰਪਣ ਅਤੇ ਦੇਸ਼ ਪ੍ਰਤੀ ਨਿਸ਼ਕਾਮ ਸੇਵਾ ਭਰਿਆ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਬਣਿਆ ਰਹੇਗਾ। ਸੂਬਾ ਸਰਕਾਰ ਇਸ ਬਹਾਦਰ ਸਪੂਤ ਦੀ ਵਿਰਾਸਤ ਨੂੰ ਅਮਰ ਰੱਖਣ ਲਈ ਵਚਨਬੱਧ ਹੈ। ਸ਼ਹਾਦਤ ਦੇਣ ਵਾਲੇ ਜਵਾਨਾਂ ਦੇ ਪਰਿਵਾਰਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ, ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਵਿੱਚ ਹਥਿਆਰਬੰਦ ਸੈਨਾਵਾਂ, ਅਰਧ-ਸੈਨਿਕ ਬਲਾਂ, ਪੁਲਿਸ ਅਤੇ ਅਗਨੀਵੀਰਾਂ ਦੇ ਲਾਮਿਸਾਲ ਯੋਗਦਾਨ ਨੂੰ ਸਤਿਕਾਰ ਭੇਟ ਕਰਦਿਆਂ ਸੂਬਾ ਸਰਕਾਰ ਡਿਊਟੀ ਦੌਰਾਨ ਜਵਾਨ ਦੀ ਸ਼ਹਾਦਤ 'ਤੇ ਪਰਿਵਾਰ ਨੂੰ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੰਦੀ ਹੈ।

ਉਨ੍ਹਾਂ ਕਿਹਾ, ਇਹ ਹਥਿਆਰਬੰਦ ਸੈਨਾਵਾਂ, ਅਰਧ-ਸੈਨਿਕ ਬਲਾਂ ਅਤੇ ਪੁਲਿਸ ਦੇ ਜਵਾਨਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਅਨੁਸਾਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, ਸਰਕਾਰ ਦੀ ਇਹ ਨਿਮਾਣੀ ਜਿਹੀ ਪਹਿਲਕਦਮੀ ਇੱਕ ਪਾਸੇ ਪੀੜਤ ਪਰਿਵਾਰ ਦੀ ਮਦਦ ਕਰਨ ਅਤੇ ਦੂਜੇ ਪਾਸੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਇੱਕ ਹੋਰ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ, ਪੰਜਾਬ ਸਰਕਾਰ ਨੇ ਸੂਬੇ ਵਿੱਚ ਸਿੱਖਿਆ ਖੇਤਰ ਦੇ ਵਿਕਾਸ 'ਤੇ ਵਿਸ਼ੇਸ਼ ਜ਼ੋਰ ਦਿੱਤਾ ਹੈ। ਉਨ੍ਹਾਂ ਕਿਹਾ, ਸੂਬਾ ਸਰਕਾਰ ਦੇ ਸਾਂਝੇ ਯਤਨਾਂ ਕਰ ਕੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਦੇਖਣ ਨੂੰ ਮਿਲਿਆ ਹੈ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਸੂਬੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਜੇ.ਈ.ਈ., ਨੀਟ ਅਤੇ ਹੋਰ ਅਹਿਮ ਪ੍ਰੀਖਿਆਵਾਂ ਵਿੱਚ ਮੱਲਾਂ ਮਾਰ ਰਹੇ ਹਨ, ਜੋ ਸਾਡੇ ਲਈ ਤਸੱਲੀ ਵਾਲੀ ਗੱਲ ਹੈ। ਇਸ ਮੌਕੇ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਅਤੇ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

## ਕੌਮੀ ਲੋਕ ਅਦਾਲਤ ਵਿੱਚ 4070 ਕੇਸਾਂ ਦਾ ਨਿਪਟਾਰਾ, 18.28 ਕਰੋੜ ਰੁਪਏ ਤੋਂ ਵੱਧ ਦੇ ਅਵਾਰਡ ਪਾਸ



**ਮਲੇਰਕੋਟਲਾ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਲੇਰਕੋਟਲਾ ਜ਼ਿਲ੍ਹਾ ਅਦਾਲਤੀ ਕੰਪਲੈਕਸ ਵਿਖੇ ਸ਼ਨੀਵਾਰ ਨੂੰ ਲਗਾਈ ਗਈ ਕੌਮੀ ਲੋਕ ਅਦਾਲਤ ਵਿੱਚ ਵੱਖ-ਵੱਖ ਕਿਸਮ ਦੇ ਵਿਵਾਦਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਲੋਕ ਅਦਾਲਤ ਵਿੱਚ ਨਿਪਟਾਰੇ ਲਈ ਰੱਖੇ ਗਏ ਕੁੱਲ 8095 ਕੇਸਾਂ ਵਿੱਚੋਂ 4070 ਕੇਸਾਂ ਦਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ 18,28,30,002 ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਮਾਣਯੋਗ ਜਸਟਿਸ ਦੀਪਕ ਸਿਬਲ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਗਾਈ ਗਈ ਇਸ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮਾਲੇਰਕੋਟਲਾ ਸ੍ਰੀ ਅਰੁਣ ਗੁਪਤਾ ਨੇ ਕੀਤੀ, ਜਦਕਿ ਇਸ ਦੀ ਦੇਖ-ਰੇਖ ਡੀ.ਐੱਲ.ਐੱਸ.ਏ. ਦੇ ਸਕੱਤਰ ਸ੍ਰੀ ਆਸ਼ੀਸ਼ ਠਠਈ ਵੱਲੋਂ ਕੀਤੀ ਗਈ।

ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪੱਧਰ 'ਤੇ ਚਾਰ ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ। ਇਨ੍ਹਾਂ ਬੈਂਚਾਂ ਵਿੱਚ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੇ ਨਾਲ-ਨਾਲ ਪ੍ਰੀ-ਲਿਟੀਗੇਟਿਵ ਮਾਮਲੇ ਵੀ ਵਿਚਾਰੇ ਗਏ। ਸਮਝੌਤਾਯੋਗ ਫ਼ੌਜਦਾਰੀ ਮਾਮਲੇ, ਚੈੱਕ ਬਾਊਂਸ ਨਾਲ ਸਬੰਧਤ ਕੇਸ, ਪੈਸਿਆਂ ਦੀ ਵਸੂਲੀ, ਮੋਟਰ ਹਾਦਸਾ ਕਲੇਮ, ਵਿਆਹ ਸਬੰਧੀ ਵਿਵਾਦ, ਬਿਜਲੀ-ਪਾਣੀ ਦੇ ਬਿੱਲ, ਮਾਲੀਆ ਅਤੇ ਹੋਰ ਦੀਵਾਨੀ ਮਾਮਲੇ ਨਿਪਟਾਰੇ ਲਈ ਰੱਖੇ ਗਏ।

ਲੋਕ ਅਦਾਲਤ ਦੇ ਵੱਖ-ਵੱਖ ਬੈਂਚਾਂ ਦੀ ਪ੍ਰਧਾਨਗੀ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਪਰਮਿੰਦਰ ਸਿੰਘ ਗਰੇਵਾਲ, ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਸ੍ਰੀਮਤੀ ਤੇਜਿੰਦਰਪ੍ਰੀਤ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ) ਸ੍ਰੀ ਵਿਸ਼ਵ ਗੁਪਤਾ ਅਤੇ ਸਿਵਲ ਜੱਜ (ਜੂਨੀਅਰ ਡਵੀਜ਼ਨ) ਸ੍ਰੀਮਤੀ ਕਾਜਲ ਵੱਲੋਂ ਕੀਤੀ ਗਈ।

ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਅਰੁਣ ਗੁਪਤਾ ਨੇ ਕਿਹਾ ਕਿ ਲੋਕ ਅਦਾਲਤਾਂ ਵਿੱਚ ਲੋਕਾਂ ਦਾ ਉਤਸ਼ਾਹ ਇਸ ਗੱਲ ਦਾ ਪ੍ਰਤੀਕ ਹੈ ਕਿ ਆਪਸੀ ਸਹਿਮਤੀ ਨਾਲ ਵਿਵਾਦ ਸੁਲਝਾਉਣ ਪ੍ਰਤੀ ਜਾਗਰੂਕਤਾ ਵੱਧ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕ ਅਦਾਲਤ ਰਾਹੀਂ ਨਿਪਟਾਏ ਗਏ ਕੇਸਾਂ ਵਿੱਚ ਅਦਾ ਕੀਤੀ ਕੋਰਟ ਫੀਸ ਵਾਪਸ ਹੋ ਜਾਂਦੀ ਹੈ।

ਇਸ ਦੇ ਨਾਲ ਹੀ ਧਿਰਾਂ ਦੇ ਸਮੇਂ ਅਤੇ ਧਨ ਦੀ ਬੱਚਤ ਹੁੰਦੀ ਹੈ ਅਤੇ ਆਪਸੀ ਕੁੜੱਤਣ ਵੀ ਘੱਟ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਦਾ ਫ਼ੈਸਲਾ ਅੰਤਿਮ ਹੁੰਦਾ ਹੈ ਅਤੇ ਇਸ ਖ਼ਿਲਾਫ਼ ਅੱਗੇ ਅਪੀਲ ਨਹੀਂ ਹੁੰਦੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਛੇਤੀ, ਸੁਖਾਲੇ ਅਤੇ ਘੱਟ ਖਰਚੇ ਵਿੱਚ ਨਿਆਂ ਪ੍ਰਾਪਤ ਕਰਨ ਲਈ ਲੋਕ ਅਦਾਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

## ਪੰਜਾਬ ਗਤਕਾ ਐਸੋਸੀਏਸ਼ਨ ਵੱਲੋਂ ਪੰਜਾਬ ਦੀ ਗੱਤਕਾ ਟੀਮ ਦੇ ਹੋਏ ਚੋਣ ਟਰਾਇਲ



**ਮਾਛੀਵਾੜਾ ਸਾਹਿਬ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗਤਕਾ ਫੈਡਰੇਸ਼ਨ ਆਫ ਇੰਡੀਆ ਵੱਲੋਂ ਕਰਵਾਈ ਜਾ ਰਹੀ ਦਸਵੀਂ ਸੀਨੀਅਰ ਨੈਸ਼ਨਲ ਗਤਕਾ ਚੈਂਪੀਅਨਸ਼ਿਪ ਜੋ ਕਿ 29,30 ਸਤੰਬਰ ਅਤੇ 1 ਅਕਤੂਬਰ ਨੂੰ ਸ੍ਰੀਨਗਰ ਵਿਖੇ ਅਤੇ 15 ,16, 17 ਅਕਤੂਬਰ ਨੂੰ ਸਬ ਜੂਨੀਅਰ ਅਤੇ ਜੂਨੀਅਰ ਚੈਂਪੀਅਨਸ਼ਿਪ ਹਰਿਆਣੇ ਦੇ ਰਤੀਆ ਸ਼ਹਿਰ ਵਿਖੇ ਕਰਵਾਈ ਜਾ ਰਹੀ ਹੈ।

ਉਸ ਲਈ ਪੰਜਾਬ ਗਤਕਾ ਐਸੋਸੀਏਸ਼ਨ ਵੱਲੋਂ ਪੰਜਾਬ ਦੀ ਗਤਕਾ ਟੀਮ ਦੇ ਚੋਣ ਟਰਾਇਲ ਲਏ ਗਏ। ਇਹਨਾਂ ਚੋਣ ਟਰਾਇਲ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਗਤਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਅੱਜ ਮਾਛੀਵਾੜਾ ਸਾਹਿਬ ਵਿਖੇ ਹੋਏ ਇਨ੍ਹਾਂ ਚੋਣ ਟਰਾਇਲਾ ਵਿੱਚ 11ਵੀਂ ਪੰਜਾਬ ਰਾਜ ਗੱਤਕਾ ਚੈਂਪੀਅਨਸ਼ਿਪ ਦੇ 350 ਜੇਤੂ ਖਿਡਾਰੀਆਂ ਨੇ ਭਾਗ ਲਿਆ ਜਿਸ ਵਿੱਚ ਅੰਡਰ 11,14,17,19, 25 ਅਤੇ 30 ਉਮਰ ਵਰਗ ਦੇ ਖਿਡਾਰੀਆਂ ਦੀ ਚੋਣ ਕੀਤੀ ਗਈ। ਸਮਾਗਮ ਵਿੱਚ ਗਤਕਾ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ, ਗੁਰਚਰਨ ਸਿੰਘ ਗਰੇਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਰੂਪ ਵਿੱਚ ਸ਼ਿਰਕਤ ਕੀਤੀ ਗਈ। ਆਪਣੇ ਭਾਸ਼ਣ ਦੇ ਦੌਰਾਨ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਗਤਕਾ ਸਿੱਖਾਂ ਦੀ ਇੱਕ ਮਾਣਮਤੀ ਖੇਡ ਹੈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾ ਹੀ ਪੰਜਾਬ ਗਤਕਾ ਐਸੋਸੀਏਸ਼ਨ ਵੱਲੋਂ ਕੀਤੇ ਜਾਂਦੇ ਉਪਰਾਲਿਆਂ ਦੇ ਲਈ ਉਨ੍ਹਾਂ ਦਾ ਸਾਥ ਦਿੰਦੀ ਰਹੀ ਹੈ। ਪਰਮਜੀਤ ਸਿੰਘ ਢਿੱਲੋਂ ਇੰਚਾਰਜ ਹਲਕਾ ਸਮਰਾਲਾ ਨੇ ਵੀ ਖਿਡਾਰੀਆਂ ਨੂੰ ਸੰਬੋਧਨ ਕੀਤਾ।

## ਬਾਬੂ ਬ੍ਰਿਸ਼ ਭਾਨ ਜੀ ਦੀ 118ਵੀਂ ਜਯੰਤੀ ਦੇ ਮੌਕੇ ਡੀ.ਏ.ਵੀ. ਸਕੂਲ ਵਿੱਚ ਖ਼ੂਨਦਾਨ ਕੈਂਪ ਦਾ ਆਯੋਜਨ



**ਮੂਨਕ, 14 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਾਬੂ ਬ੍ਰਿਸ਼ ਭਾਨ ਡੀ. ਏ .ਵੀ. ਪਬਲਿਕ ਸਕੂਲ ,ਮੂਨਕ ਵਿੱਚ ਪ੍ਰਿੰਸੀਪਲ ਸ੍ਰੀ ਸੰਜੀਵ ਕੁਮਾਰ ਸ਼ਰਮਾ ਜੀ ਦੀ ਯੋਗ ਅਗਵਾਈ ਵਿੱਚ ਬਾਬੂ ਬ੍ਰਿਸ਼ ਭਾਨ ਜੀ ਦੀ 118ਵੀਂ ਜਯੰਤੀ ਦੇ ਪਾਵਨ ਮੌਕੇ 'ਤੇ 'ਮਨੁੱਖਤਾ ਦੀ ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਰਿਲਾਇੰਸ ਗਰੁੱਪ ਦੇ ਵਾਈਸ ਪ੍ਰੈਜ਼ੀਡੈਂਟ ਅਤੇ ਐਲ .ਐਮ.ਸੀ ਦੇ ਮੈਂਬਰ ਸ਼੍ਰੀ ਦੀਪਕ ਗਰਗ ਦੁਆਰਾ ਕੀਤਾ ਗਿਆ। ਇਸ ਮੌਕੇ ਉੱਤੇ ਮੁੱਖ ਵਿਸ਼ੇਸ਼ ਮਹਿਮਾਨ ਸ਼੍ਰੀ ਵਿਕਾਸ ਗਰਗ ਅਤੇ ਪ੍ਰਸਿੱਧ ਆਰਕੀਟੈਕਟ ਸ੍ਰੀਮਤੀ ਸਪਨਾ ਮਿੱਤਲ ਵੀ ਮੌਜੂਦ ਸੀ। ਇਨ੍ਹਾਂ ਮਹਿਮਾਨਾਂ ਦੀ ਮੌਜੂਦਗੀ ਨੇ ਕੈਂਪ ਦੀ ਸ਼ੋਭਾ ਵਧਾਈ ।ਰਾਜਿੰਦਰਾ ਹਸਪਤਾਲ ਪਟਿਆਲਾ ਦੇ ਡਾਕਟਰ ਮਰਿਆਦਾ ਅਤੇ ਡਾਕਟਰ ਵਿਸ਼ਾਲੀ ਦੀ ਅਗਵਾਈ ਵਿੱਚ ਉਹਨਾਂ ਦੀ ਵਿਸ਼ੇਸ਼ ਟੀਮ ਨੇ ਸਕੂਲ ਦਾ ਦੌਰਾ ਕੀਤਾ। ਡਾਕਟਰਾਂ ਦੀ ਟੀਮ ਨੇ ਇਹ ਨਿਸ਼ਚਿਤ ਕੀਤਾ ਕਿ ਕੈਂਪ ਵਿੱਚ ਖ਼ੂਨਦਾਨ ਦੀ ਪ੍ਰਕਿਰਿਆ ਪੂਰੀ ਸੁਰੱਖਿਅਤ ਅਤੇ ਵਧੀਆ ਤਰੀਕੇ ਦੇ ਨਾਲ ਪੂਰੀ ਕੀਤੀ ਜਾਵੇ।ਇਸ ਕੈਂਪ ਵਿੱਚ ਲੋਕਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸਾਰਿਆਂ ਦੇ ਸਹਿਯੋਗ ਨਾਲ 204ਯੂਨਿਟ ਖ਼ੂਨ ਇਕੱਠਾ ਕਰਕੇ ਕੈਂਪ ਨੂੰ ਸਫਲ ਬਣਾਇਆ। ਸਕੂਲ ਦੇ ਪ੍ਰਿੰਸੀਪਲ, ਅਧਿਆਪਕਾਂ ਅਤੇ ਸਟਾਫ਼ ਵੱਲੋਂ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ ਗਿਆ। ਮੁੱਖ ਮਹਿਮਾਨ ਨੇ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸਮਾਜ ਸੇਵਾ ਹੈ। ਸਾਡੇ ਵੱਲੋਂ ਕੀਤਾ ਗਿਆ ਖ਼ੂਨਦਾਨ ਕਿਸੇ ਲੋੜਵੰਦ ਵਿਅਕਤੀ ਦੀ ਜ਼ਿੰਦਗੀ ਬਚਾਉਣ ਵਿੱਚ ਸਹਾਇਕ ਹੋ ਸਕਦਾ ਹੈ।

ਕੈਂਪ ਦੌਰਾਨ ਮੈਡੀਕਲ ਟੀਮ ਵੱਲੋਂ ਖ਼ੂਨਦਾਨ ਕਰਨ ਵਾਲੇ ਵਿਅਕਤੀਆਂ ਦੀ ਲੋੜੀਂਦੀ ਸਿਹਤ ਜਾਂਚ ਕੀਤੀ ਗਈ ਅਤੇ ਸਾਰੀਆਂ ਜ਼ਰੂਰੀ ਸਾਵਧਾਨੀਆਂ ਦਾ ਪਾਲਣ ਕਰਦਿਆਂ ਖ਼ੂਨ ਇਕੱਤਰ ਕੀਤਾ ਗਿਆ। ਸਕੂਲ ਦੇ ਅਧਿਆਪਕਾਂ, ਕਰਮਚਾਰੀਆਂ, ਮਾਪਿਆਂ ਅਤੇ ਸਮਾਜ ਸੇਵੀ ਵਿਅਕਤੀਆਂ ਨੇ ਉਤਸ਼ਾਹ ਨਾਲ ਖ਼ੂਨਦਾਨ ਕਰਕੇ ਇਸ ਨੇਕ ਕਾਰਜ ਵਿੱਚ ਆਪਣਾ ਯੋਗਦਾਨ ਪਾਇਆ। ਇਸ ਮੌਕੇ ਬਾਬੂ ਬ੍ਰਿਸ਼ ਭਾਨ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਉੱਚੇ ਆਦਰਸ਼ਾਂ ਨੂੰ ਯਾਦ ਕਰਦਿਆਂ ਸੇਵਾ, ਤਿਆਗ, ਪਰਉਪਕਾਰ ਅਤੇ ਮਨੁੱਖਤਾ ਦਾ ਸੰਦੇਸ਼ ਦਿੱਤਾ ਗਿਆ। ਸਕੂਲ ਦੇ ਪ੍ਰਿੰਸੀਪਲ ਨੇ ਮੁੱਖ ਮਹਿਮਾਨ, ਮੈਡੀਕਲ ਟੀਮ, ਖ਼ੂਨਦਾਨੀਆਂ ਅਤੇ ਕੈਂਪ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਮਾਤਾ ਇੰਦਰਜੀਤ ਕੌਰ ਹੈਰੀ ਦੀ ਅੰਤਿਮ ਅਰਦਾਸ 'ਚ ਉਮੜਿਆ ਸਿਆਸੀ, ਧਾਰਮਿਕ ਤੇ ਸਮਾਜਿਕ ਜਗਤ; ਨਾਇਬ ਸਿੰਘ ਸੈਣੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਦਿੱਤੀ ਸ਼ਰਧਾਂਜਲੀ, ਡਾ. ਪ੍ਰਬਲੀਨ ਸਿੰਘ ਨਾਲ ਪਗੜੀ ਦੀ ਰਸਮ ਅਦਾ

## ਮਾਤਾ ਜੀ ਆਉਣ ਵਾਲੀਆਂ ਪੀੜ੍ਹੀਆਂ ਲਈ ਮਹਾਨ ਵਿਸ਼ਵਕੋਸ਼ ਸਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ; ਡਾ. ਪ੍ਰਬਲੀਨ ਸਿੰਘ ਤੇ ਦਰਦੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ





























**ਪਟਿਆਲਾ, 14 ਸਤੰਬਰ**
**-ਗੁਰਮੀਤ ਸਿੰਘ ਤੁੰਗ-**

ਸ਼ਹੀਦ-ਏ-ਆਜ਼ਮ ਮੀਡੀਆ ਗਰੁੱਪ ਦੇ ਚੇਅਰਮੈਨ ਚੌਧਰੀ ਪ੍ਰਭਜੀਤ ਸਿੰਘ, ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ ਦੇ ਭੈਣ ਜੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਓਐਸਡੀ ਡਾ. ਪ੍ਰਬਲੀਨ ਸਿੰਘ ਦੀ ਮਾਤਾ ਜੀ ਸ੍ਰੀਮਤੀ ਇੰਦਰਜੀਤ ਕੌਰ ਹੈਰੀ (ਪਤਨੀ ਸਵਰਗੀ ਸ. ਹਰਮਿੰਦਰ ਸਿੰਘ ਹੈਰੀ) ਦੇ 9 ਸਤੰਬਰ ਦਿਨ ਬੁੱਧਵਾਰ ਨੂੰ ਅਕਾਲ ਚਲਾਣੇ ਨਮਿਤ ਗੁਰਦੁਆਰਾ ਸ੍ਰੀ ਨੌਵੀਂ ਪਾਤਸ਼ਾਹੀ ਮੋਤੀ ਬਾਗ ਸਾਹਿਬ, ਪਟਿਆਲਾ ਵਿਖੇ ਬੀਤੇ ਦਿਨ ਅੰਤਿਮ ਅਰਦਾਸ ਕੀਤੀ ਗਈ। ਇਸ ਮੌਕੇ ਪੰਜਾਬ, ਹਰਿਆਣਾ ਸਮੇਤ ਵੱਖ-ਵੱਖ ਰਾਜਾਂ ਤੋਂ ਵੱਡੀ ਗਿਣਤੀ ਵਿੱਚ ਪਹੁੰਚੀਆਂ ਪੰਥਕ, ਧਾਰਮਿਕ, ਰਾਜਨੀਤਿਕ, ਸਮਾਜਿਕ ਅਤੇ ਸਾਹਿਤਕ ਸ਼ਖ਼ਸੀਅਤਾਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਦੁਖੀ ਪਰਿਵਾਰ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ। ਅੰਤਿਮ ਅਰਦਾਸ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਨੇ ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਅਤੇ ਡਾ. ਪ੍ਰਬਲੀਨ ਸਿੰਘ ਸਮੇਤ ਸਮੁੱਚੇ ਪਰਿਵਾਰ ਨਾਲ ਮੁਲਾਕਾਤ ਕਰਕੇ ਦੁੱਖ ਦੀ ਇਸ ਘੜੀ ਵਿੱਚ ਹੌਸਲਾ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਮਾਤਾ ਦਾ ਵਿਛੋੜਾ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੁੰਦਾ ਹੈ। ਉਨ੍ਹਾਂ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।\

**ਮਾਤਾ ਇੰਦਰਜੀਤ ਕੌਰ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਮਹਾਨ ਵਿਸ਼ਵਕੋਸ਼ ਦੱਸਿਆ:**

ਇਸ ਮੌਕੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਯਾਦ ਕਰਦਿਆਂ ਕਿਹਾ ਕਿ ਮਾਤਾ ਜੀ ਨੂੰ ਆਉਣ ਵਾਲੀ ਪੀੜ੍ਹੀ ਲਈ ਇੱਕ ਮਹਾਨ ਵਿਸ਼ਵਕੋਸ਼ ਵਜੋਂ ਦੇਖਿਆ ਜਾ ਸਕਦਾ ਹੈ। ਉਨ੍ਹਾਂ ਨੇ ਆਪਣਾ ਜੀਵਨ ਗਿਆਨ, ਸਾਹਿਤ ਅਤੇ ਪੜ੍ਹਨ-ਲਿਖਣ ਨਾਲ ਜੋੜ ਕੇ ਬਹੁਤ ਸਾਰੀਆਂ ਕਿਤਾਬਾਂ ਪੜ੍ਹੀਆਂ ਅਤੇ ਲਿਖੀਆਂ। ਉਨ੍ਹਾਂ ਦੇ ਗਿਆਨ, ਅਧਿਐਨ ਅਤੇ ਵਿਸ਼ਵਕੋਸ਼ੀ ਕੰਮ ਨੇ ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਮਹੱਤਵਪੂਰਨ ਵਿਰਾਸਤ ਛੱਡੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਹਰ ਘਰ ਅੰਦਰ ਬਜ਼ੁਰਗਾਂ ਦੀ ਮੌਜੂਦਗੀ ਦੀ ਮਹੱਤਤਾ ਮਹਿਸੂਸ ਹੁੰਦੀ ਹੈ। ਖਾਸ ਕਰਕੇ ਮਾਂ ਦਾ ਰਿਸ਼ਤਾ ਪਰਿਵਾਰ ਲਈ ਬਹੁਤ ਹੀ ਅਹਿਮ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਬਜ਼ੁਰਗਾਂ ਦੀ ਸੇਵਾ ਕਰਨੀ ਚਾਹੀਦੀ ਹੈ, ਕਿਉਂਕਿ ਬਜ਼ੁਰਗਾਂ ਦੀ ਸੇਵਾ ਵਿੱਚ ਹੀ ਰੱਬ ਦੀ ਸੇਵਾ ਹੈ। ਉਨ੍ਹਾਂ ਨੇ ਕਿਹਾ ਕਿ ਸਮੁੱਚੇ ਪਰਿਵਾਰ ਲਈ ਇਹ ਬਹੁਤ ਦੁੱਖ ਅਤੇ ਦਰਦ ਦਾ ਸਮਾਂ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਸਾਰਾ ਸਮਾਜ ਪਰਿਵਾਰ ਦੇ ਨਾਲ ਖੜ੍ਹਾ ਹੈ।

**ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਜਗਤ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ:**

ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦੀ ਅੰਤਿਮ ਅਰਦਾਸ ਵਿੱਚ ਪੰਜਾਬ ਅਤੇ ਹਰਿਆਣਾ ਸਮੇਤ ਹੋਰਨਾਂ ਰਾਜਾਂ ਤੋਂ ਵੱਡੀ ਗਿਣਤੀ ਵਿੱਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਵੀਰ ਸਿੰਘ, ਨਿਊਜ਼ ਪੇਪਰ ਪਬਲਿਸ਼ਰ ਐਸੋਸੀਏਸ਼ਨ ਅਤੇ ਪ੍ਰੈਸ ਕੀ ਤਾਕਤ ਅਖ਼ਬਾਰ ਸਮੂਹ ਦੇ ਚੇਅਰਮੈਨ ਸ਼ਿਵ ਨਾਰਾਇਣ ਜਾਂਗੜਾ, ਸਾਬਕਾ ਜਥੇਦਾਰ ਗਿਆਨੀ ਰਘਵੀਰ ਸਿੰਘ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਜੀਤ ਸਿੰਘ ਝੀਂਡਾ, ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ, ਸਾਬਕਾ ਵਾਈਸ ਚਾਂਸਲਰ ਡਾ. ਜਸਪਾਲ ਸਿੰਘ, ਸਾਬਕਾ ਸੰਸਦ ਮੈਂਬਰ ਤਰਲੋਚਨ ਸਿੰਘ ਅਤੇ ਹਰਿਆਣਾ ਦੇ ਮੁੱਖ ਮੰਤਰੀ ਦੇ ਓਐਸਡੀ ਵਿਵੇਕ ਕਾਲੀਆ ਸਮੇਤ ਕਈ ਆਗੂ ਮੌਜੂਦ ਰਹੇ। ਇਸ ਤੋਂ ਇਲਾਵਾ ਹਰਜਿੰਦਰ ਫੋਗਾਟ, ਡਾ. ਰਾਜ ਨਹਿਰੂ, ਵਰਿੰਦਰ ਸਿੰਘ ਖਾਲਸਾ, ਪਟਿਆਲਾ ਦੇ ਐਮ ਐਲ ਏ ਅਜੀਤ ਪਾਲ ਸਿੰਘ ਕੋਹਲੀ, ਵਿਧਾਇਕ ਦੇਵ ਮਾਨ, ਪ੍ਰਸਿੱਧ ਅਦਾਕਾਰ ਬੀਨੂੰ ਢਿੱਲੋਂ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸਾਬਕਾ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ, ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਮੇਲ ਸਿੰਘ, ਪ੍ਰਕਾਸ਼ ਸਿੰਘ ਸਾਹੂਵਾਲਾ, ਕਰਮਜੀਤ ਸਿੰਘ ਫਤਿਹਾਬਾਦ ਅਤੇ ਇਕਬਾਲ ਸਿੰਘ ਖੋਖਰ ਨੇ ਵੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਧਾਰਮਿਕ ਖੇਤਰ ਤੋਂ ਬਾਬਾ ਨਿੰਦਰ ਸਿੰਘ, ਬਾਬਾ ਰਾਜ ਸਿੰਘ ਕਾਲਝਰਾਣੀ, ਬਾਬਾ ਨੌ ਨਿਹਾਲ ਸਿੰਘ, ਚਰਨਜੀਤ ਸਿੰਘ ਬਰਾੜ, ਸੰਤ ਸ਼ਮਸ਼ੇਰ ਸਿੰਘ ਸਰਦੂਲਗੜ੍ਹ, ਵਰਿੰਦਰ ਸਿੰਘ ਵਾਲੀਆ, ਐਸਜੀਪੀਸੀ ਮੈਂਬਰ ਕੁਲਦੀਪ ਕੌਰ ਟੌਹੜਾ, ਹਰਿੰਦਰ ਪਾਲ ਸਿੰਘ ਟੌਹੜਾ, ਬਾਬਾ ਗੁਰਮੀਤ ਸਿੰਘ ਕਾਰ ਸੇਵਾ ਸ਼ਾਹਬਾਦ, ਸਿੱਖ ਬੁੱਧੀਜੀਵੀ ਪ੍ਰੋ. ਬਲਕਾਰ ਸਿੰਘ ਅਤੇ ਨੀਲਧਾਰੀ ਸੰਪਰਦਾ ਦੇ ਨੁਮਾਇੰਦੇ ਵੀ ਹਾਜ਼ਰ ਸਨ।

**ਸਿੱਖ ਸੰਸਥਾਵਾਂ, ਯੂਨੀਵਰਸਿਟੀਆਂ ਅਤੇ ਸਮਾਜਿਕ ਜਗਤ ਦੇ ਨੁਮਾਇੰਦੇ ਵੀ ਪਹੁੰਚੇ:**

ਇਸ ਮੌਕੇ ਹਿੰਦੂ ਤਖ਼ਤ ਦੇ ਮੁਖੀ ਬ੍ਰਹਮਾਨੰਦ ਗਿਰੀ ਜੀ, ਮਹੰਤ ਕਰਮਜੀਤ ਸਿੰਘ, ਸਾਬਕਾ ਚੇਅਰਮੈਨ ਸੁਖਜੀਤ ਸਿੰਘ ਅਬਲੋਵਾਲ, ਪ੍ਰੋ. ਓਂਕਾਰ ਸਿੰਘ, ਵਾਈਸ ਚਾਂਸਲਰ ਡਾ. ਸਰਬਜਿੰਦਰ ਸਿੰਘ, ਸੰਜੀਵ ਸ਼ਰਮਾ ਬਿੱਟੂ, ਸਤਵੀਰ ਸਿੰਘ ਖੱਟੜਾ, ਗੁਰਜੀਤ ਸਿੰਘ ਕੋਹਲੀ, ਮਨਿੰਦਰ ਸਿੰਘ ਸੈਣੀ, ਏਡੀਸੀ ਟੂ ਸੀਐਮ ਹਰਿਆਣਾ, ਜਸਵੀਰ ਸਿੰਘ ਗੁਲਾਟੀ, ਐਸਡੀਸੀਐਮ ਹਰਿਆਣਾ ਕਰਨ, ਪ੍ਰਿਤਪਾਲ ਸਿੰਘ ਪੰਨੂ, ਅਵਿਸ਼ੇਕ ਬਿਜ, ਜਸਵੀਰ ਸਿੰਘ ਕਹੋਟਾ, ਪ੍ਰਧਾਨ ਪਠਾਰ ਐਸੋਸੀਏਸ਼ਨ, ਹਰਪ੍ਰੀਤ ਸਿੰਘ ਸਾਹਨੀ, ਪੰਜਾਬੀ ਕਲਾਕਾਰ ਪੰਮੀ ਬਾਈ, ਡਾ. ਮਨਮੋਹਨ ਸਿੰਘ ਅਤੇ ਡਾ. ਗੁਰਮੋਨ ਸਿੰਘ ਵਾਲੀਆ ਸਮੇਤ ਕਈ ਪ੍ਰਮੁੱਖ ਹਸਤੀਆਂ ਮੌਜੂਦ ਰਹੀਆਂ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਮੈਂਬਰ ਪਰਮਜੀਤ ਸਿੰਘ ਖੁਰਾਣਾ, ਇਸਤਰੀ ਵਿੰਗ ਦੀ ਪ੍ਰਧਾਨ ਬਖ਼ਸ਼ੀ ਮਨਦੀਪ ਕੌਰ, ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ, ਪੰਜਾਬ ਦੇ ਸਪੈਸ਼ਲ ਡੀਜੀਪੀ ਏ.ਐਸ. ਰਾਏ, ਵਿਧਾਇਕ ਕਮਲਜੀਤ ਸਿੰਘ ਅਜਰਾਣਾ, ਸਰਦਾਰ ਸਤਪਾਲ ਸਿੰਘ ਲਾਡਵਾ, ਸੁਖਦਰਸ਼ਨ ਸਿੰਘ, ਤੇਜਿੰਦਰ ਪਾਲ ਸਿੰਘ ਸੰਧੂ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇਜਿੰਦਰ ਮਹਿਤਾ, ਭਾਜਪਾ ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਗਰਗ ਕੁਕਾ, ਸਾਬਕਾ ਮੇਅਰ ਅਮਰਿੰਦਰ ਸਿੰਘ ਬਜਾਜ, ਮੁੱਖ ਮੰਤਰੀ ਦੇ ਓਐਸਡੀ ਸ੍ਰੀ ਦੀਪਕ, ਹਰਿਆਣਾ ਸਟੇਟ ਰੈਗੂਲੇਟਰੀ ਕਮਿਸ਼ਨ ਦੇ ਮੈਂਬਰ ਮੁਕੇਸ਼ ਗਰਗ ਅਤੇ ਬੜੂ ਸਾਹਿਬ ਟਰੱਸਟ ਦੀ ਚੇਅਰਮੈਨ ਡਾ. ਨੀਲਮ ਨੇ ਵੀ ਸ਼ਮੂਲੀਅਤ ਕੀਤੀ। ਇਸੇ ਤਰ੍ਹਾਂ ਪ੍ਰਸਿੱਧ ਅਦਾਕਾਰ ਗੁਰਪ੍ਰੀਤ ਸਿੰਘ ਘੁੱਗੀ, ਪੰਜਾਬੀ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਜਗਦੀਪ ਸਿੰਘ, ਸਤਵਿੰਦਰ ਸਿੰਘ, ਅੰਮ੍ਰਿਤ ਪਾਲ ਸਿੰਘ, ਹਰਪ੍ਰੀਤ ਸਿੰਘ ਦਰਦੀ, ਗੁਰਮੇਲ ਸਿੰਘ, ਕੁਲਦੀਪ ਕੌਰ ਟੌਹੜਾ, ਹਰਿੰਦਰ ਪਾਲ ਸਿੰਘ ਟੌਹੜਾ, ਬਾਬਾ ਗੁਰਮੀਤ ਸਿੰਘ ਕਾਰ ਸੇਵਾ ਸ਼ਾਹਬਾਦ ਅਤੇ ਹੋਰ ਧਾਰਮਿਕ ਤੇ ਸਮਾਜਿਕ ਆਗੂ ਵੀ ਪਰਿਵਾਰ ਦੇ ਦੁੱਖ ਵਿੱਚ ਸ਼ਾਮਲ ਹੋਏ।

**ਰਾਜਾ ਵੜਿੰਗ ਅਤੇ ਗੁਰਮੀਤ ਸਿੰਘ ਖੁੱਡੀਆਂ ਨੇ ਵੀ ਪ੍ਰਗਟਾਇਆ ਅਫ਼ਸੋਸ:**

ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦੇ ਅਕਾਲ ਚਲਾਣੇ 'ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਵੀ ਡਾ. ਪ੍ਰਬਲੀਨ ਸਿੰਘ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਮਾਤਾ ਜੀ ਦੇ ਵਿਛੋੜੇ 'ਤੇ ਡੂੰਘਾ ਅਫ਼ਸੋਸ ਪ੍ਰਗਟਾਇਆ। ਉਨ੍ਹਾਂ ਨੇ ਦੁਖੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਪਰਮਾਤਮਾ ਅੱਗੇ ਵਿਛੜੀ ਰੂਹ ਦੀ ਸ਼ਾਂਤੀ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਦੀ ਅਰਦਾਸ ਕੀਤੀ। ਧਾਰਮਿਕ, ਸਮਾਜਿਕ, ਰਾਜਨੀਤਿਕ, ਮੰਨੀਆਂ ਪ੍ਰਮੰਨਿਆ ਸ਼ਖਸੀਅਤਾਂ ਅਤੇ ਪਰਵਾਰਿਕ ਮੈਂਬਰਾਂ ਦੀ ਹਾਜ਼ਰੀ ਵਿੱਚ ਡਾ. ਪ੍ਰਭਲੀਨ ਸਿੰਘ ਨਾਲ ਪਗੜੀ ਦੀ ਰਸਮ ਵੀ ਅਦਾ ਕੀਤੀ ਗਈ। ਅੰਤਿਮ ਅਰਦਾਸ ਦੌਰਾਨ ਗੁਰਦੁਆਰਾ ਸਾਹਿਬ ਦਾ ਮਾਹੌਲ ਗਮਗੀਨ ਰਿਹਾ। ਵੱਖ-ਵੱਖ ਖੇਤਰਾਂ ਦੀਆਂ ਸ਼ਖ਼ਸੀਅਤਾਂ ਵੱਲੋਂ ਮਾਤਾ ਇੰਦਰਜੀਤ ਕੌਰ ਹੈਰੀ ਦੇ ਜੀਵਨ, ਉਨ੍ਹਾਂ ਦੀ ਸਾਦਗੀ, ਗਿਆਨ ਅਤੇ ਪਰਿਵਾਰ ਪ੍ਰਤੀ ਸਮਰਪਣ ਨੂੰ ਯਾਦ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਗਤ ਨੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕਰਦਿਆਂ ਦਰਦੀ ਪਰਿਵਾਰ ਨਾਲ ਆਪਣੀ ਡੂੰਘੀ ਹਮਦਰਦੀ ਪ੍ਰਗਟ ਕੀਤੀ।